@Qpatrika
@qaumipatrika punjabi
instagram.com/ qaumipatrika

Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

Qaumi Patrika NO.1

Punjabi National Daily

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Friday, 9 May 2025

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਸ਼ੁੱਕਰਵਾਰ 9 ਮਈ 2025, 26 ਵੈਸਾਖ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81— ਸੰਪਾਦਕ — ਗੁਰਚਰਨ ਸਿੰਘ ਬੱਬਰ — ਸਾਲ — 43, ਅੰਕ 178, qpatrika@gmail.com ਫੋਨ : 9971359517 www.qaumipatrika.org

# ਪਾਕਿਸਤਾਨ ’ਤੇ ਭਾਰਤ ਦਾ ਜਵਾਬੀ ਹਮਲਾ ਲਾਹੌਰ ’ਚ ਕੀਤੇ ਡਰੋਨ ਹਮਲੇ

**ਸਿੰਮੀ ਕੌਰ ਬੱਬਰ**

ਲਾਹੌਰ 8 ਮਈ। ਭਾਰਤ ਉੱਤੇ ਪਾਕਿਸਤਾਨ ਦੇ ਡਰੋਨ ਹਮਲਿਆਂ ਤੋਂ ਬਾਅਦ ਭਾਰਤ ਨੇ ਵੀ ਪਾਕਿਸਤਾਨ ਉੱਤੇ ਜਵਾਬੀ ਹਮਲੇ ਸ਼ੁਰੂ ਕਰ ਦਿੱਤੇ ਹਨ। ਇਸ ਦੌਰਾਨ ਜਾਣਕਾਰੀ ਸਾਹਮਣੇ ਆ ਰਹੀ ਹੈ ਭਾਰਤ ਨੇ ਪੰਜਾਬ ਦੇ ਲਾਹੌਰ ਉੱਤੇ ਡਰੋਨ ਹਮਲੇ ਕਰਨੇ ਸ਼ੁਰੂ ਕਰ ਦਿੱਤੇ ਹਨ। ਇਸ ਦੇ ਨਾਲ ਹੀ ਭਾਰਤ ਵੱਲੋਂ ਪਾਕਿਸਤਾਨ ਉਤੇ ਮਿਜ਼ਾਇਲ ਦਾਗੇ ਜਾਣ ਦੀਆਂ ਖਬਰਾਂ ਸਾਹਮਣੇ ਆ ਰਹੀਆਂ ਹਨ। ਭਾਰਤ ਪਾਕਿਸਤਾਨ ਵਿਚਾਲੇ ਜੰਗ ਦਾ ਮਾਹੌਲ ਬਣ ਗਿਆ ਹੈ। ਪਾਕਿਸਤਾਨ ਵੱਲੋਂ ਇਸ ਦੌਰਾਨ ਜੰਮੂ ਤੇ ਪਠਾਨਕੋਟ ਵਿਚ ਹਮਲੇ ਹੋਣ ਦੀਆਂ ਖਬਰਾਂ ਸਾਹਮਣੇ ਆ ਰਹੀਆਂ ਹਨ। ਇਸ ਦੌਰਾਨ ਇਹ ਵੀ ਜਾਣਕਾਰੀ ਸਾਹਮਣੇ ਆਈ ਹੈ ਕਿ ਭਾਰਤੀ ਡਿਫੈਂਸ ਸਿਸਟਮ ਪੂਰੀ ਤਰ੍ਹਾਂ ਐਕਟਿਵ ਹੈ। ਦੱਸ ਦਈਏ ਕਿ ਜੰਮੂ ਕਸ਼ਮੀਰ ਤੇ ਪਠਾਨਕੋਟ ਦੇ ਏਅਰਬੇਸ ਉੱਤੇ ਡਰੋਨ ਹਮਲਾ ਹੋਣ ਦੀਆਂ ਖਬਰਾਂ ਸਾਹਮਣੇ ਆ ਰਹੀਆਂ ਹਨ। ਇਸ ਦੌਰਾਨ ਟੀਵੀ ਉੱਤੇ ਚੱਲ ਰਹੀਆਂ ਖਬਰਾਂ ਵਿਚ ਇਹ ਵੀ ਜਾਣਕਾਰੀ ਸਾਹਮਣੇ ਇਨ੍ਹਾਂ ਸਾਰੇ ਪਾਕਿਸਤਾਨੀ ਡਰੋਨਾਂ ਨੂੰ ਰੂਸੀ ਡਿਫੈਂਸ ਸਿਸਟਮ ਐੱਸ 400 ਨਾਲ ਤਬਾਹ ਕਰ ਦਿੱਤਾ ਗਿਆ ਹੈ। ਦੱਸ ਦਈਏ ਕਿ ਇਸ ਤੋਂ ਪਹਿਲਾਂ ਜੰਮੂ ਹਵਾਈ ਪੱਟੀ ’ਤੇ ਰਾਕੇਟ ਦਾਗਿਆ ਗਿਆ ਹੈ, ਭਾਰਤ ਅਤੇ ਪਾਕਿਸਤਾਨ ਹੁਣ ਜੰਗ ਦੇ ਕੰਢੇ ’ਤੇ ਖੜ੍ਹੇ ਹਨ। ਸਾਂਬਾ ਵਿੱਚ ਪਾਕਿਸਤਾਨ ਵਾਲੇ ਪਾਸਿਓਂ ਭਾਰੀ ਗੋਲਾਬਾਰੀ ਹੋ ਰਹੀ ਹੈ। ਇਸ ਦੇ ਮੱਦੇਨਜ਼ਰ, ਜੰਮੂ ਦੇ ਆਰਐਸ ਪੁਰਾ ਇਲਾਕੇ ਵਿੱਚ ਬਲੈਕਆਊਟ ਲਗਾ ਦਿੱਤਾ ਗਿਆ ਹੈ, ਇੱਥੇ ਸਾਇਰਨ ਵੱਜ ਰਹੇ ਹਨ। ਜੰਮੂ ਸ਼ਹਿਰ ਵਿੱਚ ਮੋਬਾਈਲ ਨੈੱਟਵਰਕ ਕੰਮ ਨਹੀਂ ਕਰ ਰਹੇ ਹਨ। ਸਤਵਾਰੀ ਕੈਂਪ ’ਤੇ ਹਮਲੇ ਦੀ ਖ਼ਬਰ ਹੈ। ਦੂਜੇ ਪਾਸੇ, ਕੁਪਵਾੜਾ ਵਿੱਚ ਵੀ ਭਾਰੀ ਗੋਲਾਬਾਰੀ ਹੋਈ ਹੈ। ਤੁਹਾਨੂੰ ਦੱਸ ਦੇਈਏ ਕਿ 7-8 ਮਈ ਦੀ ਰਾਤ ਨੂੰ ਪਾਕਿਸਤਾਨ ਨੇ ਡਰੋਨ ਅਤੇ ਮਿਜ਼ਾਈਲਾਂ ਰਾਹੀਂ ਲੁਧਿਆਣਾ, ਚੰਡੀਗੜ੍ਹ ਅਤੇ ਅੰਮ੍ਰਿਤਸਰ ਸਮੇਤ ਭਾਰਤ ਦੇ 15 ਸ਼ਹਿਰਾਂ ’ਤੇ ਹਮਲਾ ਕਰਨ ਦੀ ਕੋਸ਼ਿਸ਼ ਕੀਤੀ ਸੀ। ਪਰ ਭਾਰਤ ਨੇ ਇਸ ਕੋਸ਼ਿਸ਼ ਨੂੰ ਅਸਫਲ ਕਰ ਦਿੱਤਾ ਸੀ। ਕਈ ਫੌਜੀ ਅਦਾਰਿਆਂ ਨੂੰ ਨਿਸ਼ਾਨਾ ਬਣਾਇਆ ਗਿਆ। ਭਾਰਤ ਅਤੇ ਪਾਕਿ ਵਿਚਾਲੇ ਤਣਾਅ ਸਿਖਰ ’ਤੇ ਹੈ। ਜਾਣਕਾਰੀ ਅਨੁਸਾਰ ਜੰਮੂ ਹਵਾਈ ਪੱਟੀ ’ਤੇ ਰਾਕੇਟ ਦਾਗਿਆ ਗਿਆ ਹੈ, ਭਾਰਤ ਅਤੇ ਪਾਕਿਸਤਾਨ ਹੁਣ ਜੰਗ ਦੇ ਕੰਢੇ ’ਤੇ ਖੜ੍ਹੇ ਹਨ। ਸਾਂਬਾ ਵਿੱਚ ਪਾਕਿਸਤਾਨ ਵਾਲੇ ਪਾਸਿਓਂ ਭਾਰੀ ਗੋਲਾਬਾਰੀ ਹੋ ਰਹੀ ਹੈ। ਜਿਸ ਦੇ ਚੱਲਦਿਆ ਮਾਤਾ ਵੈਸ਼ਨੋ ਦੇਵੀ ਮੰਦਰ ਨੇੜੇ ਬਲੈਕਆਊਟ ਹੋ ਗਿਆ ਹੈ। ਇਸ ਦੇ ਮੱਦੇਨਜ਼ਰ, ਜੰਮੂ ਦੇ ਆਰਐਸ ਪੁਰਾ ਇਲਾਕੇ ਵਿੱਚ ਬਲੈਕਆਊਟ ਹੋ ਗਿਆ ਹੈ, ਇੱਥੇ ਸਾਇਰਨ ਵੱਜ ਰਹੇ ਹਨ। ਜੰਮੂ ਸ਼ਹਿਰ ਵਿੱਚ ਮੋਬਾਈਲ ਨੈੱਟਵਰਕ ਕੰਮ ਨਹੀਂ ਕਰ ਰਹੇ ਹਨ। ਸਤਵਾਰੀ ਕੈਂਪ ’ਤੇ ਹਮਲੇ ਦੀ ਖ਼ਬਰ ਹੈ। ਦੂਜੇ ਪਾਸੇ, ਕੁਪਵਾੜਾ ਵਿੱਚ ਵੀ ਭਾਰੀ ਗੋਲਾਬਾਰੀ ਹੋਈ ਹੈ। ਤੁਹਾਨੂੰ ਦੱਸ ਦੇਈਏ ਕਿ 7-8 ਮਈ ਦੀ ਰਾਤ ਨੂੰ ਪਾਕਿਸਤਾਨ ਨੇ ਡਰੋਨ ਅਤੇ ਮਿਜ਼ਾਈਲਾਂ ਰਾਹੀਂ ਲੁਧਿਆਣਾ, ਚੰਡੀਗੜ੍ਹ ਅਤੇ ਅੰਮ੍ਰਿਤਸਰ ਸਮੇਤ ਭਾਰਤ ਦੇ 15 ਸ਼ਹਿਰਾਂ ’ਤੇ ਹਮਲਾ ਕਰਨ ਦੀ ਕੋਸ਼ਿਸ਼ ਕੀਤੀ ਸੀ। ਪਰ ਭਾਰਤ ਨੇ ਇਸ ਕੋਸ਼ਿਸ਼ ਨੂੰ ਅਸਫਲ ਕਰ ਦਿੱਤਾ ਸੀ। ਕਈ ਫੌਜੀ ਅਦਾਰਿਆਂ ਨੂੰ ਨਿਸ਼ਾਨਾ ਬਣਾਇਆ ਗਿਆ ਭਾਰਤ ਅਤੇ ਪਾਕਿਸਤਾਨ ਵਿਚਕਾਰ ਸਥਿਤੀ ਗੰਭੀਰ ਹੋ ਗਈ ਹੈ। ਹਾਲਾਂਕਿ, ਭਾਰਤ ਦੇ S-400 ਮਿਜ਼ਾਈਲ ਰੱਖਿਆ ਪ੍ਰਣਾਲੀ ਨੇ ਪਾਕਿਸਤਾਨੀ ਮਿਜ਼ਾਈਲਾਂ ਨੂੰ ਸਫਲਤਾਪੂਰਵਕ ਤਬਾਹ ਕਰ ਦਿੱਤਾ ਹੈ ਅਤੇ 8 ਮਿਜ਼ਾਈਲਾਂ ਨੂੰ ਡੇਗ ਦਿੱਤਾ ਹੈ, ਜੋ ਕਿ ਭਾਰਤ ਦੀ ਫੌਜੀ ਤਾਕਤ ਦਾ ਪ੍ਰਦਰਸ਼ਨ ਹੈ।



## ਅੰਮ੍ਰਿਤਸਰ ਮਗਰੋਂ ਹੁਣ ਲੁਧਿਆਣਾ ’ਚ ਵੀ ਸਕੂਲ ਬੰਦ

ਲੁਧਿਆਣਾ 8 ਮਈ। ਭਾਰਤ ਸਰਕਾਰ ਅਤੇ ਪੰਜਾਬ ਸਰਕਾਰ ਵਲੋਂ ਜਾਰੀ ਕੀਤੇ ਹੁਕਮਾਂ ਮੁਤਾਬਕ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ’ਚ ਕਿਸੇ ਵੀ ਤਰ੍ਹਾਂ ਦੇ ਐਮਰਜੈਂਸੀ ਹਾਲਾਤ ਲਈ ਜਿੱਥੇ ਮੌਕ ਡਰਿੱਲਾਂ ਅਤੇ ਬਲੈਕਆਊਟ ਕੀਤੇ ਜਾ ਰਹੇ ਹਨ, ਉੱਥੇ ਹੀ ਬੱਚਿਆਂ ਦੀ ਸੁਰੱਖਿਆ ਨੂੰ ਦੇਖਦੇ ਹੋਏ ਕਈ ਜ਼ਿਲ੍ਹਿਆਂ ’ਚ ਸਕੂਲ ਵੀ ਬੰਦ ਕਰਨ ਦੇ ਹੁਕਮ ਜਾਰੀ ਕੀਤੇ ਗਏ ਹਨ। ਅੰਮ੍ਰਿਤਸਰ ਮਗਰੋਂ ਹੁਣ ਲੁਧਿਆਣਾ ’ਚ ਵੀ ਸਕੂਲ ਬੰਦ ਕਰ ਦਿੱਤੇ ਗਏ ਹਨ। ਇਸ ਸਬੰਧੀ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਆਈ. ਏ. ਐੱਸ. ਨੇ ਹੁਕਮ ਜਾਰੀ ਕਰਦਿਆਂ ਦੱਸਿਆ ਕਿ ਲੁਧਿਆਣਾ ਜ਼ਿਲ੍ਹੇ ਦੇ ਸਾਰੇ ਸਕੂਲ 9 ਅਤੇ 10 ਮਈ ਨੂੰ ਬੰਦ ਰਹਿਣਗੇ। ਡਿਪਟੀ ਕਮਿਸ਼ਨਰ ਵਲੋਂ ਮੌਜੂਦਾ ਹਾਲਾਤ ਨੂੰ ਦੇਖਦੇ ਹੋਏ ਇਹ ਹੁਕਮ ਜਾਰੀ ਕੀਤੇ ਗਏ ਹਨ, ਜੋ ਕਿ ਅਗਲੇ ਹੁਕਮਾਂ ਤੱਕ ਲਾਗੂ ਰਹਿਣਗੇ।

## ਨਿਪਾਹ ਵਾਇਰਸ ਦੀ ਵਾਪਸੀ, ਔਰਤ ’ਚ ਦਿੱਸੇ ਡਰਾਉਣ ਵਾਲੇ ਲੱਛਣ

ਮਲਪੁਰਮ 8 ਮਈ। ਕੇਰਲ ਦੇ ਮਲਪੁਰਮ ’ਚ ਨਿਪਾਹ ਵਾਇਰਸ ਦੇ ਇਕ ਮਾਮਲੇ ਦੀ ਪੁਸ਼ਟੀ ਹੋਈ ਹੈ। ਸਿਹਤ ਅਧਿਕਾਰੀਆਂ ਨੇ ਬੁੱਧਵਾਰ ਨੂੰ ਇਹ ਜਾਣਕਾਰੀ ਦਿੱਤੀ। ਰਾਜ ਦੀ ਸਿਹਤ ਮੰਤਰੀ ਵੀਨਾ ਜਾਰਜ ਨੇ ਦੱਸਿਆ ਕਿ ਜ਼ਿਲ੍ਹੇ ਦੇ ਵਲਨਚੇਰੀ ਦੀ ਇਕ ਔਰਤ ’ਚ ਨਿਪਾਹ ਵਾਇਰਸ ਦੇ ਸੰਕਰਮਣ ਦਾ ਪਤਾ ਲੱਗਾ ਹੈ। ਸਿਹਤ ਅਧਿਕਾਰੀਆਂ ਨੇ ਦੱਸਿਆ ਕਿ ਔਰਤ ਦਾ ਫਿਲਹਾਲ ਪੇਰਿੰਥਲਮੰਨਾ ਦੇ ਇਕ ਹਸਪਤਾਲ ’ਚ ਇਲਾਜ ਚੱਲ ਰਿਹਾ ਹੈ। ਉਨ੍ਹਾਂ ਦੱਸਿਆ ਕਿ ਔਰਤ ਨੂੰ ਪਿਛਲੇ ਇਕ ਹਫ਼ਤੇ ਤੋਂ ਔਰਤ ਨੂੰ ਤੇਜ਼ ਬੁਖਾਰ, ਸਿਰ ਦਰਦ ਅਤੇ ਦੌਰੇ ਪੈਣ ਵਰਗੀਆਂ ਗੰਭੀਰ ਸਮੱਸਿਆਵਾਂ ਹੋਈਆਂ, ਜੋ ਨਿਪਾਹ ਸੰਕਰਮਣ ਦੇ ਸ਼ੁਰੂਆਤੀ ਲੱਛਣ ਮੰਨੇ ਜਾਂਦੇ ਹਨ। ਨਿਪਾਹ ਸੰਕਰਮਣ ਦੇ ਖ਼ਦਸ਼ੇ ਕਾਰਨ ਉਸ ਦੇ ਨਮੂਨੇ ਪੁਣੇ ਦੀ ਵਾਇਰੋਲਾਜੀ ਪ੍ਰਯੋਗਸ਼ਾਲਾ ’ਚ ਭੇਜੇ ਗਏ ਸਨ। ਅਧਿਕਾਰੀਆਂ ਨੇ ਦੱਸਿਆ ਕਿ ਪ੍ਰਯੋਗਸ਼ਾਲਾ ਨੇ ਬਾਅਦ ’ਚ ਨਿਪਾਹ ਸੰਕਰਮਣ ਦੇ ਮਾਮਲੇ ਦੀ ਪੁਸ਼ਟੀ ਕੀਤੀ। ਖੋਜਕਰਤਾਵਾਂ ਦੇ ਅਨੁਸਾਰ, ਨਿਪਾਹ ਵਾਇਰਸ ਚਮਗਿੱਦੜਾਂ ਦੁਆਰਾ ਫੈਲਦਾ ਹੈ ਅਤੇ ਇਹ ਸੰਕਰਮਿਤ ਜਾਨਵਰਾਂ (ਜਿਵੇਂ ਕਿ ਸੂਰ) ਦੇ ਸੰਪਰਕ ਜ਼ਰੀਏ ਜਾਂ ਇਕ ਵਿਅਕਤੀ ਤੋਂ ਦੂਜੇ ਵਿਅਕਤੀ ’ਚ ਫੈਲ ਸਕਦਾ ਹੈ। ਵਾਇਰਸ ਨੂੰ ਵਿਸ਼ਵ ਸਿਹਤ ਸੰਗਠਨ ਵਲੋਂ ਇਕ ਤਰਜੀਹੀ ਬੀਮਾਰੀ ਵਜੋਂ ਮਾਨਤਾ ਦਿੱਤੀ ਗਈ ਹੈ ਜਿਸ ਲਈ ਤੁਰੰਤ ਖੋਜ ਦੀ ਲੋੜ ਹੁੰਦੀ ਹੈ।




## ਅੱਤਵਾਦ ਖਿਲਾਫ ਅਮਰੀਕਾ ਭਾਰਤ ਦੇ ਨਾਲ, ਜੈਸ਼ੰਕਰ ਨੇ ਅਮਰੀਕੀ ਵਿਦੇਸ਼ ਮੰਤਰੀ ਨਾਲ ਕੀਤੀ ਗੱਲ

ਨੈਸ਼ਨਲ ਡੈਸਕ 8 ਮਈ। ਅਮਰੀਕੀ ਵਿਦੇਸ਼ ਵਿਭਾਗ ਦੇ ਬੁਲਾਰੇ ਟੈਮੀ ਬਰੂਸ ਨੇ ਕਿਹਾ ਕਿ ਵਿਦੇਸ਼ ਮੰਤਰੀ ਮਾਰਕੋ ਰੂਬੀਓ ਨੇ ਅੱਜ ਭਾਰਤ ਦੇ ਵਿਦੇਸ਼ ਮੰਤਰੀ ਐਸ.ਜੈਸ਼ੰਕਰ ਨਾਲ ਗੱਲਬਾਤ ਕੀਤੀ। ਗੱਲਬਾਤ ਦੌਰਾਨ ਮੰਤਰੀ ਰੂਬੀਓ ਨੇ ਖੇਤਰ ਵਿੱਚ ਤੁਰੰਤ ਤਣਾਅ ਘਟਾਉਣ ਦੀ ਲੋੜ ’ਤੇ ਜ਼ੋਰ ਦਿੱਤਾ ਅਤੇ ਭਾਰਤ ਅਤੇ ਪਾਕਿਸਤਾਨ ਵਿਚਕਾਰ ਸਿੱਧੀ ਗੱਲਬਾਤ ਲਈ ਅਮਰੀਕੀ ਸਮਰਥਨ ਨੂੰ ਦੁਹਰਾਇਆ। ਉਨ੍ਹਾਂ ਨੇ ਦੋਵਾਂ ਦੇਸ਼ਾਂ ਵਿਚਕਾਰ ਸੰਚਾਰ ਨੂੰ ਬਿਹਤਰ ਬਣਾਉਣ ਦੇ ਯਤਨਾਂ ਨੂੰ ਉਤਸ਼ਾਹਿਤ ਕੀਤਾ। ਇਸ ਦੇ ਨਾਲ ਹੀ, ਉਨ੍ਹਾਂ ਨੇ ਪਹਿਲਗਾਮ ਵਿੱਚ ਹੋਏ ਭਿਆਨਕ ਅੱਤਵਾਦੀ ਹਮਲੇ ’ਤੇ ਡੂੰਘੀ ਸੰਵੇਦਨਾ ਪ੍ਰਗਟ ਕੀਤੀ ਅਤੇ ਅੱਤਵਾਦ ਵਿਰੁੱਧ ਭਾਰਤ ਨਾਲ ਮਿਲ ਕੇ ਕੰਮ ਕਰਨ ਦੀ ਅਮਰੀਕਾ ਦੀ ਵਚਨਬੱਧਤਾ ਨੂੰ ਵੀ ਦੁਹਰਾਇਆ।



## ਭਾਰਤ ਨੇ ਪਾਕਿਸਤਾਨ ਨੂੰ ਦਿੱਤਾ ਮੂੰਹ ਤੋੜ ਜਵਾਬ, ਜੇਐਫ-17 ਜਹਾਜ਼ ਕੀਤੇ ਤਬਾਹ



ਨੈਸ਼ਨਲ ਡੈਸਕ 8 ਮਈ। ਅੰਮ੍ਰਿਤਸਰ ਅਤੇ ਜਲੰਧਰ ਵਿਚਾਲੇ ਮੇਹਤਾ ਟਾਉਨ ਨੇੜੇ 2 ਪਾਕਿਸਤਾਨੀ JF-17 ਅਤੇ ਇਕ J-10c ਨੂੰ ਭਾਰਤੀ ਫੌਜ ਨੇ ਮਾਰ ਸੁੱਟਿਆ ਹੈ। ਇਹ ਜਹਾਜ਼ ਭਾਰਤੀ ਸਰਹੱਦ ’ਚ ਘੁਸਪੈਠ ਕਰ ਰਹੇ ਸੀ,ਜਿਸ ਤੋਂ ਬਾਅਦ ਸਾਡੀ ਫੌਜ ਨੇ ਤੁਰੰਤ ਕਰਵਾਈ ਕੀਤੀ ਅਤੇ ਜਹਾਜ਼ ਤਬਾਹ ਕਰ ਦਿੱਤੇ ਜਿਸ ’ਚ 2 ਪਾਕਿਸਤਾਨੀ ਪਾਇਲਟ ਮਾਰੇ ਜਾਣ ਦੀ ਪੁਸ਼ਟੀ ਹੋਈ ਹੈ। ਸ਼ਹਿਰਵਾਸੀਆਂ ਨੇ ਤੇਜ਼ ਧਮਾਕੇ ਦੀਆਂ ਅਵਾਜ਼ਾਂ ਸੁਣੀਆ।। ਪਾਕਿਸਤਾਨ ਹਵਾਈ ਫੌਜ ’ਚ ਦਹਿਸ਼ਤ ਦਾ ਮਾਹੌਲ ਹੈ। ਕਈ ਪਾਇਲਟਾਂ ਨੇ ਉਡਾਨ ਭਰਨ ਤੋਂ ਕੀਤਾ ਇਨਕਾਰ ਕਰ ਦਿੱਤਾ ਹੈ। ਭਾਰਤ ਅਤੇ ਪਾਕਿਸਤਾਨ ਵਿਚਕਾਰ ਜੰਗ ਛਿੜ ਗਈ ਹੈ। ਪਾਕਿਸਤਾਨ ਨੇ JF-17 ਅਤੇ 6-16 ਲੜਾਕੂ ਜਹਾਜ਼ਾਂ, ਮਿਜ਼ਾਈਲਾਂ ਅਤੇ ਡਰੋਨਾਂ ਨਾਲ ਭਾਰਤ ’ਤੇ ਹਮਲਾ ਕੀਤਾ ਹੈ। ਹਾਲਾਂਕਿ, ਭਾਰਤੀ ਫੌਜ ਅਤੇ ਹਵਾਈ ਰੱਖਿਆ ਪ੍ਰਣਾਲੀ ਨੇ ਇੱਕੋ ਵਾਰ ਵਿੱਚ ਪਾਕਿਸਤਾਨੀ ਲੜਾਕੂ ਜਹਾਜ਼, ਮਿਜ਼ਾਈਲਾਂ ਅਤੇ ਡਰੋਨਾਂ ਨੂੰ ਤਬਾਹ ਕਰ ਦਿੱਤਾ। ਤੁਹਾਨੂੰ ਦੱਸ ਦੇਈਏ ਕਿ ਪਾਕਿਸਤਾਨ ਨੇ ਅਮਰੀਕਾ ਤੋਂ ਐਫ-16 ਲੜਾਕੂ ਜਹਾਜ਼ ਪ੍ਰਾਪਤ ਕੀਤਾ ਸੀ ਅਤੇ ਉਸਨੇ ਚੀਨ ਦੇ ਸਹਿਯੋਗ ਨਾਲ ਜੇਐਫ-17 ਵਿਕਸਤ ਕੀਤਾ ਸੀ। ਪਾਕਿਸਤਾਨ ਇਨ੍ਹਾਂ ਦੋਵਾਂ ਲੜਾਕੂ ਜਹਾਜ਼ਾਂ ਬਾਰੇ ਵੱਡੇ-ਵੱਡੇ ਦਾਅਵੇ ਕਰਦਾ ਆ ਰਿਹਾ ਹੈ। ਪਰ ਇਹ ਦੋਵੇਂ ਜਹਾਜ਼ ਅਸਫਲ ਰਹੇ ਹਨ।

## ਸੁਪਰੀਮ ਕੋਰਟ ਨੇ ਦਿੱਲੀ ਸੂਬਿਆਂ ਦੇ ਮੁੱਖ ਸਕੱਤਰਾਂ ਨੂੰ ਭੇਜਿਆ ਨੋਟਿਸ

ਨਵੀਂ ਦਿੱਲੀ 8 ਮਈ। ਸੁਪਰੀਮ ਕੋਰਟ ਨੇ ਵੀਰਵਾਰ ਨੂੰ ਦਿੱਲੀ ਅਤੇ ਨੇੜੇ-ਤੇੜੇ ਦੇ ਸੂਬਿਆਂ ਹਰਿਆਣਾ, ਉੱਤਰ ਪ੍ਰਦੇਸ਼ ਅਤੇ ਰਾਜਸਥਾਨ ਦੀਆਂ ਸਰਕਾਰਾਂ ਨੂੰ ਰਾਜ ਪ੍ਰਦੂਸ਼ਣ ਕੰਟਰੋਲ ਬੋਰਡਾਂ ’ਚ ਅਸਾਮੀਆਂ ਨਾ ਭਰਨ ਲਈ ਫਟਕਾਰ ਲਗਾਈ। ਜਸਟਿਸ ਅਭੈ ਐੱਸ ਓਕਾ ਅਤੇ ਜਸਟਿਸ ਉੱਜਲ ਭੁਈਆਂ ਦੀ ਬੈਂਚ ਨੇ ਅਗਸਤ 2024 ਦੇ ਆਪਣੇ ਆਦੇਸ਼ ਦੀ ਪਾਲਣਾ ਨਾ ਕਰਨ ’ਤੇ ਦਿੱਲੀ, ਯੂਪੀ, ਹਰਿਆਣਾ ਅਤੇ ਰਾਜਸਥਾਨ ਦੇ ਮੁੱਖ ਸਕੱਤਰਾਂ ਨੂੰ ਮਾਨਹਾਨੀ ਨੋਟਿਸ ਜਾਰੀ ਕੀਤਾ ਸੀ, ਜਿਸ ’ਚ ਉਨ੍ਹਾਂ ਨੂੰ ਇਸ ਸਾਲ 30 ਅਪ੍ਰੈਲ ਤੱਕ ਅਸਾਮੀਆਂ ਭਰਨ ਲਈ ਕਿਹਾ ਗਿਆ ਸੀ। ਸੁਪਰੀਮ ਕੋਰਟ ਨੇ ਦਿੱਲੀ ਪ੍ਰਦੂਸ਼ਣ ਕੰਟਰੋਲ ਕਮੇਟੀ ’ਚ 55 ਫੀਸਦੀ ਅਸਾਮੀਆਂ ਖ਼ਾਲੀ ਹੋਣ ਵੱਲ ਇਸ਼ਾਰਾ ਕੀਤਾ ਅਤੇ ਕਿਹਾ ਕਿ ਇਹ ਹੈਰਾਨ ਕਰਨ ਵਾਲਾ ਹੈ ਕਿ ਇਹ ਸੰਸਥਾ ਲਗਭਗ ‘ਅਯੋਗ’ ਹੈ। ਨੋਟਿਸ ਜਾਰੀ ਕਰਦੇ ਹੋਏ ਸੁਪਰੀਮ ਕੋਰਟ ਨੇ ਅਧਿਕਾਰੀਆਂ ਨੂੰ ਇਹ ਦੱਸਣ ਦਾ ਆਦੇਸ਼ ਦਿੱਤਾ ਕਿ ਪਾਲਣਾ ਨਹੀਂ ਕਰਨ ਲਈ ਉਨ੍ਹਾਂ ਨੂੰ ਅਦਾਲਤ ਦੀ ਮਾਨਹਾਨੀ ਐਕਟ, 1971 ਦੇ ਅਧੀਨ ਸਜ਼ਾ ਕਿਉਂ ਨਾ ਦਿੱਤੀ ਜਾਵੇ। ਦਿੱਲੀ ਦੇ ਮੁੱਖ ਸਕੱਤਰ ਨੂੰ 19 ਮਈ ਨੂੰ ਨਿੱਜੀ ਰੂਪ ਨਾਲ ਅਦਾਲਤ ’ਚ ਪੇਸ਼ ਹੋਣ ਦਾ ਨਿਰਦੇਸ਼ ਦਿੱਤਾ ਗਿਆ ਹੈ, ਜਦੋਂ ਕਿ ਹੋਰ ਸੂਬਿਆਂ ਦੇ ਮੁੱਖ ਸਕੱਤਰਾਂ ਨੂੰ 18 ਜੁਲਾਈ ਨੂੰ ਵਰਚੁਅਲੀ ਪੇਸ਼ ਦਾ ਲਈ ਆਦੇਸ਼ ਦਿੱਤਾ ਗਿਆ ਹੈ।



# ਆਪਣੀ ਦਾਦੀ ਤੇ ਪਿਓ ਵੱਲੋਂ ਕੀਤੇ ਗੁਨਾਹਾਂ ਦਾ ਰਾਹੁਲ ਗਾਂਧੀ ਨੂੰ ਨਹੀਂ ਕੋਈ ਅ.ਫਸੋਸ: ਹਰਸਿਮਰਤ ਕੌਰ ਬਾਦਲ

**ਨਵਦੀਪ ਸਿੰਘ ਸਾਹਨੀ**

ਚੰਡੀਗੜ੍ਹ 8 ਮਈ। ਸ਼੍ਰੋਮਣੀ ਅਕਾਲੀ ਦਲ ਤੋਂ ਲੋਕ ਸਭਾ ਮੈਂਬਰ ਹਰਸਿਮਰਤ ਕੌਰ ਬਾਦਲ ਨੇ ਸ੍ਰੀ ਦਰਬਾਰ ਸਾਹਿਬ ’ਤੇ ਹੋਏ ਹਮਲੇ ਅਤੇ ਕਾਂਗਰਸ ਵੱਲੋਂ ਕਰਵਾਏ 1984 ਦੇ ਸਿੱਖ ਕਤਲੇਆਮ ਦੀ ਮਾਫ਼ੀ ਨਾ ਮੰਗਣ ਦੀ ਜ਼ੋਰਦਾਰ ਨਿਖੇਧੀ ਕੀਤੀ ਹੈ। ਉਨ੍ਹਾਂ ਕਿਹਾ ਕਿ ਇਹ ਜਾਣਦੇ ਹੋਏ ਵੀ ਕਿ ਉਨ੍ਹਾਂ ਦੀ ਦਾਦੀ ਨੇ 1984 ਵਿਚ ਸ੍ਰੀ ਦਰਬਾਰ ਸਾਹਿਬ ’ਤੇ ਹਮਲੇ ਦੇ ਹੁਕਮ ਦਿੱਤੇ ਤੇ ਉਨ੍ਹਾਂ ਦੇ ਪਿਤਾ ਦੇ ਚੇਲਿਆਂ ਨੇ ਦਿੱਲੀ ਦੀਆਂ ਸੜਕਾਂ ’ਤੇ ਸਿੱਖਾਂ ਦਾ ਕਤਲੇਆਮ ਕਰਨ ਤੇ ਉਨ੍ਹਾਂ ਨੂੰ ਜਿਉਂਦਿਆਂ ਸਾੜਨ ਵਰਗੇ ਕਤਲੇਆਮ ਦੀ ਅਗਵਾਈ ਕੀਤੀ, ਰਾਹੁਲ ਗਾਂਧੀ ਨੇ ਉਸ ਸਵਾਲ ਨੂੰ ਪਲਟਣ ਦੀ ਕੋਸ਼ਿਸ਼ ਕੀਤੀ ਸੀ, ਜਿਸ ’ਚ ਇੰਦਰਾ ਗਾਂਧੀ ਦੇ ਕਤਲ ਤੋਂ ਬਾਅਦ 1 ਹਜ਼ਾਰ ਸਿੱਖਾਂ ਦਾ ਕਤਲੇਆਮ ਕਰਨ ਵਾਲੀ ਭੀੜ ’ਚ ਕਾਂਗਰਸ ਪਾਰਟੀ ਦੀ ਭੂਮਿਕਾ ’ਤੇ ਸਵਾਲ ਚੁੱਕੇ ਗਏ ਸਨ। ਜਦੋਂ ਰਾਹੁਲ ਗਾਂਧੀ ਨੂੰ ਅਮਰੀਕਾ ਦੀ ਬਰਾਊਨ ਯੂਨੀਵਰਸਿਟੀ ’ਚ ਇਸ ਸਵਾਲ ਦਾ ਜਵਾਬ ਦੇਣ ਲਈ ਮਜਬੂਰ ਕੀਤਾ ਗਿਆ ਤਾਂ ਕਾਂਗਰਸੀ ਆਗੂ ਨੇ ਆਪਣੀ ਦਾਦੀ ਤੇ ਪਿਤਾ ਵੱਲੋਂ ਕੀਤੇ ਗੁਨਾਹਾਂ ਦੀ ਮਾਫ਼ੀ ਨਹੀਂ ਮੰਗੀ ਸਗੋਂ ਇਹ ਕਹਿ ਕੇ ਟਲਣ ਦੀ ਕੋਸ਼ਿਸ਼ ਕੀਤੀ ਕਿ ਇਹ ਦੋਵੇਂ ਮਾਮਲੇ ਕਈ ਸਾਲ ਪਹਿਲਾਂ ਵਾਪਰੇ ਸਨ। ਜਵਾਬ ਟਾਲਣ ਤੋਂ ਹੀ ਪਤਾ ਲੱਗਦਾ ਹੈ ਕਿ ਰਾਹੁਲ ਗਾਂਧੀ ਦੇ ਮਨ ’ਚ ਸਿੱਖ ਭਾਈਚਾਰੇ ਪ੍ਰਤੀ ਕਿੰਨੀ ‘ਪੀੜਾ’ ਹੈ। ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਨੂੰ ਇਹ ਸਮਝਣਾ ਚਾਹੀਦਾ ਹੈ ਤੇ ਗੁਰੂ ਘਰ ਆਉਣ ਸਮੇਂ ਆਪਣੇ ਪਰਿਵਾਰ ਦੇ ਕੀਤੇ ਕਾਰਿਆਂ ਲਈ ਮਾਫ਼ੀ ਮੰਗਣੀ ਚਾਹੀਦੀ ਹੈ ਨਾ ਕਿ ਆਪਣੇ ਆਪ ਨੂੰ ਪਾਕ ਸਾਫ਼ ਦੱਸਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਹ ਵੀ ਬਹੁਤ ਸ਼ਰਮ ਵਾਲੀ ਗੱਲ ਹੈ ਕਿ ਆਪਣੇ ਗੁਨਾਹ ਮੰਨਣ ਦੀ ਬਜਾਏ ਗਾਂਧੀ ਪਰਿਵਾਰ ਨੇ ਇਕ ਸਿੱਖ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਤੋਂ 1984 ਦੀ ਮੁਆਫ਼ੀ ਮੰਗਵਾਈ। ਉਨ੍ਹਾਂ ਨੇ ਰਾਹੁਲ ਗਾਂਧੀ ਨੂੰ ਸਵਾਲ ਕੀਤਾ ਕਿ ਉਹ ਦੱਸਣ ਕਿ ਉਨ੍ਹਾਂ ਨੇ ਵਿਦੇਸ਼ ’ਚ ਦਿੱਤੇ ਆਪਣੇ ਬਿਆਨ ’ਚ ਕਿਸ ਨੂੰ ‘ਮੰਦਭਾਗਾ’ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਸੱਚਾਈ ਇਹ ਹੈ ਕਿ ਗਾਂਧੀ ਪਰਿਵਾਰ ਦੇ ਨਾਲ-ਨਾਲ ਕਾਂਗਰਸ ਪਾਰਟੀ ਨੂੰ ਸ੍ਰੀ ਦਰਬਾਰ ਸਾਹਿਬ ’ਤੇ ਕੀਤੇ ਹਮਲੇ ਤੇ 1984 ’ਚ ਹੋਏ ਸਿੱਖ ਕਤਲੇਆਮ ਦਾ ਕੋਈ ਅਫ਼ਸੋਸ ਨਹੀਂ ਹੈ। ਦੋਵੇਂ ਲਗਾਤਾਰ ਜਗਦੀਸ਼ ਟਾਈਟਲਰ, ਸੱਜਣ ਕੁਮਾਰ ਤੇ ਕਮਲ ਨਾਥ ਵਰਗੇ ਦੋਸ਼ੀਆਂ ਦੀ ਲਗਾਤਾਰ ਪੁਸ਼ਤਪਨਾਹੀ ਕਰਦੇ ਰਹੇ ਹਨ ਤੇ ਉਨ੍ਹਾਂ ਨੂੰ ਤਰੱਕੀਆਂ ਦਿੰਦੇ ਰਹੇ ਹਨ। ਉਨ੍ਹਾਂ ਕਿਹਾ ਕਿ ‘ਮਾਫ਼ੀ’ ਸ਼ਬਦ ਤਾਂ ਹਾਲੇ ਤੱਕ ਰਾਹੁਲ ਗਾਂਧੀ ਦੇ ਮੂੰਹ ’ਤੇ ਨਹੀਂ ਆਇਆ। ਇਸ ਤੋਂ ਸਾਬਤ ਹੁੰਦਾ ਹੈ ਕਿ ਰਾਹੁਲ ਗਾਂਧੀ ਹਾਲੇ ਵੀ ਟਾਈਟਲਰ ਤੇ ਸੱਜਣ ਕੁਮਾਰ ਵਰਗਿਆਂ ਨੂੰ ਪਸੰਦ ਕਰਦੇ ਹਨ ਨਾ ਕਿ ਸਿੱਖ ਕੌਮ ਨੂੰ ਕਰਦੇ ਹਨ।




## ਛੱਤੀਸਗੜ੍ਹ ’ਚ ਸੁਰੱਖਿਆ ਫੋਰਸ ਨਾਲ ਮੁਕਾਬਲੇ ’ਚ 22 ਨਕਸਲੀ ਢੇਰ

ਬੀਜਾਪੁਰ, 8 ਮਈ। ਛੱਤੀਸਗੜ੍ਹ ਦੇ ਬੀਜਾਪੁਰ ਜ਼ਿਲੇ ਵਿਚ ਜਾਰੀ ਨਕਸਲ ਵਿਰੋਧੀ ਮੁਹਿੰਮ ਵਿਚ ਸੁਰੱਖਿਆ ਫੋਰਸਾਂ ਨੇ ਬੁੱਧਵਾਰ ਨੂੰ 22 ਨਕਸਲੀਆਂ ਨੂੰ ਮਾਰ ਦਿੱਤਾ। ਪੁਲਸ ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ। ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਜ਼ਿਲੇ ਦੇ ਕਰੇਗੁੱਟਾ ਦੀਆਂ ਪਹਾੜੀਆਂ ਅਤੇ ਛੱਤੀਸਗੜ੍ਹ-ਤੇਲੰਗਾਨਾ ਸਰਹੱਦ ’ਤੇ ਸਥਿਤ ਪਹਾੜੀਆਂ ਵਿਚ 21 ਅਪ੍ਰੈਲ ਨੂੰ ‘ਮਿਸ਼ਨ ਸੰਕਲਪ’ ਨਾਮੀ ਇਕ ਮੁਹਿੰਮ ਸ਼ੁਰੂ ਕੀਤੀ ਗਈ ਸੀ, ਜਿਸ ਵਿਚ ਲੱਗਭਗ 24 ਹਜ਼ਾਰ ਫੌਜੀ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਮੁਹਿੰਮ ਦੇ ਤਹਿਤ ਅੱਜ ਸੁਰੱਖਿਆ ਫੋਰਸਾਂ ਅਤੇ ਨਕਸਲੀਆਂ ਵਿਚਾਲੇ ਮੁਕਾਬਲਾ ਹੋਇਆ ਜਿਸ ਵਿਚ 22 ਨਕਸਲੀਆਂ ਨੂੰ ਢੇਰ ਕਰ ਦਿੱਤਾ ਗਿਆ। ਅਧਿਕਾਰੀਆਂ ਨੇ ਦੱਸਿਆ ਕਿ ਬੀਜਾਪੁਰ ਜ਼ਿਲੇ ਦੇ ਦੱਖਣ-ਪੱਛਮ ਸਰਹੱਦੀ ਖੇਤਰ ਦੇ ਜੰਗਲ ਵਿਚ ਨਕਸਲੀਆਂ ਦੀ ਮੌਜੂਦਗੀ ਦੀ ਸੂਚਨਾ ਤੋਂ ਬਾਅਦ ਸੁਰੱਖਿਆ ਫੋਰਸ ਦੇ ਜਵਾਨਾਂ ਨੂੰ ਨਕਸਲ ਵਿਰੋਧੀ ਮੁਹਿੰਮ ’ਤੇ ਰਵਾਨਾ ਕੀਤਾ ਸੀ। ਉਨ੍ਹਾਂ ਦੱਸਿਆ ਕਿ ਬਸਤਰ ਖੇਤਰ ਵਿਚ ਸ਼ੁਰੂ ਕੀਤੇ ਗਏ ਸਭ ਤੋਂ ਵੱਡੇ ਨਕਸਲ ਵਿਰੋਧੀ ਆਪ੍ਰੇਸ਼ਨਾਂ ਵਿਚੋਂ ਇਕ ਇਸ ਮੁਹਿੰਮ ਵਿਚ ਜ਼ਿਲਾ ਰਿਜ਼ਰਵ ਗਾਰਡ, ਬਸਤਰ ਫਾਈਟਰਜ਼ ਅਤੇ ਛੱਤੀਸਗੜ੍ਹ ਪੁਲਸ ਦੇ ਐੱਸ. ਟੀ. ਐੱਫ., ਕੇਂਦਰੀ ਰਿਜ਼ਰਵ ਪੁਲਸ ਫੋਰਸ ਅਤੇ ਕਮਾਂਡੋ ਬਟਾਲੀਅਨ ਫਾਰ ਰੈਜ਼ੋਲਿਊਟ ਐਕਸ਼ਨ (ਕੋਬਰਾ) ਦੇ ਜਵਾਨਾਂ ਸਮੇਤ ਵੱਖ-ਵੱਖ ਯੂਨਿਟਾਂ ਦੇ ਜਵਾਨ ਸ਼ਾਮਲ ਹਨ।

## ਪਹਿਲਗਾਮ ਹਮਲੇ ਦੀ ਪੀੜਤਾ ਨੇ ਕਿਹਾ ‘ਬਦਲਾ ਲੈਣ ਲਈ ਪ੍ਰਧਾਨ ਮੰਤਰੀ ਮੋਦੀ ਦਾ ਧੰਨਵਾਦ’

ਨੈਸ਼ਨਲ ਡੈਸਕ 8 ਮਈ। ਪਹਿਲਗਾਮ ’ਚ ਹੋਏ ਅੱਤਵਾਦੀ ਹਮਲੇ ਦੇ ਜਵਾਬ ’ਚ ਭਾਰਤ ਨੇ ਅੱਤਵਾਦੀਆਂ ਖ਼?ਲਾਫ਼ ‘ਆਪਰੇਸ਼ਨ ਸਿੰਦੂਰ’ ਚਲਾਇਆ ਅਤੇ ਪਾਕਿਸਤਾਨ ਤੇ ਪਾਕਿਸਤਾਨ ਦੇ ਕਬਜ਼ੇ ਵਾਲੇ ਕਸ਼ਮੀਰ ’ਚ 9 ਅੱਤਵਾਦੀ ਟਿਕਾਣਿਆਂ ’ਤੇ ਹਵਾਈ ਹਮਲੇ ਕੀਤੇ। ਇਸ ਵਿਚ ‘ਆਪਰੇਸ਼ਨ ਸਿੰਦੂਰ’ ’ਤੇ ਪਹਿਲਗਾਮ ਅੱਤਵਾਦੀ ਹਮਲੇ ’ਚ ਜਾਨ ਗੁਆਉਣ ਵਾਲੇ ਮਧੂਸੂਦਨ ਰਾਵ ਦੀ ਰਿਸ਼ਤੇਦਾਰ ਕਾਮਾਕਸ਼ੀ ਪ੍ਰਸੰਨਾ ਨੇ ਕਿਹਾ,‘ਮੈਂ ਸੁਣਿਆ ਕਿ ਮੰਗਲਵਾਰ ਰਾਤ ਆਪਰੇਸ਼ਨ ਸਿੰਦੂਰ ਹੋਇਆ, ਜਿਸ ਨੇ ਕਈ ਪਰਿਵਾਰਾਂ ਦਾ ਬਦਲਾ ਲਿਆ ਹੈ। ਅਸੀਂ ਆਪਣੇ ਪਤੀਆਂ ਨੂੰ ਗੁਆ ਦਿੱਤਾ ਅਤੇ ਆਪਰੇਸ਼ਨ ਦਾ ਨਾਂ ਹੀ ਸਭ ਕੁਝ ਕਹਿ ਦਿੰਦਾ ਹੈ। ਮੈਂ ਇਹ ਬਦਲਾ ਲੈਣ ਲਈ ਪ੍ਰਧਾਨ ਮੰਤਰੀ ਮੋਦੀ ਦਾ ਧੰਨਵਾਦ ਕਰਨਾ ਚਾਹੁੰਦੀ ਹਾਂ। ਪਹਿਲਗਾਮ ’ਚ ਪਰਿਵਾਰਾਂ ਨਾਲ ਜੋ ਕੁਝ ਵੀ ਹੋਇਆ, ਉਹ ਕਿਸੇ ਹੋਰ ਨਾਲ ਨਹੀਂ ਹੋਣਾ ਚਾਹੀਦਾ।” ਦੱਸਣਯੋਗ ਹੈ ਕਿ 22 ਅਪ੍ਰੈਲ ਨੂੰ ਜੰਮੂ-ਕਸ਼ਮੀਰ ਦੇ ਪਹਿਲਗਾਮ ਵਿਚ ਹੋਏ ਅੱਤਵਾਦੀ ਹਮਲੇ ’ਚ 26 ਸੈਲਾਨੀ ਮਾਰੇ ਗਏ ਸਨ। ਇਸ ਹਮਲੇ ਦੇ ਜਵਾਬ ’ਚ, ਭਾਰਤੀ ਹਥਿਆਰਬੰਦ ਫ਼ੋਰਸਾਂ ਨੇ ਮੰਗਲਵਾਰ ਦੇਰ ਰਾਤ ਪਾਕਿਸਤਾਨ ਅਤੇ ਪੀਓਕੇ ’ਚ 9 ਅੱਤਵਾਦੀ ਟਿਕਾਣਿਆਂ ’ਤੇ ਮਿਜ਼ਾਈਲ ਹਮਲੇ ਕੀਤੇ, ਜਿਨ੍ਹਾਂ ’ਚ ਜੈਸ਼-ਏ-ਮੁਹੰਮਦ ਦਾ ਗੜ੍ਹ ਬਹਾਵਲਪੁਰ ਅਤੇ ਲਸ਼ਕਰ-ਏ-ਤੋਇਬਾ ਦਾ ਅੱਡਾ ਮੁਰੀਦਕੇ ਸ਼ਾਮਲ ਹਨ। ਜੰਮੂ ਕਸ਼ਮੀਰ ਦੇ ਪਹਿਲਗਾਮ ’ਚ 26 ਨਾਗਰਿਕਾਂ ਦੇ ਕਤਲੇਆਮ ਦੇ 2 ਹਫ਼ਤਿਆਂ ਬਾਅਦ ‘ਆਪਰੇਸ਼ਨ ਸਿੰਦੂਰ’ ਦੇ ਅਧੀਨ ਇਹ ਫ਼ੌਜ ਹਮਲੇ ਕੀਤੇ ਗਏ।



# ਰਾਜਨਾਥ ਸਿੰਘ ਨੇ ਸੀਡੀਐਸ ਅਤੇ ਤਿੰਨੋਂ ਸੈਨਾ ਮੁਖੀਆਂ ਨਾਲ ਅਹਿਮ ਬੈਠਕ ਕੀਤੀ

**ਤੇਜਿੰਦਰ ਕੌਰ ਬੱਬਰ**

ਨਵੀਂ ਦਿੱਲੀ 8 ਮਈ। ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਵੱਡੀ ਬੈਠਕ ਕੀਤੀ। ਪਾਕਿਸਤਾਨ ਵੱਲੋਂ ਭਾਰਤ ਵਿੱਚ ਹੋ ਰਹੇ ਹਮਲਿਆਂ ਦੇ ਵਿਚਕਾਰ ਚੀਫ ਆਫ ਡਿਫੈਂਸ ਸਟਾਫ ਅਤੇ ਤਿੰਨੋਂ ਸੈਨਾ ਮੁਖੀਆਂ ਨਾਲ ਰੱਖਿਆ ਮੰਤਰੀ ਨੇ ਵਾਰਤਾਲਾਪ ਕੀਤੀ। ਪਹਿਲਗਾਮ ਹਮਲੇ ਤੋਂ ਬਾਅਦ ਭਾਰਤ ਅਤੇ ਪਾਕਿਸਤਾਨ ਵਿੱਚ ਵਧਦੇ ਤਣਾਅ ਦੇ ਵਿਆਪਕ ਸੰਘਰਸ਼ ਦਾ ਰੂਪ ਧਾਰਨ ਕਰਨ ਦੀ ਸੰਭਾਵਨਾ ਦੇ ਵਿਚਕਾਰ, ਇਸ ਤੋਂ ਪਹਿਲਾਂ ਰੱਖਿਆ ਮੰਤਰੀ ਨੇ ਵੀਰਵਾਰ, 8 ਮਈ ਨੂੰ ਕਿਹਾ ਸੀ ਕਿ ਭਾਰਤ ਦੀ ਸੰਪ੍ਰਭੂਤਾ ਦੀ ਰੱਖਿਆ ਵਿੱਚ ਕੋਈ ਵੀ ਸੀਮਾ ਰੁਕਾਵਟ ਨਹੀਂ ਬਣੇਗੀ। ਉਨ੍ਹਾਂ ਕਿਹਾ ਕਿ ਰਾਸ਼ਟਰ ਅਜਿਹੀਆਂ ਪ੍ਰਤੀਕਿਰਿਆਵਾਂ ਲਈ ਪੂਰੀ ਤਰ੍ਹਾਂ ਤਿਆਰ ਹੈ। ਰਾਜਨਾਥ ਸਿੰਘ ਦੀ ਇਹ ਟਿੱਪਣੀ ਰੱਖਿਆ ਮੰਤਰਾਲੇ ਦੇ ਉਸ ਬਿਆਨ ਤੋਂ ਕੁਝ ਸਮੇਂ ਬਾਅਦ ਆਈ, ਜਿਸ ਵਿੱਚ ਕਿਹਾ ਗਿਆ ਸੀ ਕਿ ਸ਼ਸਤਰ ਬਲਾਂ ਨੇ ਬੁੱਧਵਾਰ ਰਾਤ ਉੱਤਰੀ ਅਤੇ ਪੱਛਮੀ ਭਾਰਤ ਵਿੱਚ 15 ਥਾਵਾਂ ’ਤੇ ਮਿਸਾਈਲ ਅਤੇ ਡਰੋਨ ਰਾਹੀਂ ਹਮਲਾ ਕਰਨ ਦੀ ਪਾਕਿਸਤਾਨੀ ਫੌਜ ਦੀ ਕੋਸ਼ਿਸ਼ ਨੂੰ ਨਾਕਾਮ ਕਰ ਦਿੱਤਾ ਅਤੇ ਲਾਹੌਰ ਵਿੱਚ ਇੱਕ ਪਾਕਿਸਤਾਨੀ ਹਵਾਈ ਰੱਖਿਆ ਪ੍ਰਣਾਲੀ ਨੂੰ ਤਬਾਹ ਕਰ ਦਿੱਤਾ। ਭਾਰਤੀ ਸ਼ਸਤਰ ਬਲਾਂ ਨੇ ਬੁੱਧਵਾਰ ਸਵੇਰੇ ‘ਆਪਰੇਸ਼ਨ ਸਿੰਦੂਰ’ ਦੇ ਤਹਿਤ ਪਾਕਿਸਤਾਨ ਅਤੇ ਪਾਕਿਸਤਾਨ ਦੇ ਕਬਜ਼ੇ ਵਾਲੇ ਕਸ਼ਮੀਰ (ਪੀਓਕੇ) ਵਿੱਚ 9 ਅੱਤਵਾਦੀ ਠਿਕਾਣਿਆਂ ’ਤੇ ਮਿਸਾਈਲ ਹਮਲੇ ਕੀਤੇ। ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ, ‘ਆਪਰੇਸ਼ਨ ਸਿੰਦੂਰ ਦੇ ਤਹਿਤ ਪਾਕਿਸਤਾਨ ਅਤੇ ਪੀਓਕੇ ਵਿੱਚ 9 ਅੱਤਵਾਦੀ ਕੈਂਪ ਤਬਾਹ ਕਰ ਦਿੱਤੇ ਗਏ ਅਤੇ ਵੱਡੀ ਗਿਣਤੀ ਵਿੱਚ ਅੱਤਵਾਦੀ ਮਾਰੇ ਗਏ।’ ਉਨ੍ਹਾਂ ਕਿਹਾ ਕਿ ਭਾਰਤ ਨੇ ਹਮੇਸ਼ਾ ਅਤਿਅੰਤ ਸੰਜਮ ਵਰਤਦੇ ਹੋਏ ਇੱਕ ਜ਼ਿੰਮੇਵਾਰ ਰਾਸ਼ਟਰ ਦੀ ਭੂਮਿਕਾ ਨਿਭਾਈ ਹੈ ਅਤੇ ਉਹ ਵਾਰਤਾਲਾਪ ਦੇ ਜ਼ਰੀਏ ਮੁੱਦਿਆਂ ਨੂੰ ਸੁਲਝਾਉਣ ਵਿੱਚ ਵਿਸ਼ਵਾਸ ਰੱਖਦਾ ਹੈ। ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ, ‘ਹਾਲਾਂਕਿ, ਜੇਕਰ ਕੋਈ ਇਸ ਸੰਜਮ ਦਾ ਫਾਇਦਾ ਉਠਾਉਣ ਦੀ ਕੋਸ਼ਿਸ਼ ਕਰੇਗਾ, ਤਾਂ ਉਸ ਨੂੰ ਸਖ਼ਤ ਕਾਰਵਾਈ ਦਾ ਸਾਹਮਣਾ ਕਰਨਾ ਪਵੇਗਾ।’ ਉਨ੍ਹਾਂ ਨੇ ਦੇਸ਼ ਨੂੰ ਭਰੋਸਾ ਦਿਵਾਇਆ ਕਿ ਭਾਰਤ ਦੀ ਸੰਪ੍ਰਭੂਤਾ ਦੀ ਰੱਖਿਆ ਦੀ ਦਿਸ਼ਾ ਵਿੱਚ ਕੋਈ ਵੀ ਸੀਮਾ ਰੁਕਾਵਟ ਨਹੀਂ ਬਣੇਗੀ। ਰਾਜਨਾਥ ਨੇ ਕਿਹਾ, ‘ਅਸੀਂ ਭਵਿੱਖ ਵਿੱਚ ਵੀ ਅਜਿਹੀਆਂ ਪ੍ਰਤੀਕਿਰਿਆਵਾਂ ਦਾ ਜਵਾਬ ਦੇਣ ਲਈ ਪੂਰੀ ਤਰ੍ਹਾਂ ਤਿਆਰ ਹਾਂ।’ ਉਨ੍ਹਾਂ ਕਿਹਾ ਕਿ ਭਾਰਤੀ ਸ਼ਸ਼ਤਰ ਬਲਾਂ ਨੇ ‘ਆਪਰੇਸ਼ਨ ਸਿੰਦੂਰ’ ਨੂੰ ‘ਅਕਲਪਨੀਯ’ ਸਟੀਕਤਾ ਨਾਲ ਅੰਜਾਮ ਦਿੱਤਾ। ਰਾਜਨਾਥ ਨੇ ਕਿਹਾ ਕਿ ਭਾਰਤੀ ਸ਼ਸ਼ਤਰ ਬਲਾਂ ਨੇ ਕਿਸੇ ‘ਨਿਰਦੋਸ਼ ਨਾਗਰਿਕ’ ਨੂੰ ਨੁਕਸਾਨ ਪਹੁੰਚਾਏ ਬਿਨਾਂ ਅਤੇ ‘ਘੱਟੋ-ਘੱਟ ਜਾਨੀ ਨੁਕਸਾਨ’ ਨੂੰ ਯਕੀਨੀ ਬਣਾਉਂਦੇ ਹੋਏ ਜਿਸ ‘ਸਟੀਕਤਾ’ ਨਾਲ ‘ਆਪਰੇਸ਼ਨ ਸਿੰਦੂਰ’ ਨੂੰ ਅੰਜਾਮ ਦਿੱਤਾ, ਉਹ ‘ਅਕਲਪਨੀਯ ਅਤੇ ਰਾਸ਼ਟਰ ਲਈ ਮਾਣ ਦੀ ਗੱਲ’ ਹੈ। ਪਹਿਲਗਾਮ ਹਮਲੇ ਦੇ ਜਵਾਬ ਵਿੱਚ ਭਾਰਤੀ ਸ਼ਸ਼ਤਰ ਬਲਾਂ ਨੇ ਬੁੱਧਵਾਰ ਸਵੇਰੇ ਅੱਤਵਾਦੀ ਸਮੂਹ ਜੈਸ਼-ਏ-ਮੁਹੰਮਦ (ਜੇਈਐਮ) ਦੇ ਗੜ੍ਹ ਬਹਾਵਲਪੁਰ ਸਮੇਤ ਕਈ ਅੱਤਵਾਦੀ ਠਿਕਾਣਿਆਂ ’ਤੇ ਮਿਸਾਈਲ ਹਮਲੇ ਕੀਤੇ।ਉਨ੍ਹਾਂ ਨੇ ਸੇਨਾ ਦੇ ਜਵਾਨਾਂ ਨੂੰ ਸਾਧੂਵਾਦ ਦਿੱਤਾ, ਜਿਨ੍ਹਾਂ ਨੇ ਆਪ੍ਰੇਸ਼ਨ ਸਿੰਦੂਰ ਚਲਾ ਕੇ ਅੱਤਵਾਦ ਦੇ ਉੱਪਰ ਸਖਤ ਵਾਰ ਕੀਤਾ ਹੈ। ਉਨ੍ਹਾਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਵਿਦੇਸ਼ ਕੂਟੀਨੀਤੀ ਤਹਿਤ ਅੱਤਵਾਦ ”ਤੇ ਜ਼ੀਰੋ ਟੋਲਰੇਂਸ ਨੀਤੀ ’ਤੇ ਕੰਮ ਕਰ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਅੱਜ ਦੇਸ਼ ਅੱਤਵਾਦ ਦੇ ਖਿਲਾਫ ਇੱਕਜੁੱਟ ਹੈ। ਸਾਡੀ ਸੇਨਾਵਾਂ ਨੇ ਜੋ ਕਾਰਵਾਈ ਕੀਤੀ ਹੈ ਪੂਰਾ ਦੇਸ਼ ਆਰਮਡ ਫੋਰਸਾਂ ਦੇ ਨਾਲ ਖੜਾ ਹੈ। ਦੇਸ਼ ਦੀ ਮੌਜੂਦਾ ਸਥਿਤੀਆਂ ਵਿੱਚ ਮਾਨ ਸਾਹਬ ਵੱਲੋਂ ਸਿਆਸਤ ਕਰਨਾ ਮੰਦਭਾਗੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਅੱਜ ਜਦੋਂ ਦੇਸ਼ ਅਜਿਹੀ ਸਥਿਤੀ ਵਿੱਚ ਹੈ, ਉਸ ਸਮੇਂ ਵੀ ਮਾਨ ਸਾਹਬ ਆਪਣੀ ਸਿਆਸਤ ਵਿੱਚ ਲੱਗੇ ਹੋਏ ਹਨ, ਉਹ ਮੰਦਭਾਗੀ ਹੈ। ਉਹ ਹਾਈਕੋਰਟ ਦੇ ਫੈਸਲੇ ਦੀ ਅਵਮਾਨਨਾ ਹਨ। ਸੰਵੈਧਾਨਿਕ ਚੇਅਰ ਦੇ ਫੈਸਲੇ ਨੂੰ ਕਾਇਮ ਰੱਖਣਾ, ਉਸ ਦਾ ਸਨਮਾਨ ਕਰਨਾ ਇਹ ਸਾਡੀ ਜਿਮੇਵਾਰੀ ਹੈ।



# ਕੀ ਚਿਕਨ ਖਾਣ ਨਾਲ ਕੈਂਸਰ ਹੋ ਸਕਦਾ ਹੈ? ਜਾਣੋ ਕੀ ਕਹਿੰਦੀ ਹੈ ਰਿਸਰਚ

ਨੈਸ਼ਨਲ ਡੈਸਕ 8 ਮਈ। ਜੇਕਰ ਤੁਸੀਂ ਵੀ ਚਿਕਨ ਖਾਣ ਦੇ ਸ਼ੌਕੀਨ ਹੋ ਤਾਂ ਤੁਹਾਨੂੰ ਅਮਰੀਕਾ ਵਿੱਚ ਕੀਤੀ ਗਈ ਇੱਕ ਰਿਸਰਚ ਜ਼ਰੂਰ ਪੜ੍ਹਨੀ ਚਾਹੀਦੀ ਹੈ। 19 ਸਾਲਾਂ ਤੱਕ ਚੱਲੀ ਇਸ ਖੋਜ ਵਿੱਚ 4000 ਲੋਕਾਂ ਨੂੰ ਸ਼ਾਮਲ ਕੀਤਾ ਗਿਆ ਸੀ। ਖੋਜ ਦੇ ਨਤੀਜੇ ਬਹੁਤ ਹੀ ਹੈਰਾਨ ਕਰਨ ਵਾਲੇ ਹਨ। ਇਹ ਤੁਹਾਡੀ ਸਿਹਤ ਨਾਲ ਸਬੰਧਤ ਹੈ। ਜੇਕਰ ਤੁਸੀਂ ਚਿਕਨ ਖਾਣ ਦੇ ਸ਼ੌਕੀਨ ਹੋ, ਤਾਂ ਤੁਹਾਨੂੰ ਆਪਣੇ ਇਸ ਸ਼ੌਕ 'ਤੇ ਮੁੜ ਵਿਚਾਰ ਕਰਨਾ ਪੈ ਸਕਦਾ ਹੈ। ਖੋਜਕਰਤਾਵਾਂ ਨੇ ਇਹ ਖੋਜ ਹਫ਼ਤੇ ਵਿੱਚ ਸਿਰਫ਼ 300 ਗ੍ਰਾਮ ਚਿਕਨ ਖਾਣ 'ਤੇ ਕੀਤੀ। ਹਫ਼ਤੇ ਵਿੱਚ ਸਿਰਫ਼ 300 ਗ੍ਰਾਮ ਚਿਕਨ ਖਾਣ ਨਾਲ ਮੌਤ ਦਾ ਖ਼ਤਰਾ 27 ਪ੍ਰਤੀਸ਼ਤ ਵੱਧ ਜਾਂਦਾ ਹੈ। ਜਦੋਂ ਕਿ ਇਹ ਖ਼ਤਰਾ ਉਨ੍ਹਾਂ ਲੋਕਾਂ ਵਿੱਚ ਦੁੱਗਣਾ ਹੋ ਜਾਂਦਾ ਹੈ ਜੋ ਇੱਕ ਹਫ਼ਤੇ ਵਿੱਚ 300 ਗ੍ਰਾਮ ਤੋਂ ਵੱਧ ਚਿਕਨ ਖਾਂਦੇ ਹਨ। ਸਾਡੇ ਦੇਸ਼ ਵਿੱਚ ਚਿਕਨ ਨੂੰ ਮਾਸਾਹਾਰੀ ਵਜੋਂ ਬਹੁਤ ਵਰਤਿਆ ਜਾਂਦਾ ਹੈ। ਆਮ ਤੌਰ 'ਤੇ ਇਹ ਮੰਨਿਆ ਜਾਂਦਾ ਹੈ ਕਿ ਚਿਕਨ ਸਿਹਤ ਲਈ ਚੰਗਾ ਹੁੰਦਾ ਹੈ ਅਤੇ ਇਹ ਵਿਟਾਮਿਨ ਬੀ-12 ਅਤੇ ਕੋਲੀਨ ਵੀ ਪ੍ਰਦਾਨ ਕਰਦਾ ਹੈ। ਜੋ ਦਿਮਾਗ ਲਈ ਚੰਗੇ ਹੁੰਦੇ ਹਨ। ਬਹੁਤ ਸਾਰੇ ਲੋਕ ਹਨ ਜੋ ਹਰ ਰੋਜ਼ ਚਿਕਨ ਖਾਂਦੇ ਹਨ। ਅਮਰੀਕਾ ਵਿੱਚ ਕੀਤੀ ਗਈ ਖੋਜ ਨੂੰ ਪੜ੍ਹਨ ਤੋਂ ਬਾਅਦ, ਤੁਹਾਨੂੰ ਆਪਣੀ ਇਹ ਆਦਤ ਬਦਲਣੀ ਪੈ ਸਕਦੀ ਹੈ। ਖੋਜ ਦੇ ਅਨੁਸਾਰ, ਹਫ਼ਤੇ ਵਿੱਚ 300 ਗ੍ਰਾਮ ਚਿਕਨ ਖਾਣ ਨਾਲ ਗੈਸਟਰੋਇੰਟੇਸਟਾਈਨਲ ਕੈਂਸਰ ਦਾ ਖ਼ਤਰਾ 27 ਪ੍ਰਤੀਸ਼ਤ ਵੱਧ ਜਾਂਦਾ ਹੈ। ਚਾਰ ਹਜ਼ਾਰ ਲੋਕਾਂ 'ਤੇ 19 ਸਾਲਾਂ ਤੱਕ ਕੀਤੀ ਗਈ ਖੋਜ ਤੋਂ ਇਹ ਵੀ ਪਤਾ ਲੱਗਾ ਹੈ ਕਿ ਔਰਤਾਂ ਦੇ ਮੁਕਾਬਲੇ ਮਰਦਾਂ ਨੂੰ ਇਸ ਕੈਂਸਰ ਦਾ ਖ਼ਤਰਾ ਜ਼ਿਆਦਾ ਹੁੰਦਾ ਹੈ। ਨਿਊਟ?ਰੀਐਂਟਸ ਵਿੱਚ ਪ੍ਰਕਾਸ਼ਿਤ ਖੋਜ ਦੇ ਅਨੁਸਾਰ, ਇਹ ਖੋਜ ਗੈਸਟਰੋਇੰਟੇਸਟਾਈਨਲ ਕੈਂਸਰ ਕਾਰਨ ਹੋਣ ਵਾਲੀਆਂ ਮੌਤਾਂ ਦੀ ਉੱਚ ਗਿਣਤੀ ਦੇ ਸੰਬੰਧ ਵਿੱਚ ਕੀਤੀ ਗਈ ਸੀ। ਖੋਜ ਵਿੱਚ, ਖੁਰਾਕ ਦਿਸ਼ਾ-ਨਿਰਦੇਸ਼ 2020-2025 ਦੇ ©9®$ ਦੀ ਪਾਲਣਾ ਕਰਨ ਦੀ ਸਲਾਹ ਦਿੱਤੀ ਗਈ ਹੈ। ਖੋਜ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਲਾਲ ਮੀਟ ਅਤੇ ਪ੍ਰੋਸੈਸਡ ਮੀਟ ਬਾਰੇ ਪਹਿਲਾਂ ਹੀ ਚਿੰਤਾਵਾਂ ਹਨ। ਚਿੱਟੇ ਮਾਸ ਨੂੰ ਲਾਲ ਮਾਸ ਨਾਲੋਂ ਸੁਰੱਖਿਅਤ ਮੰਨਿਆ ਜਾਂਦਾ ਸੀ, ਪਰ ਖੋਜ ਤੋਂ ਬਾਅਦ, ਚਿੱਟੇ ਮਾਸ ਦਾ ਸੇਵਨ ਵੀ ਘਾਤਕ ਸਾਬਤ ਹੋਇਆ ਹੈ। ਖੋਜ ਸੁਝਾਅ ਦਿੰਦੀ ਹੈ ਕਿ ਹਫ਼ਤੇ ਵਿੱਚ 100 ਗ੍ਰਾਮ ਚਿਕਨ ਖਾਣਾ ਕਾਫ਼ੀ ਹੱਦ ਤੱਕ ਸੁਰੱਖਿਅਤ ਹੈ, ਪਰ ਉਨ੍ਹਾਂ ਲੋਕਾਂ ਬਾਰੇ ਹੋਰ ਖੋਜ ਦੀ ਅਜੇ ਵੀ ਲੋੜ ਹੈ ਜੋ ਹਫ਼ਤੇ ਵਿੱਚ 300 ਗ੍ਰਾਮ ਜਾਂ ਇਸ ਤੋਂ ਵੱਧ ਚਿਕਨ ਖਾਂਦੇ ਹਨ। ਖੋਜਕਰਤਾਵਾਂ ਨੇ ਆਪਣੀ ਖੋਜ ਵਿੱਚ ਕਸਰਤ ਅਤੇ ਜੀਵਨ ਸ਼ੈਲੀ ਨੂੰ ਸ਼ਾਮਲ ਨਹੀਂ ਕੀਤਾ। ਖੋਜ ਵਿੱਚ ਕਿਹਾ ਗਿਆ ਹੈ ਕਿ ਪ੍ਰੋਸੈਸਡ ਚਿਕਨ, ਕਸਰਤ ਅਤੇ ਜੀਵਨ ਸ਼ੈਲੀ 'ਤੇ ਵੀ ਖੋਜ ਦੀ ਲੋੜ ਹੈ। ਇਸ ਵੇਲੇ, ਖੋਜਕਰਤਾਵਾਂ ਨੇ ਚਿਕਨ ਦੀ ਖਪਤ ਘਟਾਉਣ ਦੀ ਸਲਾਹ ਦਿੱਤੀ ਹੈ।

## ਅਗਵਾ ਕਰ ਕੀਤੀ ਕੁੱਟਮਾਰ ਤੇ ਫਿਰ ਸੋਸ਼ਲ ਮੀਡੀਆ 'ਤੇ ਮਿੰਨਤਾਂ ਕਰਦੇ ਦੀ ਪਾ ਦਿੱਤੀ ਵੀਡੀਓ

ਮਾਛੀਵਾੜਾ ਸਾਹਿਬ 8 ਮਈ। ਨੇੜਲੇ ਪਿੰਡ ਲੁਹਾਰੀਆਂ ਵਿਖੇ ਅੱਜ ਇਕ ਵੀਡੀਓ ਵਾਇਰਲ ਹੋਈ ਜਿਸ ਵਿਚ ਇਕ ਨੌਜਵਾਨ ਨੂੰ ਕੁਝ ਨੌਜਵਾਨਾਂ ਵੱਲੋਂ ਅਗਵਾ ਕਰ ਲਿਆ ਗਿਆ ਤੇ ਇਸ ਦੌਰਾਨ ਵੀਡੀਓ ਵਿਚ ਨੌਜਵਾਨ ਕਿਡਨੈਪਰਾਂ ਦੀਆਂ ਮਿੰਨਤਾਂ ਪਾਉਂਦਾ ਦਿਖਾਈ ਦੇ ਰਿਹਾ ਹੈ। ਇਹ ਮਾਮਲਾ ਪੁਰਾਣੀ ਰੰਜਿਸ਼ ਦਾ ਦੱਸਿਆ ਜਾ ਰਿਹਾ ਹੈ। ਇਸ ਦੌਰਾਨ ਜਗਦੀਪ ਸਿੰਘ ਤੇ ਉਸਦਾ ਪਿਤਾ ਮਲਕੀਤ ਸਿੰਘ ਸਮਰਾਲਾ ਹਸਪਤਾਲ ਵਿਖੇ ਇਲਾਜ ਅਧੀਨ ਹਨ। ਮਲਕੀਤ ਸਿੰਘ ਨੇ ਦੱਸਿਆ ਕਿ ਉਹ ਬਾਅਦ ਦੁਪਹਿਰ ਆਪਣੀ ਪਤਨੀ ਨਾਲ ਮਨਰੇਗਾ ਯੋਜਨਾ ਤਹਿਤ ਪਿੰਡ ਵਿਚ ਮਜ਼ਦੂਰੀ ਕਰ ਰਹੇ ਸਨ ਕਿ ਉਨ੍ਹਾਂ ਦਾ ਪੁੱਤਰ ਜਗਦੀਪ ਸਿੰਘ ਉਨ੍ਹਾਂ ਨੂੰ ਚਾਹ ਦੇਣ ਆਇਆ ਸੀ। ਇਸ ਦੌਰਾਨ ਇੱਕ ਕਾਰ 'ਤੇ ਸਵਾਰ ਹੋ ਕੇ 6 ਨੌਜਵਾਨ ਆਏ ਜਿਨ੍ਹਾਂ ਨੇ ਆਉਂਦਿਆਂ ਸਾਰ ਉਸ ਦੇ ਪੁੱਤਰ ਜਗਦੀਪ ਸਿੰਘ 'ਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਦਿੱਤਾ। ਜਦੋਂ ਉਹ ਆਪਣੇ ਪੁੱਤਰ ਨੂੰ ਬਚਾਉਣ ਲਈ ਗਿਆ ਤਾਂ ਉਸ 'ਤੇ ਵੀ ਤੇਜ਼ਧਾਰ ਹਥਿਆਰਾਂ ਨਾਲ ਵਾਰ ਕੀਤਾ ਜੋ ਉਸਦੀ ਬਾਂਹ 'ਤੇ ਲੱਗਾ। ਮਲਕੀਤ ਸਿੰਘ ਅਨੁਸਾਰ ਇਹ ਕਾਰ ਸਵਾਰ ਉਸ ਦੇ ਪੁੱਤਰ ਜਗਦੀਪ ਸਿੰਘ ਨੂੰ ਧੱਕੇ ਨਾਲ ਅਗਵਾ ਕਰਕੇ ਲੈ ਸਮਰਾਲਾ ਹਸਪਤਾਲ ਵਿਖੇ ਇਲਾਜ ਅਧੀਨ ਹਨ। ਮਲਕੀਤ ਸਿੰਘ ਨੇ ਦੱਸਿਆ ਕਿ ਉਹ ਬਾਅਦ ਦੁਪਹਿਰ ਆਪਣੀ ਪਤਨੀ ਨਾਲ ਮਨਰੇਗਾ ਯੋਜਨਾ ਤਹਿਤ ਪਿੰਡ ਵਿਚ ਮਜ਼ਦੂਰੀ ਕਰ ਰਹੇ ਸਨ ਕਿ ਉਨ੍ਹਾਂ ਦਾ ਪੁੱਤਰ ਜਗਦੀਪ ਸਿੰਘ ਉਨ੍ਹਾਂ ਨੂੰ ਚਾਹ ਦੇਣ ਆਇਆ ਸੀ। ਇਸ ਦੌਰਾਨ ਇੱਕ ਕਾਰ 'ਤੇ ਸਵਾਰ ਹੋ ਕੇ 6 ਨੌਜਵਾਨ ਆਏ ਜਿਨ੍ਹਾਂ ਨੇ ਆਉਂਦਿਅਗਏ ਅਤੇ ਉਸਦੀ ਵੀਡੀਓ ਬਣਾ ਪਿੰਡ ਦੇ ਬਾਹਰ ਜਾ ਕੇ ਸੁੱਟ ਦਿੱਤਾ। ਮਲਕੀਤ ਸਿੰਘ ਅਨੁਸਾਰ ਹਮਲਾਵਾਰ ਨੌਜਵਾਨਾਂ ਨਾਲ ਉਸਦੇ ਪੁੱਤਰ ਦੀ ਪੁਰਾਣੀ ਰੰਜਿਸ਼ ਸੀ ਅਤੇ ਉਨ੍ਹਾਂ ਨੇ ਗੱਡੀ 'ਚ ਅਗਵਾ ਕਰਨ ਤੋਂ ਬਾਅਦ ਉਸਦੀ ਵੀਡੀਓ ਬਣਾਈ ਜੋ ਕਿ ਸੋਸ਼ਲ ਮੀਡੀਆ 'ਤੇ ਵਾਈਰਲ ਕਰ ਦਿੱਤੀ। ਹਮਲਾਵਾਰਾਂ ਵੱਲੋਂ ਜਖ਼ਮੀ ਜਗਦੀਪ ਸਿੰਘ ਨੂੰ ਕਾਰ ਵਿਚ ਜਦੋਂ ਅਗਵਾ ਕਰ ਲਿਆ ਗਿਆ ਤਾਂ ਉਸਦੀ ਹਾੜੇ ਤੇ ਮਿੰਨਤਾਂ ਤਰਲੇ ਕਰਨ ਦੀ ਵੀਡੀਓ ਇੱਕ ਰੈਪਰ ਦਾ ਗੀਤ ਲਗਾ ਕੇ ਵਾਈਰਲ ਕੀਤੀ ਗਈ। ਕਾਰ ਵਿਚ ਜਖ਼ਮੀ ਹੋਇਆ ਜਗਦੀਪ ਸਿੰਘ ਉਨ੍ਹਾਂ ਨੂੰ ਛੱਡਣ ਲਈ ਮਿੰਨਤਾਂ ਕਰ ਰਿਹਾ ਹੈ ਪਰ ਹਮਲਾਵਾਰ ਉਸ ਨਾਲ ਕੁੱਟਮਾਰ ਕਰ ਰਹੇ ਹਨ। ਪਹਿਲਾਂ ਤਾਂ ਹਮਲਾਵਾਰਾਂ ਨੇ ਵੀਡੀਓ ਸੋਸ਼ਲ ਮੀਡੀਆ 'ਤੇ ਪਾ ਦਿੱਤੀ ਪਰ ਬਾਅਦ ਵਿਚ ਇਸ ਨੂੰ ਡਿਲੀਟ ਕਰ ਦਿੱਤਾ।

## ਨਸ਼ੀਲੀਆਂ ਗੋਲੀਆਂ ਸਪਲਾਈ ਕਰਨ ਜਾਂਦੇ ਸਮੇਂ ਨਸ਼ਾ ਸਮੱਗਲਰ ਕਾਬੂ

ਲੁਧਿਆਣਾ 8 ਮਈ। ਮਾਡਲ ਟਾਊਨ ਥਾਣੇ ਦੀ ਪੁਲਸ ਨੇ ਇਕ ਨਸ਼ਾ ਸਮੱਗਲਰ ਨੂੰ ਗ੍ਰਿਫਤਾਰ ਕੀਤਾ, ਜੋ ਨਸ਼ੀਲੀਆਂ ਗੋਲੀਆਂ ਸਪਲਾਈ ਕਰਨ ਜਾ ਰਿਹਾ ਸੀ। ਪੁਲਸ ਨੇ ਮੁਲਜ਼ਮਾਂ ਤੋਂ 50 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਹਨ। ਪੁਲਸ ਨੇ ਮੁਲਜ਼ਮਾਂ ਖਿਲਾਫ ਨਸ਼ੀਲੇ ਪਦਾਰਥਾਂ ਦੀ ਸਮੱਗਲਿੰਗ ਦਾ ਮਾਮਲਾ ਦਰਜ ਕੀਤਾ ਹੈ। ਪੁਲਸ ਨੇ ਮੁਲਜ਼ਮਾਂ ਖਿਲਾਫ ਅਬਦੁੱਲਾਪੁਰ ਬਸਤੀ 'ਚ ਕੇਸ ਦਰਜ ਕੀਤਾ ਹੈ। ਦੋਸ਼ੀ ਦੀ ਪਛਾਣ ਵਿਕਰਮਜੀਤ ਸਿੰਘ ਉਰਫ ਵਿੱਕੀ ਵਜੋਂ ਹੋਈ ਹੈ, ਜੋ ਕਿ ਪਿੰਡ ਦਾ ਰਹਿਣ



ਵਾਲਾ ਹੈ। ਸਬ-ਇੰਸਪੈਕਟਰ ਰਵਿੰਦਰ ਕੁਮਾਰ ਨੇ ਦੱਸਿਆ ਕਿ ਜਦੋਂ ਉਨ੍ਹਾਂ ਦੀ ਪੁਲਸ ਪਾਰਟੀ ਪ੍ਰੀਤ ਪੈਲੇਸ ਨੇੜੇ ਮੌਜੂਦ ਸੀ, ਤਾਂ ਉਨ੍ਹਾਂ ਨੂੰ ਸੂਚਨਾ ਮਿਲੀ ਕਿ ਦੋਸ਼ੀ ਇਲਾਕੇ 'ਚ ਨਸ਼ੀਲੀਆਂ ਗੋਲੀਆਂ ਵੰਡ ਰਿਹਾ ਹੈ। ਸੂਚਨਾ ਦੇ ਆਧਾਰ 'ਤੇ ਕਾਰਵਾਈ ਕਰਦੇ ਹੋਏ, ਪੁਲਸ ਨੇ ਆਤਮ ਪਾਰਕ ਨੇੜੇ ਉਸ ਜਗ?ਹਾ 'ਤੇ ਛਾਪਾ ਮਾਰਿਆ, ਜਦੋਂ ਮੁਲਜ਼ਮ ਨਸ਼ੀਲੇ ਪਦਾਰਥਾਂ ਦੀ ਸਪਲਾਈ ਕਰਨ ਲਈ ਇਕ ਗਾਹਕ ਦੀ ਉਡੀਕ ਕਰ ਰਿਹਾ ਸੀ। ਸਬ-ਇੰਸਪੈਕਟਰ ਰਵਿੰਦਰ ਕੁਮਾਰ ਨੇ ਦੱਸਿਆ ਕਿ ਮੁਲਜ਼ਮ ਤੋਂ ਪੁੱਛਗਿੱਛ ਕਰ ਕੇ ਇਹ ਪਤਾ ਲਗਾਇਆ ਜਾ ਰਿਹਾ ਹੈ ਕਿ ਉਹ ਨਸ਼ੀਲੀਆਂ ਗੋਲੀਆਂ ਕਿਥੋਂ ਲਿਆਉਂਦਾ ਸੀ ਅਤੇ ਕਿਹੜੇ-ਕਿਹੜੇ ਇਲਾਕਿਆਂ 'ਚ ਸਪਲਾਈ ਕਰਦਾ ਸੀ। ਦੋਸ਼ੀ ਤੋਂ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ।

## ਰੇਲ ਯਾਤਰੀਆਂ ਲਈ ਰਾਹਤ ਦੀ ਖ਼ਬਰ, ਇਹ ਟਰੇਨਾਂ ਮੁੜ ਹੋਈਆਂ ਸ਼ੁਰੂ

ਬਟਾਲਾ 8 ਮਈ। ਅੰਮ੍ਰਿਤਸਰ ਤੋਂ ਜੰਮੂ ਵਾਇਆ ਬਟਾਲਾ ਜਾਣ ਵਾਲੀ ਟਾਟਾ ਮੂਰੀ/ਸੰਭਲਪੁਰ ਐਕਸਪ੍ਰੈੱਸ ਟ?ਰੇਨ 18101/18102 ਅਤੇ 18309/18310 ਦੇ ਮੁੜ ਸ਼ੁਰੂ ਹੋਣ ਨਾਲ ਯਾਤਰੀਆਂ ਨੇ ਰਾਹਤ ਦਾ ਸਾਹ ਲਿਆ ਹੈ, ਜੋ ਕਿ ਪਿਛਲੇ 6 ਮਹੀਨਿਆਂ ਤੋਂ ਬੰਦ ਸੀ। ਇਸ ਸਬੰਧੀ ਰੇਲਵੇ ਖਪਤਕਾਰ ਸਲਾਹਕਾਰ ਕਮੇਟੀ ਦੇ ਮੈਂਬਰ ਅਤੇ ਏ. ਬੀ. ਪੀ. ਪੈਸੰਜਰ ਵੈੱਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਸੁਰੇਸ਼ ਕੁਮਾਰ ਗੋਇਲ ਨੇ ਕਿਹਾ ਕਿ ਟਾਟਾ ਨਗਰ ਅਤੇ ਸੰਭਲਪੁਰ ਤੋਂ ਆਉਣ ਵਾਲੀਆਂ ਇਹ ਰੇਲਗੱਡੀਆਂ ਨਵੰਬਰ ਤੋਂ ਸਿਰਫ਼ ਅੰਮ੍ਰਿਤਸਰ ਤੱਕ ਹੀ ਚੱਲ ਰਹੀਆਂ ਸਨ ਅਤੇ ਅੰਮ੍ਰਿਤਸਰ ਤੋਂ ਜੰਮੂ ਜਾਣ ਵਾਲੀਆਂ ਇਹ ਰੇਲਗੱਡੀਆਂ ਅਣਜਾਣ ਕਾਰਨਾਂ ਕਰਕੇ ਰੋਕ



ਦਿੱਤੀਆਂ ਗਈਆਂ ਸਨ। ਇਨ੍ਹਾਂ ਰੇਲ ਗੱਡੀਆਂ ਦੇ ਬੰਦ ਹੋਣ ਕਾਰਨ ਧਾਰਮਿਕ ਸ਼ਹਿਰ ਅੰਮ੍ਰਿਤਸਰ ਤੋਂ ਬਟਾਲਾ ਰਾਹੀਂ ਪਵਿੱਤਰ ਮਾਂ ਵੈਸ਼ਨੋ ਦੇਵੀ ਦੇ ਦਰਸ਼ਨਾਂ ਲਈ ਜਾਣ ਵਾਲੇ ਹਜ਼ਾਰਾਂ ਸ਼ਰਧਾਲੂਆਂ ਨੂੰ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਉਨ੍ਹਾਂ ਕਿਹਾ ਕਿ ਮੇਰੇ ਵੱਲੋਂ ਇਸ ਸੇਵਾ ਨੂੰ ਚਾਲੂ ਕਰਨ ਲਈ ਨਿਰੰਤਰ ਯਤਨ ਕੀਤੇ ਜਾ ਰਹੇ ਹਨ ਤਾਂ ਜੋ ਸ਼ਰਧਾਲੂਆਂ ਦੀਆਂ ਮੁਸ਼ਕਿਲਾਂ ਦਾ ਹੱਲ ਹੋ ਸਕੇ ਅਤੇ ਉਹ ਪਵਿੱਤਰ, ਧਾਰਮਿਕ ਅਤੇ ਆਸਥਾ ਦੇ ਕੇਂਦਰਾਂ ਦੇ ਦਰਸ਼ਨ ਕਰ ਸਕਣ। ਗੋਇਲ ਨੇ ਅੱਗੇ ਕਿਹਾ ਕਿ ਅੱਜ ਸਾਨੂੰ ਉਸ ਵੇਲੇ ਸਫਲਤਾ ਮਿਲੀ ਜਦੋਂ ਡਵੀਜ਼ਨ ਦੇ ਸੀਨੀਅਰ ਆਪ੍ਰੇਸ਼ਨ ਮੈਨੇਜਰ ਗੁਰਸ਼ਰਨ ਪਾਠਕ ਦੇ ਯਤਨਾਂ ਸਦਕਾ ਇਹ ਰੇਲਗੱਡੀ ਅੱਜ ਤੋਂ ਜੰਮੂ ਲਈ ਚੱਲਣੀ ਸ਼ੁਰੂ ਹੋ ਗਈ। ਇਸ ਰੇਲਗੱਡੀ ਦੇ ਮੁੜ ਸ਼ੁਰੂ ਹੋਣ ਨਾਲ ਹਜ਼ਾਰਾਂ ਯਾਤਰੀਆਂ ਦੀ ਅਸੁਵਿਧਾ ਦੂਰ ਹੋ ਗਈ ਹੈ।

## ਪੁੱਤ ਨੂੰ ਪ੍ਰੇਮਿਕਾ ਨਾਲ ਚਾਉਮੀਨ ਖਾਂਦੇ ਦੇਖ ਮਾਂ ਨੂੰ ਚੜ੍ਹ ਆ ਗੁੱਸਾ, ਬਾਜ਼ਾਰ 'ਚ ਦੋਵਾਂ ਨੂੰ ਕੁੱਟਿਆ

ਨੈਸ਼ਨਲ ਡੈਸਕ 8 ਮਈ। ਕਾਨਪੁਰ 'ਚ ਇੱਕ ਪ੍ਰੇਮੀ-ਜੋੜੇ ਦਾ ਦਿਲਚਸਪ ਮਾਮਲਾ ਦੇਖਣ ਨੂੰ ਮਿਲਿਆ। ਨੌਜਵਾਨ ਨੂੰ ਆਪਣੀ ਪ੍ਰੇਮਿਕਾ ਨਾਲ ਚੌਕ 'ਤੇ ਚਾਉਮੀਨ ਖਾਣਾ ਉਦੋਂ ਮਹਿੰਗਾ ਪਿਆ, ਜਦੋਂ ਉਸਦੀ ਮਾਂ ਨੇ ਚਾਉਮੀਨ ਖਾਂਦੇ ਫੜ ਲਿਆ ਅਤੇ ਬੁਰੀ ਤਰ੍ਹਾਂ ਕੁੱਟਿਆ। ਇਸ ਦੌਰਾਨ ਜਦੋਂ ਪ੍ਰੇਮਿਕਾ ਨੇ ਦਖਲ ਦੇਣ ਦੀ ਕੋਸ਼ਿਸ਼ ਕੀਤੀ ਤਾਂ ਨੌਜਵਾਨ ਦੀ ਮਾਂ ਨੇ ਉਸ ਨੂੰ ਵੀ ਕੁੱਟਿਆ। ਇਕ ਦੀ ਰਿਪੋਰਟ ਅਨੁਸਾਰ ਘਟਨਾ ਦਾ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਗਿਆ ਹੈ। ਇਹ ਘਟਨਾ ਗੁਜੈਨੀ ਥਾਣਾ ਖੇਤਰ ਦੇ ਰਾਮਗੋਪਾਲ ਕਰਾਸਿੰਗ 'ਤੇ ਵਾਪਰੀ। ਮਾਂ ਸੁਸ਼ੀਲਾ ਆਪਣੇ ਪੁੱਤਰ ਨੂੰ ਚੌਰਾਹੇ ਦੇ ਵਿਚਕਾਰ ਆਪਣੀ ਪ੍ਰੇਮਿਕਾ ਨਾਲ ਚਾਉਮੀਨ ਖਾਂਦੇ ਦੇਖ ਕੇ ਗੁੱਸੇ ਵਿੱਚ ਆ ਗਈ। ਉਸਨੇ ਆਪਣੇ ਪਤੀ ਨੂੰ ਸਾਈਕਲ ਰੋਕਣ ਲਈ ਕਿਹਾ। ਪੁੱਤਰ ਨੇ ਵੀ ਆਪਣੀ ਮਾਂ ਨੂੰ ਆਪਣੇ ਵੱਲ ਆਉਂਦੇ ਦੇਖਿਆ। ਉਸਨੇ ਆਪਣੀ ਪ੍ਰੇਮਿਕਾ ਨੂੰ ਸਕੂਟਰ ਸਟਾਰਟ ਕਰਨ ਅਤੇ ਭੱਜਣ ਲਈ ਕਿਹਾ। ਪ੍ਰੇਮਿਕਾ ਨੇ ਸਕੂਟਰ ਸਟਾਰਟ ਕੀਤਾ ਅਤੇ ਆਪਣੇ ਬੁਆਇਫ?ਰੈਂਡ ਨਾਲ ਭੱਜਣ ਲੱਗੀ ਪਰ ਮਾਂ ਸੁਸ਼ੀਲਾ ਨੇ ਪੁੱਤਰ ਰੋਹਿਤ ਨੂੰ ਸਕੂਟਰ ਦੇ ਪਿੱਛੇ ਤੋਂ ਫੜ ਲਿਆ ਅਤੇ ਹੇਠਾਂ ਸੁੱਟ ਦਿੱਤਾ। ਫਿਰ ਉਸਨੇ ਚੌਰਾਹੇ ਦੇ ਵਿਚਕਾਰ ਆਪਣੇ ਪੁੱਤਰ ਨੂੰ ਬੇਰਹਿਮੀ ਨਾਲ ਕੁੱਟਿਆ। ਬੁਆਇਫ?ਰੈਂਡ ਰੋਹਿਤ ਨੂੰ ਕੁੱਟਦੇ ਦੇਖ ਕੇ ਪ੍ਰੇਮਿਕਾ ਉਸਨੂੰ ਬਚਾਉਣ ਲਈ ਆਈ ਪਰ ਨੌਜਵਾਨ ਦੀ ਮਾਂ ਨੇ ਉਸਨੂੰ ਵੀ ਕੁੱਟਿਆ। ਕੁੜੀ ਦੇ ਕੁਝ ਕਹਿਣ ਤੋਂ ਪਹਿਲਾਂ ਹੀ ਉਸਨੂੰ ਵਾਲਾਂ ਤੋਂ ਘਸੀਟਿਆ ਗਿਆ ਅਤੇ ਉਸੇ ਚੌਰਾਹੇ 'ਤੇ ਕੁੱਟਿਆ ਗਿਆ। ਮਾਂ ਨੇ ਪੁੱਤਰ ਅਤੇ ਪ੍ਰੇਮਿਕਾ ਨੂੰ ਫੜ ਲਿਆ ਅਤੇ ਉਨ੍ਹਾਂ ਨੂੰ ਪੁਲਿਸ ਸਟੇਸ਼ਨ ਲੈ ਗਈ। ਇੱਥੇ ਪੁਲਿਸ ਨੇ ਸਾਰਿਆਂ ਨੂੰ ਸਥਿਤੀ ਸਮਝਾ ਕੇ ਸ਼ਾਂਤ ਕੀਤਾ। ਇਸ ਮਾਮਲੇ ਵਿੱਚ ਏਡੀਸੀਪੀ ਮਹੇਸ਼ ਕੁਮਾਰ ਦਾ ਕਹਿਣਾ ਹੈ ਕਿ ਮਾਮਲੇ ਦੀ ਜਾਣਕਾਰੀ ਮਿਲਣ ਤੋਂ ਬਾਅਦ ਪੁਲਿਸ ਮੌਕੇ 'ਤੇ ਪਹੁੰਚੀ। ਮੁੰਡੇ ਅਤੇ ਕੁੜੀ ਦੇ ਮਾਪਿਆਂ ਨੂੰ ਪੁਲਿਸ ਸਟੇਸ਼ਨ ਲਿਆਂਦਾ ਗਿਆ। ਕਿਸੇ ਵੀ ਪਾਰਟੀ ਨੇ ਕੋਈ ਅਰਜ਼ੀ ਨਹੀਂ ਦਿੱਤੀ।



## ਰੂੜੇਕੇ ਕਲਾਂ ਪੁਲਸ ਵੱਲੋਂ ਭਾਰੀ ਮਾਤਰਾ 'ਚ ਦੇਸੀ ਸ਼ਰਾਬ ਬਰਾਮਦ, ਔਰਤ ਗ੍ਰਿਫ਼ਤਾਰ

ਬਰਨਾਲਾ 8 ਮਈ। ਸੀਆਈਏ ਬਰਨਾਲਾ ਦੀ ਪੁਲਸ ਪਾਰਟੀ ਨੇ ਗਸ਼ਤ ਦੌਰਾਨ ਇਕ ਔਰਤ ਨੂੰ ਭਾਰੀ ਮਾਤਰਾ ਵਿਚ ਦੇਸੀ ਸ਼ਰਾਬ ਸਮੇਤ ਗ੍ਰਿਫ਼ਤਾਰ ਕੀਤਾ ਹੈ। ਸਹਾਇਕ ਥਾਣੇਦਾਰ ਸੁਖਚੈਨ ਸਿੰਘ ਦੀ ਅਗਵਾਈ ਵਾਲੀ ਪੁਲਸ ਪਾਰਟੀ ਹੰਡਿਆਇਆ ਤੋਂ ਗੁਰਦੁਆਰਾ ਅੜੀਸਰ ਸਾਹਿਬ ਵਾਲੇ ਰਸਤੇ ਪਿੰਡ ਧੋਲਾ ਵੱਲ ਜਾ ਰਹੀ ਸੀ। ਇਸ ਦੌਰਾਨ ਜਦੋਂ ਪੁਲਸ ਪਾਰਟੀ ਪੁੱਲ ਡਰੇਨ ਨੇੜੇ ਪਹੁੰਚੀ ਤਾਂ ਉਨ੍ਹਾਂ ਨੇ ਖੱਬੇ ਹੱਥ ਪਿੰਡ ਧੋਲਾ ਵਾਲੀ ਪੱਟੜੀ 'ਤੇ ਟ?ਰਾਈਡੈਂਟ ਫੈਕਟਰੀ ਵਾਲੇ ਪਾਸੇ ਤੋਂ ਇਕ ਔਰਤ ਨੂੰ ਸਿਰ 'ਤੇ ਭਾਰੀ




ਕੈਨੀ ਚੁੱਕੀ ਆਉਂਦੇ ਦੇਖਿਆ। ਪੁਲਸ ਦੀ ਗੱਡੀ ਦੇਖ ਕੇ ਔਰਤ ਘਬਰਾ ਗਈ, ਜਿਸ 'ਤੇ ਸ਼ੱਕ ਪੈਣ 'ਤੇ ਮਨ ਸੀਨੀਅਰ ਮਹਿਲਾ ਸਿਪਾਹੀ ਦੀ ਮਦਦ ਨਾਲ ਉਕਤ ਔਰਤ ਨੂੰ ਕਾਬੂ ਕਰ ਲਿਆ। ਪੁਲਸ ਨੇ ਜਦੋਂ ਔਰਤ ਦੇ ਸਿਰ 'ਤੇ ਚੁੱਕੀ ਕੈਨੀ ਨੂੰ ਖੋਲ੍ਹ ਕੇ ਚੈੱਕ ਕੀਤਾ ਤਾਂ ਉਸ ਵਿੱਚੋਂ ਦੇਸੀ ਸ਼ਰਾਬ ਬਰਾਮਦ ਹੋਈ। ਪੁਲਸ ਨੇ ਤੁਰੰਤ ਕਾਰਵਾਈ ਕਰਦੇ ਹੋਏ ਔਰਤ ਨੂੰ ਗ੍ਰਿਫ਼ਤਾਰ ਕਰ ਲਿਆ ਅਤੇ ਉਸਦੇ ਖਿਲਾਫ ਥਾਣਾ ਰੂੜੇਕੇ ਕਲਾਂ ਵਿਖੇ ਆਬਕਾਰੀ ਐਕਟ ਤਹਿਤ ਮੁਕੱਦਮਾ ਦਰਜ ਕਰ ਲਿਆ ਗਿਆ ਹੈ। ਪੁਲਸ ਹੁਣ ਇਸ ਗੱਲ ਦੀ ਜਾਂਚ ਕਰ ਰਹੀ ਹੈ ਕਿ ਔਰਤ ਇਹ ਸ਼ਰਾਬ ਕਿੱਥੋਂ ਲੈ ਕੇ ਆ ਰਹੀ ਸੀ ਅਤੇ ਇਸ ਵਿਚ ਹੋਰ ਕੌਣ ਸ਼ਾਮਲ ਹੈ। ਗ੍ਰਿਫ਼ਤਾਰ ਕੀਤੀ ਗਈ ਔਰਤ ਤੋਂ ਪੁੱਛਗਿੱਛ ਜਾਰੀ ਹੈ।

## ਕਣਕ ਦੀ ਫ਼ਸਲ ਚੋਰੀ ਨਾਲ ਵੱਢਣ ਦੇ ਦੋਸ਼ 'ਚ 3 ਲੋਕਾਂ ਖ਼ਿਲਾਫ਼ ਪਰਚਾ ਦਰਜ

ਜਲਾਲਾਬਾਦ 8 ਮਈ। ਥਾਣਾ ਸਦਰ ਜਲਾਲਾਬਾਦ ਦੀ ਪੁਲਸ ਵੱਲੋਂ ਪਿੰਡ ਲਮੋਚੜ ਖ਼ੁਰਦ ਉਰਫ਼ ਟਰਿਆ ਵਿਖੇ ਕਣਕ ਦੀ ਫ਼ਸਲ ਚੋਰੀ ਨਾਲ ਵੱਢਣ ਦੇ ਦੋਸ਼ ਵਿੱਚ 3 ਲੋਕਾਂ ਦੇ ਖ਼?ਲਾਫ਼ ਮੁਕੱਦਮਾ ਦਰਜ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਸੁਖਦੇਵ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਕਰਨੈਲ ਸਿੰਘ ਪੁੱਤਰ ਗੁਰਬਚਨ ਸਿੰਘ ਵਾਸੀ ਲਮੋਚੜ ਖੁਰਦ ਉਰਫ਼ ਟਰਿਆ ਵਲੋਂ ਪੁਲਸ ਕੋਲ ਬਿਆਨ ਦਰਜ ਕਰਵਾਏ ਗਏ ਹਨ ਕਿ ਉਸਦੀ ਮਾਲਕੀ ਜ਼ਮੀਨ ਰਕਮ ਪਿੰਡ ਲਮੋਚੜ ਖੁਰਦ ਉਰਫ਼ ਟਰਿਆ ਵਿਖੇ ਹੈ। ਇਸ ਵਿੱਚ ਉਸਨੇ ਕਣਕ ਦੀ ਕਾਸ਼ਤ ਕੀਤੀ ਹੋਈ ਸੀ, ਜੋ ਮਿਤੀ 19-04-2025 ਦੀ ਰਾਤ ਕਰੀਬ 7 ਵਜੇ ਖੇਤ ਵਿੱਚ ਗੇੜਾ ਮਾਰਨ ਲਈ ਗਿਆ ਸੀ ਤਾਂ ਉਸਨੂੰ ਪਤਾ ਚੱਲਿਆ ਕਿ ਆਪਣੀ ਮਾਲਕੀ ਜ਼ਮੀਨ ਵਿੱਚ ਬੀਜੀ ਹੋਈ ਕਣਕ ਦੀ ਫ਼ਸਲ ਰਣਜੀਤ ਸਿੰਘ, ਪ੍ਰੀਤਮ ਸਿੰਘ ਅਤੇ ਇੰਦਰ ਸਿੰਘ ਵਾਸੀਆਨ ਲਮੋਚੜ ਖੁਰਦ ਉਰਫ਼ ਟਰਿਆ ਚੋਰੀ ਨਾਲ ਵੱਢ ਕੇ ਲੈ ਗਏ ਹਨ। ਇਸ 'ਤੇ ਪੁਲਸ ਵੱਲੋਂ ਮੁਦੱਈ ਕਰਨੈਲ ਸਿੰਘ ਦੇ ਬਿਆਨਾਂ ਦੇ ਆਧਾਰ 'ਤੇ ਰਣਜੀਤ ਸਿੰਘ ਅਤੇ ਪ੍ਰੀਤਮ ਸਿੰਘ ਪੁਤਰਾਨ ਇੰਦਰ ਸਿੰਘ ਅਤੇ ਇੰਦਰ ਸਿੰਘ ਪੁੱਤਰ ਲੱਛਮਣ ਸਿੰਘ ਵਾਸੀਆਨ ਲਮੋਚੜ ਖੁਰਦ ਉਰਫ਼ ਟਰਿਆ ਦੇ ਖ਼?ਲਾਫ਼ ਮੁਕੱਦਮਾ ਦਰਜ ਕੀਤਾ ਗਿਆ ਹੈ।

## ਦੋਸਤਾਂ ਨਾਲ ਨਦੀ 'ਚ ਨਹਾਉਣ ਗਏ ਮਾਪਿਆਂ ਦੇ ਇਕਲੌਤੇ ਪੁੱਤ ਨਾਲ ਵਾਪਰੀ ਅਣਹੋਣੀ

ਹੁਸ਼ਿਆਰਪੁਰ/ਬੀਣੇਵਾਲ 8 ਮਈ। ਹੁਸ਼ਿਆਰਪੁਰ ਦੇ ਬੀਣੇਵਾਲ ਵਿਚੋਂ ਮੰਦਭਾਗੀ ਖ਼ਬਰ ਸਾਹਮਣੇ ਆਈ ਹੈ। ਦਰਅਸਲ ਸਵਾਂ ਨਦੀ ਵਿਚ ਨਹਾਉਣ ਗਏ ਇਕ ਮੁੰਡੇ ਦੀ ਡੁੱਬਣ ਕਰਕੇ ਮੌਤ ਹੋ ਗਈ। ਮ੍ਰਿਤਕ ਦੀ ਪਛਾਣ ਖੁਰਾਲਗੜ੍ਹ ਦੇ ਰਹਿਣ ਵਾਲੇ ਸੁਲੱਖਣ (18) ਵਜੋਂ ਹੋਈ ਹੈ, ਜੋਕਿ ਆਪਣੇ ਸਾਥੀਆਂ ਨਾਲ ਸਵਾਂ ਨਦੀ ਵਿਚ ਨਹਾਉਣ ਗਿਆ ਸੀ। ਇਸ ਦੌਰਾਨ ਮਾਈਨਿੰਗ ਮਾਫ਼ੀਆ ਵੱਲੋਂ ਬਜਰੀ/ਰੇਤਾ ਕੱਢ ਕੇ ਬਣਾਏ ਡੂੰਘੇ ਟੋਏ ਵਿਚ ਡਿੱਗ ਕੇ ਡੁੱਬਣ ਨਾਲ ਸੁਲੱਖਣ ਦੀ ਮੌਤ ਹੋ ਗਈ। ਪ੍ਰਾਪਤ ਜਾਣਕਾਰੀ ਮੁਤਾਬਕ ਸ੍ਰੀ ਖੁਰਾਲਗੜ੍ਹ ਸਾਹਿਬ ਦੇ ਤਿੰਨ ਨੌਜਵਾਨ ਨੇੜੇ ਹੀ ਪੈਂਦੀ ਸਵਾਂ ਨਦੀ ਵਿਚ ਨਹਾਉਣ ਗਏ ਸਨ, ਜਿੱਥੇ ਮਾਈਨਿੰਗ ਮਾਫ਼ੀਆ ਵੱਲੋਂ ਪੁੱਟੇ ਡੂੰਘੇ ਟੋਏ ਕਾਰਨ ਇਕ ਨੌਜਵਾਨ ਦਾ ਪੈਰ ਫਿਸਲਣ ਕਾਰਨ ਡੁੱਬ ਗਿਆ। ਮੌਕੇ ਉਤੇ ਗੋਤਾਖੋਰਾਂ ਅਤੇ ਆਲੇ-ਦੁਆਲੇ ਤੋਂ ਇੱਕਠੇ ਹੋਏ ਰਾਹਗੀਰਾਂ ਨੇ ਬੜੀ ਜੱਦੋ-ਜਹਿਦ ਤੋਂ ਬਾਅਦ ਦੋ ਨੌਜਵਾਨ ਨਿਸ਼ਾਨ ਸਿੰਘ



ਪੁੱਤਰ ਦਿਲਬਾਗ ਸਿੰਘ ਅਤੇ ਹਰਸ਼ ਪੁੱਤਰ ਪ੍ਰੇਮ ਸਿੰਘ ਨੂੰ ਬਾਹਰ ਕੱਢ ਲਿਆ ਪਰ ਇਕ ਨੌਜਵਾਨ ਦੀ ਡੂੰਘੇ ਟੋਏ ਵਿੱਚ ਡੁੱਬਣ ਕਾਰਨ ਮੌਤ ਹੋ ਗਈ। ਘਟਨਾ ਦੀ ਸੂਚਨਾ ਪਾ ਕੇ ਮੌਕੇ ਉਤੇ ਪਹੁੰਚੀ ਪੁਲਸ ਨੇ ਲਾਸ਼ ਨੂੰ ਕਬਜ਼ੇ ਵਿਚ ਲੈ ਕੇ ਪੋਸਟਮਾਰਟਮ ਤੋਂ ਬਾਅਦ ਵਾਰਸਾਂ ਹਵਾਲੇ ਕਰ ਦਿੱਤੀ ਹੈ। ਜਾਣਕਾਰੀ ਮਿਲੀ ਹੈ ਕਿ ਸੁਲੱਖਣ ਮਾਪਿਆਂ ਦਾ ਇਕਲੌਤਾ ਪੁੱਤਰ ਸੀ। ਸੁਲੱਖਣ ਛੋਟੀ ਭੈਣ ਦਾ ਇਕਲੌਤਾ ਭਰਾ ਸੀ। ਸੁਲੱਖਣ ਸਿੰਘ ਦੀ ਮੌਤ ਦੀ ਖ਼ਬਰ ਨਾਲ ਪਿੰਡ ਵਿੱਚ ਮਾਤਮ ਛਾ ਗਿਆ। ਪਿੰਡ ਵਾਸੀਆਂ ਨੇ ਦੱਸਿਆ ਕਿ ਮਾਈਨਿੰਗ ਮਾਫ਼ੀਆ ਦੀ ਬਦੌਲਤ ਨਿਤ ਦਿਨ ਇਸ ਨਦੀ ਵਿਚ ਹਾਦਸੇ ਵਾਪਰਦੇ ਹਨ ਪਰ ਸਰਕਾਰ ਇਨ੍ਹਾਂ ਨੂੰ ਨੱਥ ਪਾਉਣ ਵਿਚ ਨਾਕਾਮ ਸਾਬਤ ਹੋ ਰਹੀ ਹੈ। ਸਰਪੰਚ ਰਣਜੀਤ ਸੂਦ ਨੇ ਦੱਸਿਆ ਕਿ ਜਿਵੇਂ ਹੀ ਇਸ ਘਟਨਾ ਵਾਰੇ ਪਤਾ ਲਗਿਆ ਸਾਰਾ ਪਿੰਡ ਹੀ ਮੌਕੇ 'ਤੇ ਪਹੁੰਚ ਗਿਆ ਅਤੇ ਬਚਾਅ ਕਾਰਜਾਂ ਵਿਚ ਲੱਗ ਗਿਆ ਸੀ।

## ਹੋ ਰਹੀ ਕਣਕ ਚੋਰੀ ਨੂੰ ਰੋਕਣ ਤੇ ਇੰਸਪੈਕਟਰਾਂ ਦੀ ਕੀਤੀ ਕੁੱਟਮਾਰ

ਬੁਢਲਾਡਾ 8 ਮਈ। ਖਰੀਦ ਕੇਂਦਰਾਂ ਤੋਂ ਢੋਆ ਢੁਆਈ ਦੌਰਾਨ ਹੋ ਰਹੀ ਕਣਕ ਦੀ ਚੋਰੀ ਨੂੰ ਰੋਕਣ ਦੀ ਕੋਸ਼ਿਸ਼ ਕਰਨ ਵਾਲੇ ਪਨਸਪ ਦੇ ਦੋ ਇੰਸਪੈਕਟਰਾਂ ਦੀ ਅਣਪਛਾਤੇ ਵਿਅਕਤੀਆਂ ਵੱਲੋਂ ਕੁੱਟਮਾਰ ਕਰਨ ਦਾ ਮਾਮਲਾ ਧਿਆਨ ਵਿੱਚ ਆਉਣ ਤੋਂ ਬਾਅਦ ਡਿਪਟੀ ਕਮਿਸ਼ਨਰ ਮਾਨਸਾ ਵੱਲੋਂ ਪੁਲਿਸ ਨੂੰ ਜਾਂਚ ਦੇ ਆਦੇਸ਼ ਦਿੱਤੇ ਗਏ ਹਨ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਪਨਸਪ ਦੇ ਇੰਸਪੈਕਟਰ ਰਸਪ੍ਰੀਤ ਸਿੰਘ ਅਤੇ ਚਰਨਜੀਤ ਕੁਮਾਰ ਨੇ ਦੱਸਿਆ ਕਿ ਬੋਹਾ ਮੰਡੀ ਵਿੱਚ ਖ?ਰੀਦ ਕਰਨ ਜਾ ਰਹੇ ਸਨ ਤਾਂ ਰਸਤੇ ਵਿੱਚ ਜੋ ਕਿ ਬੋਹਾ ਮੰਡੀ ਵਿੱਚੋਂ ਕਣਕ ਲੋਡ ਕਰਕੇ ਪਨਸਪ ਦੇ ਗੋਦਾਮ ਵਿੱਚ ਜਾਂਦੇ ਹੋਏ ਰਸਤੇ ਵਿੱਚ ਕਣਕ ਦੇ ਗੱਟੇ ਚੋਰੀ ਕਰ ਰਿਹਾ ਸੀ। ਸਾਡੇ ਵੱਲੋਂ ਇਸ ਦਾ ਵਿਰੋਧ ਕਰਨ ਤੇ ਮੂੰਹ ਢੱਕੇ ਹੋਏ ਅਣਪਛਾਤੇ ਦੋ ਵਿਅਕਤੀਆਂ ਨੇ ਸਾਡੀ ਕੁੱਟਮਾਰ ਕਰਦਿਆਂ ਮੇਰੀ ਦਸਤਾਰ ਅਤੇ ਕਕਾਰਾਂ ਦੀ ਬੇਅਦਬੀ ਕੀਤੀ। ਇਹ ਮਾਮਲਾ ਡਿਪਟੀ ਕਮਿਸ਼ਨਰ ਦੇ ਧਿਆਨ ਵਿੱਚ ਲਿਆ ਕੇ ਇਨਸਾਫ ਦੀ ਮੰਗ ਕਰਦਿਆਂ ਕਿਹਾ ਕਿ ਜੇਕਰ ਉਨ੍ਹਾਂ ਨੂੰ ਇਨਸਾਫ ਨਾ ਮਿਲਿਆ ਤਾਂ ਖ?ਰੀਦ ਏਜੰਸੀ ਦੇ ਇੰਸਪੈਕਟਰਾਂ ਨੇ ਅਣਮਿੱਥੇ ਹੜਤਾਲ ਕਰਨ ਲਈ ਮਜਬੂਰ ਹੋਣਗੇ। ਜਿਸ ਕਾਰਨ ਖ?ਰੀਦ ਏਜੰਸੀਆਂ ਦੇ ਮੁਲਾਜਮਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਮੰਗ ਕੀਤੀ ਕਿ ਕੁੱਟਮਾਰ ਕਰਨ ਅਤੇ ਬੇਅਦਬੀ ਕਰਨ ਵਾਲਿਆਂ ਨੂੰ ਤੁਰੰਤ ਗ੍ਰਿਫਤਾਰ ਕਰਕੇ ਬਣਦਾ ਇਨਸਾਫ ਦਿੱਤਾ ਜਾਵੇ।

## ਬੰਗਾ ਵਿਖੇ ਪੁਲਸ ਵੱਲੋਂ ਹੈਰੋਇਨ ਸਮੇਤ ਦੋ ਵਿਅਕਤੀ ਗ੍ਰਿਫ਼ਤਾਰ

ਬੰਗਾ 8 ਮਈ। ਥਾਣਾ ਸਦਰ ਬੰਗਾ ਪੁਲਸ ਦੁਆਰਾ 6 ਗ੍ਰਾਮ ਹੈਰੋਇਨ ਸਮੇਤ ਦੋ ਵਿਅਕਤੀਆਂ ਨੂੰ ਕਾਬੂ ਕਰ ਐੱਨ. ਡੀ. ਪੀ. ਐੱਸ. ਅਧੀਨ ਮਾਮਲਾ ਦਰਜ ਕੀਤਾ ਗਿਆ ਹੈ। ਜਾਣਕਾਰੀ ਦਿੰਦੇ ਥਾਣਾ ਸਦਰ ਦੇ ਐੱਸ. ਐੱਚ. ਓ. ਅਭਿਸ਼ੇਕ ਨੇ ਦੱਸਿਆ ਕਿ ਐੱਸ. ਆਈ. ਰਾਮ ਪਾਲ ਸਮੇਤ ਪੁਲਸ ਪਾਰਟੀ ਜਰਨਲ ਚੈਕਿੰਗ ਅਤੇ ਗਸ਼ਤ ਦੌਰਾਨ ਪਿੰਡ ਖਟਕੜ ਕਲਾਂ ਤੋਂ ਧਾਰਮਿਕ ਸਥਾਨ ਝੰਡਾ ਰਾਹੀਂ ਹੁੰਦੇ ਹੋਏ ਲਿੰਕ ਰੋਡ ਰਾਹੀਂ ਪਿੰਡ ਕਾਹਮਾ ਨੂੰ ਜਾ ਰਹੇ ਸਨ। ਉਨ੍ਹਾਂ ਦੱਸਿਆ ਜਦੋਂ ਉਨ੍ਹਾਂ ਦੀ ਪੁਲਸ ਪਾਰਟੀ ਰੇਲਵੇ ਸਟੇਸ਼ਨ ਨਜ਼ਦੀਕ ਪੁੱਜੀ ਤਾਂ ਰੇਲਵੇ ਸਟੇਸ਼ਨ ਦੀ ਕੰਧ ਨਾਲ ਦੋ ਨੌਜਵਾਨ ਬੈਠੇ ਵਿਖਾਈ ਦਿੱਤੇ, ਜੋ ਪੁਲਸ ਪਾਰਟੀ ਨੂੰ ਵੇਖ ਇਕਦਮ ਘਬਰਾ ਗਏ ਅਤੇ ਇਕ ਮੋਮੀ ਲਿਫ਼ਾਫ਼ਾ ਸੁੱਟ ਉਥੋਂ ਦੌੜਨ ਲੱਗੇ ਤਾਂ ਐੱਸ. ਆਈ. ਨੇ ਸਾਥੀ ਪੁਲਸ ਕਰਮਚਾਰੀਆਂ ਦੀ ਮਦਦ ਨਾਲ ਉਨ੍ਹਾਂ ਨੂੰ ਕਾਬੂ ਕਰ ਲਿਆ। ਉਨ੍ਹਾਂ ਦੱਸਿਆ ਸ਼ੁਰੂਆਤੀ ਜਾਂਚ



ਦੌਰਾਨ ਉਕਤ ਦੋਹਾਂ ਦੀ ਪਛਾਣ ਨਵਜੋਤ ਕੁਮਾਰ ਉਰਫ਼ ਲੱਭਾ ਪੁੱਤਰ ਚੰਨਾ ਰਾਮ ਨਿਵਾਸੀ ਕਾਹਮਾ ਅਤੇ ਜਸ਼ਨਦੀਪ ਉਰਫ਼ ਜਸ਼ਨ ਪੁੱਤਰ ਹਰਜੀਤ ਰਾਮ ਨਿਵਾਸੀ ਕਿੰਗਰਾ ਚੋਅਵਾਲਾ ਹਾਲ ਨਿਵਾਸੀ ਕਾਹਮਾ ਵੱਜੋ ਹੋਈ। ਉਨ੍ਹਾਂ ਦੱਸਿਆ ਜਦੋਂ ਉਨ੍ਹਾਂ ਦੁਆਰਾ ਸੁੱਟੇ ਲਿਫ਼ਾਫ਼ੇ ਨੂੰ ਚੁੱਕ ਉਸ ਦੀ ਜਾਂਚ ਕੀਤੀ ਗਈ ਤਾਂ ਉਸ ਵਿਚੋਂ 6 ਗ੍ਰਾਮ ਹੈਰੋਇਨ ਬਰਾਮਦ ਹੋਈ, ਜਿਸ ਉਪਰੰਤ ਉਕਤ ਦੋਹਾਂ ਨੂੰ ਥਾਣੇ ਲਿਆਂਦਾ ਗਿਆ ਅਤੇ ਉਕਤ ਦੋਹਾਂ'ਤੇ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ, ਜਿਨ੍ਹਾਂ ਨੂੰ ਅੱਜ ਡਾਕਟਰੀ ਜਾਂਚ ਉਪਰੰਤ ਮਾਣਯੋਗ ਅਦਾਲਤ ਵਿਚ ਪੇਸ਼ ਕੀਤਾ ਜਾਵੇਗਾ।

## 65 ਸਾਲਾ ਠਰਕੀ ਬਾਬੇ ਦੇ ਸ਼ਰਮਨਾਕ ਕਾਰਨਾਮੇ, ਖੁੱਲ੍ਹ ਗਈ ਸਾਰੀ ਪੋਲ

ਮਾਛੀਵਾੜਾ ਸਾਹਿਬ 8 ਮਈ। ਮਾਛੀਵਾੜਾ ਬੇਟ ਖੇਤਰ ਨਾਲ ਸਬੰਧਿਤ ਇੱਕ ਪਿੰਡ 'ਚ 65 ਸਾਲ ਠਰਕੀ ਬਾਬੇ ਦੇ ਸ਼ਰਮਨਾਕ ਕਾਰਨਾਮੇ ਸਾਹਮਣੇ ਆਏ ਹਨ। ਉਸ ਵਲੋਂ ਪਿੰਡ 'ਚ ਦੁਕਾਨ ਖੋਲ੍ਹੀ ਗਈ ਸੀ। ਜਦੋਂ ਦੁਕਾਨ 'ਤੇ ਨਾਬਾਲਗ ਬੱਚੀਆਂ ਸਮਾਨ ਲੈਣ ਆਉਂਦੀਆਂ ਸਨ ਤਾਂ ਉਹ ਉਨ੍ਹਾਂ ਨੂੰ ਟੌਫ਼ੀਆਂ ਦਾ ਲਾਲਚ ਦੇ ਕੇ ਅਸ਼ਲੀਲ ਹਰਕਤਾਂ ਕਰਦਾ ਸੀ। ਇਹ ਮਾਮਲਾ ਹੁਣ ਮਾਛੀਵਾੜਾ ਪੁਲਸ ਥਾਣਾ ਵਿਖੇ ਕਾਨੂੰਨੀ ਕਾਰਵਾਈ ਲਈ ਪੁੱਜ ਚੁੱਕਾ ਹੈ। ਇਸ ਮਾਮਲੇ ਦਾ ਖ਼ੁਲਾਸਾ ਉਦੋਂ ਹੋਇਆ, ਜਦੋਂ ਇੱਕ 9 ਸਾਲਾ ਨਾਬਾਲਗ ਬੱਚੀ ਇਸ ਬਾਬੇ ਦੀ ਦੁਕਾਨ 'ਤੇ ਕੁੱਝ ਸਮਾਨ ਲੈਣ ਲਈ ਗਈ ਤਾਂ ਉਸ ਨੇ ਇਸ ਮਾਸੂਮ ਬੱਚੀ ਨੂੰ ਟੌਫ਼ੀਆਂ ਦਾ ਲਾਲਚ ਦਿੱਤਾ ਅਤੇ ਉਸ ਨਾਲ ਅਸ਼ਲੀਲ ਹਰਕਤਾਂ ਕਰਨ ਲੱਗ ਪਿਆ। ਪੁਲਸ ਵਲੋਂ ਕੀਤੀ ਜਾ ਰਹੀ ਮੁੱਢਲੀ ਜਾਂਚ ਦੌਰਾਨ ਬੱਚੀ ਨੇ ਇਹ ਵੀ ਖ਼ੁਲਾਸਾ ਕੀਤਾ ਹੈ ਕਿ ਇਸ ਠਰਕੀ ਬਾਬੇ ਨੇ ਉਸ ਨਾਲ ਜਬਰ-ਜ਼ਿਨਾਹ ਕਰਨ ਦੀ ਕੋਸ਼ਿਸ਼ ਵੀ ਸ਼ੁਰੂ ਕੀਤੀ ਸੀ ਪਰ ਉਹ ਬੱਚੀ ਡਰ ਕੇ ਉੱਥੋਂ ਭੱਜ ਆਈ। ਉਸਨੇ ਇਹ ਸਾਰੀ ਘਟਨਾ ਆਪਣੇ ਮਾਪਿਆਂ ਨੂੰ ਦੱਸੀ ਅਤੇ ਪਿੰਡ ਦੇ ਪਤਵੰਤੇ ਸੱਜਣ ਇਸ ਨਾਬਾਲਗ ਬੱਚੀ ਨੂੰ ਲੈ ਕੇ ਮਾਛੀਵਾੜਾ ਪੁਲਸ ਥਾਣਾ ਵਿਖੇ ਇਸ ਬਜ਼ੁਰਗ ਖ਼?ਲਾਫ਼ ਸ਼ਿਕਾਇਤ ਲੈ ਕੇ ਪਹੁੰਚ ਗਏ। ਪੁਲਸ ਥਾਣਾ ਵਿਖੇ ਪੁੱਜੇ ਪਿੰਡ ਦੇ ਪਤਵੰਤੇ ਸੱਜਣਾਂ ਨੇ ਦੱਸਿਆ ਕਿ ਜਦੋਂ ਹੁਣ ਇੱਕ ਕੁੜੀ ਨਾਲ ਅਸ਼ਲੀਲ ਹਰਕਤਾਂ ਦਾ ਮਾਮਲਾ ਸਾਹਮਣੇ ਆਇਆ ਹੈ ਤਾਂ ਹੁਣ ਹੋਰ ਵੀ ਪਿੰਡ ਦੇ ਕੁੱਝ ਲੋਕਾਂ ਵਲੋਂ ਦੱਸਿਆ ਗਿਆ ਹੈ ਕਿ ਇਹ ਦੁਕਾਨਦਾਰ ਬਾਬਾ ਉਨ੍ਹਾਂ ਦੀਆਂ ਬੱਚੀਆਂ ਨਾਲ ਵੀ ਅਸ਼ਲੀਲ ਹਰਕਤਾਂ ਕਰਨ ਦੀ ਕੋਸ਼ਿਸ਼ ਕਰਦਾ ਸੀ ਅਤੇ ਉਨ੍ਹਾਂ ਨੂੰ ਟੌਫ਼ੀਆਂ ਅਤੇ ਹੋਰ ਖਾਣ-ਪੀਣ ਦੀਆਂ ਵਸਤਾਂ ਦਾ ਲਾਲਚ ਦਿੰਦਾ ਸੀ। 65 ਸਾਲਾ ਬਜ਼ੁਰਗ ਦੀਆਂ ਸ਼ਰਮਨਾਕ ਹਰਕਤਾਂ ਦੇਖ ਕੇ ਲੋਕ ਉਸ ਨੂੰ ਲਾਹਣਤਾਂ ਪਾ ਰਹੇ ਸਨ। ਥਾਣਾ ਮੁਖੀ ਹਰਵਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਕੋਲ ਨਾਬਾਲਗ ਕੁੜੀ ਨਾਲ ਅਸ਼ਲੀਲ ਹਰਕਤਾਂ ਕਰਨ ਦੀ ਸ਼ਿਕਾਇਤ ਪੁੱਜੀ ਹੈ। ਪੁਲਸ ਵਲੋਂ ਇਸ ਮਾਮਲੇ ਵਿਚ ਕੋਈ ਢਿੱਲ ਨਹੀਂ ਵਰਤੀ ਜਾਵੇਗੀ ਅਤੇ 65 ਸਾਲਾ ਸੁੱਚਾ ਰਾਮ ਖ਼?ਲਾਫ਼ ਪੀੜਤ ਕੁੜੀ ਦੇ ਮਾਪਿਆਂ ਦੇ ਬਿਆਨਾਂ ਦੇ ਆਧਾਰ 'ਤੇ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

## ਪੰਜਾਬੀ ਨੌਜਵਾਨਾਂ ਨੂੰ ਦਿੱਤਾ ਨਕਲੀ ਸ਼ੈਨੇਗਨ ਵੀਜ਼ਾ, ਹੁਣ ਚੜ੍ਹ ਆ ਪੁਲਸ ਦੇ ਅੜਿੱਕੇ

ਨਵੀਂ ਦਿੱਲੀ 8 ਮਈ। ਦਿੱਲੀ ਪੁਲਸ ਨੇ ਉੱਤਰ ਪ੍ਰਦੇਸ਼ ਦੇ ਇਕ 29 ਸਾਲਾ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਹੈ, ਜਿਸ 'ਤੇ ਪੰਜਾਬ ਦੇ 2 ਯਾਤਰੀਆਂ ਨੂੰ ਰੋਮ ਰਾਹੀਂ ਗੈਰ-ਕਾਨੂੰਨੀ ਢੰਗ ਨਾਲ ਸਵੀਡਨ ਦੀ ਯਾਤਰਾ ਕਰਨ ਲਈ ਜਾਅਲੀ 'ਸ਼ੈਨੇਗਨ ਵੀਜ਼ਾ' ਹਾਸਲ ਕਰਨ 'ਚ ਮਦਦ ਕਰਨ ਦਾ ਦੋਸ਼ ਹੈ। ਇਕ ਅਧਿਕਾਰੀ ਨੇ ਸ਼ਨੀਵਾਰ ਨੂੰ ਇਹ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਅਭਿਨੇਸ਼ ਸਕਸੈਨਾ ਨੂੰ 2 ਯਾਤਰੀਆਂ ਨੂੰ ਜਾਅਲੀ ਪਾਸਪੋਰਟ ਪ੍ਰਦਾਨ ਕਰਨ ਦੇ ਦੋਸ਼ 'ਚ ਹਿਰਾਸਤ 'ਚ ਲਿਆ ਗਿਆ ਸੀ, ਜਿਨ੍ਹਾਂ ਨੂੰ ਦੋਹਾ ਰਾਹੀਂ ਰੋਮ ਜਾਣ ਵਾਲੀ ਉਡਾਣ 'ਚ ਚੜ੍ਹਨ ਦੀ ਕੋਸ਼ਿਸ਼ ਕਰਦੇ ਸਮੇਂ ਹਵਾਈ ਅੱਡੇ 'ਤੇ ਰੋਕਿਆ ਗਿਆ ਸੀ। ਯੂਰਪ ਦੇ ਕੁਝ ਦੇਸ਼ਾਂ 'ਚ ਥੋੜ੍ਹੇ ਸਮੇਂ ਲਈ ਠਹਿਰਨ ਲਈ ਸ਼ੈਨੇਗਨ ਵੀਜ਼ਾ ਦਿੱਤਾ ਜਾਂਦਾ ਹੈ। ਦੋਵੇਂ ਯਾਤਰੀ ਆਪਣੇ ਇਕ ਰਿਸ਼ਤੇਦਾਰ ਰਾਹੀਂ ਲੱਲੀ ਨਾਮ ਦੇ ਏਜੰਟ ਦੇ ਸੰਪਰਕ 'ਚ ਆਏ ਸਨ, ਜਿਸ ਨੇ ਕਥਿਤ ਤੌਰ 'ਤੇ ਉਨ੍ਹਾਂ ਦੇ ਯਾਤਰਾ ਦਸਤਾਵੇਜ਼ਾਂ ਅਤੇ ਟਿਕਟਾਂ ਦਾ ਪ੍ਰਬੰਧ ਕਰਨ ਲਈ 31 ਲੱਖ ਰੁਪਏ ਦੀ ਮੰਗ ਕੀਤੀ ਸੀ। ਉਸ ਦੇ ਨਿਰਦੇਸ਼ਾਂ 'ਤੇ ਅਭਿਨੇਸ਼ ਨੇ ਦੋਵਾਂ ਦੇ ਜਾਣ ਤੋਂ ਪਹਿਲਾਂ ਜਾਅਲੀ ਦਸਤਾਵੇਜ਼ ਦਿੱਲੀ ਦੇ ਮਹਿਪਾਲਪੁਰ ਦੇ ਇਕ ਹੋਟਲ 'ਚ ਪਹੁੰਚਾ ਦਿੱਤੇ। ਅਧਿਕਾਰੀ ਨੇ ਦੱਸਿਆ ਕਿ ਯਾਤਰੀਆਂ ਦੀ ਪਛਾਣ ਤਰਨਵੀਰ ਸਿੰਘ (18) ਅਤੇ ਗਗਨਦੀਪ ਸਿੰਘ (20) ਵਜੋਂ ਹੋਈ ਹੈ, ਦੋਵੇਂ ਪੰਜਾਬ ਦੇ ਹੁਸ਼ਿਆਰਪੁਰ ਦੇ ਰਹਿਣ ਵਾਲੇ ਹਨ। ਅਪ੍ਰੈਲ ਮਹੀਨੇ 'ਚ 21-22 ਤਾਰੀਖ਼ ਦੀ ਮੱਧ ਰਾਤ ਨੂੰ



ਉਹ ਆਈਜੀਆਈ ਹਵਾਈ ਅੱਡੇ 'ਤੇ ਨਿਕਾਸੀ ਲਈ ਇਮੀਗ੍ਰੇਸ਼ਨ ਡੈਸਕ 'ਤੇ ਸਨ, ਜਿੱਥੇ ਉਨ੍ਹਾਂ ਨੂੰ ਹਿਰਾਸਤ 'ਚ ਲੈ ਲਿਆ ਗਿਆ। ਐਡੀਸ਼ਨਲ ਪੁਲਸ ਕਮਿਸ਼ਨਰ (ਆਈਜੀਆਈ) ਊਸ਼ਾ ਰੰਗਨਾਨੀ ਨੇ ਕਿਹਾ,"ਜਾਂਚ ਦੌਰਾਨ ਇਮੀਗ੍ਰੇਸ਼ਨ ਅਧਿਕਾਰੀਆਂ ਨੇ ਪਾਇਆ ਕਿ ਉਨ੍ਹਾਂ ਦੇ ਭਾਰਤੀ ਪਾਸਪੋਰਟ 'ਤੇ ਲੱਗੇ ਸ਼ੈਨੇਗਨ ਵੀਜ਼ੇ ਨਕਲੀ ਸਨ।" ਉਨ੍ਹਾਂ ਨੇ ਦੱਸਿਆ ਕਿ ਦੋਵਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਅਤੇ ਉਨ੍ਹਾਂ ਖ਼?ਲਾਫ਼ ਭਾਰਤੀ ਨਿਆਂ ਸੰਹਿਤਾ (ਬੀਐੱਨਐੱਸ) ਅਤੇ ਪਾਸਪੋਰਟ ਐਕਟ ਦੀਆਂ ਧਾਰਾਵਾਂ ਦੇ ਅਧੀਨ ਮਾਮਲਾ ਦਰਜ ਕੀਤਾ ਗਿਆ ਹੈ। ਪੁੱਛ-ਗਿੱਛ ਦੌਰਾਨ ਦੋਵਾਂ ਨੇ ਪੁਲਸ ਨੂੰ ਦੱਸਿਆ ਕਿ ਉਹ ਰਿਸ਼ਤੇ ਦੇ ਭਰਾ ਹਨ ਅਤੇ ਆਪਣੇ ਰਿਸ਼ਤੇਦਾਰ ਕੋਲ ਬਿਹਤਰ ਆਰਥਿਕ ਮੌਕਿਆਂ ਦੀ ਤਲਾਸ਼ 'ਚ ਪਹਿਲਾਂ ਹੀ ਉੱਥੇ (ਸਵੀਡਨ) ਚਲੇ ਗਏ ਸਨ। ਪੰਜਾਬ 'ਚ ਲੱਲੀ ਦਾ ਪਤਾ ਲਗਾਉਣ ਲਈ ਕਈ ਛਾਪੇ ਮਾਰੇ ਗਏ ਪਰ ਸਫ਼ਲਤਾ ਨਹੀਂ ਮਿਲੀ। ਤਕਨੀਕੀ ਨਿਗਰਾਨੀ ਨਾਲ ਸਕਸੈਨਾ ਦਾ ਪਤਾ ਲਗਾਉਣ 'ਚ ਮਦਦ ਮਿਲੀ, ਜਿਸ ਨੂੰ ਦਿੱਲੀ 'ਚ ਟਿਕਾਣੇ ਤੋਂ ਗ੍ਰਿਫ਼ਤਾਰ ਕੀਤਾ ਗਿਆ।

### ਅੰਮ੍ਰਿਤਸਰ 'ਚ ਇਕ ਘਰ ਨੂੰ ਲੱਗੀ ਭਿਆਨਕ ਅੱਗ

ਅੰਮ੍ਰਿਤਸਰ 8 ਮਈ। ਮਜੀਠਾ ਰੋਡ 'ਤੇ ਸਥਿਤ ਜਗਦੰਬਾ ਕਲੋਨੀ ਦੀ ਲੇਨ ਨੰਬਰ ਇੱਕ ਵਿਚ ਦੇਰ ਰਾਤ ਇੱਕ ਘਰ 'ਚ ਭਿਆਨਕ ਅੱਗ ਲੱਗ ਗਈ। ਅੱਗ ਇੰਨੀ ਭਿਆਨਕ ਸੀ ਕਿ ਪੂਰਾ ਘਰ ਸੜ ਕੇ ਸੁਆਹ ਹੋ ਗਿਆ। ਦੱਸਿਆ ਜਾ ਰਿਹਾ ਹੈ ਕਿ ਘਰ 'ਚ ਹੀ ਕਿਸੇ ਚੀਜ਼ ਦਾ ਧਮਾਕਾ ਹੋਇਆ ਸੀ। ਇਸ ਜ਼ੋਰਦਾਰ ਧਮਾਕੇ ਦੌਰਾਨ ਬਜ਼ੁਰਗ ਵਿਅਕਤੀ ਘਰ 'ਚ ਇਕੱਲਾ ਸੌਂ ਰਿਹਾ ਸੀ, ਜਿਸ ਕਾਰਨ ਉਹ ਬੁਰੀ ਤਰ੍ਹਾਂ ਸੜ ਗਿਆ ਅਤੇ ਉਸਨੂੰ ਇਲਾਜ ਲਈ ਸਥਾਨਕ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ। ਜਿੱਥੇ ਉਸ ਦੀ ਹਾਲਤ ਕਾਫ਼ੀ ਨਾਜ਼ੁਕ ਬਣੀ ਹੋਈ ਹੈ। ਲੋਕਾਂ ਨੇ ਦੱਸਿਆ ਕਿ ਜਦੋਂ ਅੱਗ ਲੱਗਣ ਦਾ ਪਤਾ ਲਗਾ ਤਾਂ ਤਰੁੰਤ ਫਾਇਰ ਬ੍ਰਿਗੇਡ ਨੂੰ ਸੂਚਿਤ ਕੀਤਾ ਗਿਆ। ਮੌਕੇ 'ਤੇ ਪਹੁੰਚੀਆਂ ਗੱਡੀਆਂ ਨੇ ਅੱਗ ਨੂੰ ਬਹੁਤ ਮੁਸ਼ੱਕਤ ਨਾਲ ਕਾਬੂ ਕੀਤਾ ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689, 011-23315814

Mob. : 9971359517, 9312262300

E-mail address: qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਭਾਰਤੀ ਹਥਿਆਰਬੰਦ ਬਲਾਂ ਵੱਲੋਂ ਪਾਕਿਸਤਾਨ ਤੇ ਮਕਬੂਜ਼ਾ ਕਸ਼ਮੀਰ ਵਿਚ 9 ਦਹਿਸ਼ਤੀ ਟਿਕਾਣਿਆਂ ’ਤੇ ਮਿਜ਼ਾਈਲ ਹਮਲੇ



**ਨਵੀਂ ਦਿੱਲੀ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪਹਿਲਗਾਮ ਦਹਿਸ਼ਤੀ ਹਮਲੇ ਦਾ ਬਦਲਾ ਲੈਂਦਿਆਂ ਭਾਰਤੀ ਹਥਿਆਰਬੰਦ ਬਲਾਂ ਨੇ ਬੁੱਧਵਾਰ ਤੜਕੇ ਪਾਕਿਸਤਾਨ ਅਤੇ ਮਕਬੂਜ਼ਾ ਕਸ਼ਮੀਰ ਵਿੱਚ ਨੌਂ ਦਹਿਸ਼ਤੀ ਟਿਕਾਣਿਆਂ ’ਤੇ ਮਿਜ਼ਾਈਲ ਹਮਲੇ ਕੀਤੇ ਹਨ। ਇਨ੍ਹਾਂ ਵਿੱਚ ਬਹਾਵਲਪੁਰ ਵੀ ਸ਼ਾਮਲ ਹੈ ਜੋ ਦਹਿਸ਼ਤੀ ਸੰਗਠਨ ਜੈਸ਼-ਏ-ਮੁਹੰਮਦ ਦਾ ਗੜ੍ਹ ਹੈ। ਭਾਰਤੀ ਫੌਜ ਨੇ ਵੱਡੇ ਤੜਕੇ 1.44 ਵਜੇ ਜਾਰੀ ਕੀਤੇ ਇੱਕ ਬਿਆਨ ਵਿੱਚ ਕਿਹਾ ਕਿ ਫੌਜੀ ਹਮਲੇ ‘ਆਪ੍ਰੇਸ਼ਨ ਸਿੰਦੂਰ’ ਤਹਿਤ ਕੀਤੇ ਗਏ ਹਨ।

ਫੌਜ ਨੇ ਕਿਹਾ, “ਥੋੜ੍ਹਾ ਸਮਾਂ ਪਹਿਲਾਂ, ਭਾਰਤੀ ਹਥਿਆਰਬੰਦ ਬਲਾਂ ਨੇ ਪਾਕਿਸਤਾਨ ਅਤੇ ਮਕਬੂਜ਼ਾ ਕਸ਼ਮੀਰ ਵਿੱਚ ਦਹਿਸ਼ਤੀ ਢਾਂਚੇ ਨੂੰ ਨਿਸ਼ਾਨਾ ਬਣਾਉਂਦੇ ਹੋਏ ‘ਆਪ੍ਰੇਸ਼ਨ ਸਿੰਦੂਰ’ ਸ਼ੁਰੂ ਕੀਤਾ ਸੀ, ਜਿੱਥੋਂ ਭਾਰਤ ਵਿਰੁੱਧ ਦਹਿਸ਼ਤੀ ਹਮਲਿਆਂ ਦੀ ਯੋਜਨਾ ਅਤੇ ਨਿਰਦੇਸ਼ਨ ਕੀਤਾ ਗਿਆ ਸੀ।” ਬਿਆਨ ਵਿੱਚ ਕਿਹਾ ਗਿਆ ਹੈ ਕਿ ਭਾਰਤੀ ਹਥਿਆਰਬੰਦ ਬਲਾਂ ਦੀਆਂ ਕਾਰਵਾਈਆਂ ‘ਕੇਂਦਰਤ ਤੇ ਨਪੀਆਂ ਤੁਲੀਆਂ’ ਰਹੀਆਂ ਹਨ।

ਭਾਰਤੀ ਫੌਜ ਨੇ ਕਿਹਾ, “ਕਿਸੇ ਵੀ ਪਾਕਿਸਤਾਨੀ ਫੌਜੀ ਟਿਕਾਣੇ ਨੂੰ ਨਿਸ਼ਾਨਾ ਨਹੀਂ ਬਣਾਇਆ ਗਿਆ ਹੈ। ਭਾਰਤ ਨੇ ਟੀਚਿਆਂ ਦੀ ਚੋਣ ਅਤੇ ਹਮਲਿਆਂ ਨੂੰ ਅੰਜਾਮ ਦੇਣ ਵਿਚ ਕਾਫ਼ੀ ਸੰਜਮ ਨਾਲ ਕੰਮ ਲਿਆ ਹੈ।” ਪਾਕਿਸਤਾਨ ਫੌਜ ਦੇ ਬੁਲਾਰੇ ਲੈਫਟੀਨੈਂਟ ਜਨਰਲ ਅਹਿਮਦ ਸ਼ਰੀਫ ਚੌਧਰੀ ਨੇ ਕਿਹਾ ਕਿ ਭਾਰਤ ਵੱਲੋਂ ਮਕਬੂਜ਼ਾ ਕਸ਼ਮੀਰ (ਪਾਕਿਸਤਾਨ ਦੇ ਕਬਜ਼ੇ ਵਾਲੇ ਕਸ਼ਮੀਰ) ਦੇ ਕੋਟਲੀ ਅਤੇ ਮੁਜ਼ੱਫਰਾਬਾਦ ਅਤੇ ਪੰਜਾਬ ਦੇ ਬਹਾਵਲਪੁਰ ਵਿੱਚ ਮਿਜ਼ਾਈਲ ਹਮਲੇ ਕੀਤੇ ਗਏ। ਉਨ੍ਹਾਂ ਏਆਰਵਾਈ ਨਿਊਜ਼ ਚੈਨਲ ਨੂੰ ਦੱਸਿਆ ਕਿ ਕੁਝ ਸਮਾਂ ਪਹਿਲਾਂ, ਭਾਰਤ ਨੇ ਬਹਾਵਲਪੁਰ ਦੇ ਅਹਿਮਦ ਪੂਰਬੀ ਖੇਤਰ, ਕੋਟਲੀ ਅਤੇ ਮੁਜ਼ੱਫਰਾਬਾਦ ਵਿੱਚ ਤਿੰਨ ਥਾਵਾਂ ’ਤੇ ਹਵਾਈ ਹਮਲੇ ਕੀਤੇ ਸਨ।

ਚੌਧਰੀ ਨੇ ਕਿਹਾ, “ਇਹ ਬੁਜ਼ਦਿਲਾਨਾ ਅਤੇ ਸ਼ਰਮਨਾਕ ਹਮਲਾ ਭਾਰਤ ਦੇ ਹਵਾਈ ਖੇਤਰ ਦੇ ਅੰਦਰੋਂ ਕੀਤਾ ਗਿਆ ਹੈ। ਉਨ੍ਹਾਂ ਨੂੰ ਕਦੇ ਵੀ ਪਾਕਿਸਤਾਨ ਦੇ ਖੇਤਰ ਵਿੱਚ ਆਉਣ ਅਤੇ ਘੁਸਪੈਠ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਗਈ।” ਚੌਧਰੀ ਨੇ ਅੱਗੇ ਕਿਹਾ, “ਮੈਂ ਇਹ ਸਪੱਸ਼ਟ ਤੌਰ ’ਤੇ ਕਹਿਣਾ ਚਾਹੁੰਦਾ ਹਾਂ: ਪਾਕਿਸਤਾਨ ਆਪਣੀ ਪਸੰਦ ਦੇ ਸਮੇਂ ਅਤੇ ਸਥਾਨ ’ਤੇ ਇਸ ਦਾ ਜਵਾਬ ਦੇਵੇਗਾ। ਇਹ ਘਿਨਾਉਣੀ ਭੜਕਾਹਟ ਦਾ ਜਵਾਬ ਦਿੱਤਾ ਜਾਵੇਗਾ।”

ਭਾਰਤ ਨੇ ਇਹ ਹਮਲੇ ਪਹਿਲਗਾਮ ਦਹਿਸ਼ਤੀ ਹਮਲੇ ਤੋਂ ਦੋ ਹਫ਼ਤੇ ਬਾਅਦ ਕੀਤੇ ਹਨ। ਇਨ੍ਹਾਂ ਹਮਲਿਆਂ ਨੂੰ ਲੈ ਕੇ ਭਾਰਤ ਅਤੇ ਵਿਦੇਸ਼ਾਂ ਵਿੱਚ ਵਿਆਪਕ ਰੋਸ ਸੀ।

ਭਾਰਤੀ ਫੌਜ ਨੇ ਬਿਆਨ ਵਿੱਚ ਕਿਹਾ, “ਇਹ ਕਦਮ ਪਹਿਲਗਾਮ ਦਹਿਸ਼ਤੀ ਹਮਲੇ ਦੇ ਮੱਦੇਨਜ਼ਰ ਚੁੱਕਿਆ ਗਿਆ ਹੈ, ਜਿਸ ਵਿੱਚ 25 ਭਾਰਤੀਆਂ ਅਤੇ ਇੱਕ ਨੇਪਾਲੀ ਨਾਗਰਿਕ ਦੀ ਹੱਤਿਆ ਕਰ ਦਿੱਤੀ ਗਈ ਸੀ।” ਬਿਆਨ ਵਿਚ ਕਿਹਾ ਗਿਆ, “ਅਸੀਂ ਇਸ ਵਚਨਬੱਧਤਾ ’ਤੇ ਖਰੇ ਉਤਰ ਰਹੇ ਹਾਂ ਕਿ ਇਸ ਹਮਲੇ ਲਈ ਜ਼ਿੰਮੇਵਾਰ ਲੋਕਾਂ ਨੂੰ ਜਵਾਬਦੇਹ ਠਹਿਰਾਇਆ ਜਾਵੇਗਾ।” ਇਸ ਮਾਮਲੇ ਤੋਂ ਜਾਣੂ ਲੋਕਾਂ ਨੇ ਕਿਹਾ ਕਿ ਭਾਰਤ ਦੇ ਉੱਚ ਫੌਜੀ ਅਧਿਕਾਰੀ ਇਸ ਕਾਰਵਾਈ ’ਤੇ ਨੇੜਿਓਂ ਨਜ਼ਰ ਰੱਖ ਰਹੇ ਸਨ।

ਕਾਬਿਲੇਗੌਰ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 29 ਅਪਰੈਲ ਨੂੰ ਸਿਖਰਲੇ ਰੱਖਿਆ ਅਧਿਕਾਰੀਆਂ ਨਾਲ ਇੱਕ ਉੱਚ ਪੱਧਰੀ ਮੀਟਿੰਗ ਵਿੱਚ ਭਾਰਤੀ ਹਥਿਆਰਬੰਦ ਬਲਾਂ ਨੂੰ ਪਹਿਲਗਾਮ ਦਹਿਸ਼ਤੀ ਹਮਲੇ ਦੇ ਜਵਾਬ ਦੇ ਢੰਗ, ਟੀਚਿਆਂ ਅਤੇ ਸਮੇਂ ਬਾਰੇ ਫੈਸਲਾ ਲੈਣ ਲਈ ਪੂਰੀ ਖੁੱਲ੍ਹ ਦਿੱਤੀ ਸੀ। ਸ੍ਰੀ ਮੋਦੀ ਨੇ ‘ਅਤਿਵਾਦ ਨੂੰ ਕਰਾਰਾ ਝਟਕਾ’ ਦੇਣ ਦੇ ਕੌਮੀ ਅਹਿਦ ’ਤੇ ਵੀ ਜ਼ੋਰ ਦਿੱਤਾ।

## ਭਾਰਤ ਵੱਲੋਂ ਕੀਤੇ ਹਮਲੇ ਨਾਲ ਜੈਸ਼-ਏ-ਮੁਹੰਮਦ ਦਾ ਚੀਫ਼ ਮਸੂਦ ਅਜ਼ਹਰ ਦਾ ਸਾਰਾ ਪਰਿਵਾਰ ਖ਼ਤਮ

**ਨਵੀਂ ਦਿੱਲੀ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਕੱਟੜਪੰਥੀ ਸੰਗਠਨ ਜੈਸ਼-ਏ-ਮੁਹੰਮਦ ਨੇ ਕਿਹਾ ਹੈ ਕਿ ਪਾਕਿਸਤਾਨ ’ਤੇ ਭਾਰਤ ਦੇ ਹਮਲੇ ਵਿੱਚ ਸੰਗਠਨ ਦੇ ਮੁਖੀ ਮਸੂਦ ਅਜ਼ਹਰ ਦੇ ਪਰਿਵਾਰ ਦੇ 10 ਮੈਂਬਰ ਅਤੇ ਚਾਰ ਨਜ਼ਦੀਕੀ ਸਾਥੀ ਮਾਰੇ ਗਏ ਹਨ।

ਬੀਬੀਸੀ ਹਿੰਦੀ ਦੀ ਖ਼ਬਰ ਅਨੁਸਾਰ, ਜੈਸ਼-ਏ-ਮੁਹੰਮਦ ਵੱਲੋਂ ਬੁੱਧਵਾਰ ਨੂੰ ਇੱਕ ਬਿਆਨ ਜਾਰੀ ਕਰਦਿਆਂ ਕਿਹਾ ਗਿਆ ਹੈ ਕਿ ਮ੍ਰਿਤਕਾਂ ਵਿੱਚ ਮਸੂਦ ਅਜ਼ਹਰ ਦੀ ਵੱਡੀ ਭੈਣ ਅਤੇ ਭਰਜਾਈ, ਭਤੀਜਾ, ਭਤੀਜੇ ਦੀ ਪਤਨੀ, ਭਤੀਜੀ ਅਤੇ ਪਰਿਵਾਰ ਦੇ ਪੰਜ ਬੱਚੇ ਸ਼ਾਮਲ ਹਨ।

ਜੈਸ਼-ਏ-ਮੁਹੰਮਦ ਨੇ ਇਹ ਵੀ ਕਿਹਾ ਕਿ ਹਮਲੇ ਵਿੱਚ ਮਸੂਦ ਅਜ਼ਹਰ ਦੇ ਤਿੰਨ ਕਰੀਬੀ ਸਾਥੀ ਅਤੇ ਉਨ੍ਹਾਂ ਵਿੱਚੋਂ ਇੱਕ ਸਾਥੀ ਦੀ ਮਾਂ ਮਾਰੇ ਗਏ ਹਨ। ਬਿਆਨ ਅਨੁਸਾਰ, ਮਸੂਦ ਅਜ਼ਹਰ ਦੇ ਰਿਸ਼ਤੇਦਾਰ ਪਾਕਿਸਤਾਨ ਦੇ ਬਹਾਵਲਪੁਰ ਵਿੱਚ ਸੁਭਾਨ ਅੱਲ੍ਹਾ ਮਸਜਿਦ ’ਤੇ ਹੋਏ ਹਮਲੇ ਵਿੱਚ ਮਾਰੇ ਗਏ ਹਨ। ਫਰਵਰੀ 2019 ਵਿੱਚ, ਜੈਸ਼-ਏ-ਮੁਹੰਮਦ ਨੇ ਜੰਮੂ-ਕਸ਼ਮੀਰ ਵਿੱਚ ਇੱਕ ਆਤਮਘਾਤੀ ਬੰਬ ਧਮਾਕਾ ਕੀਤਾ, ਜਿਸ ਵਿੱਚ 40 ਸੈਨਿਕ ਮਾਰੇ ਗਏ।

ਬੁੱਧਵਾਰ ਸਵੇਰੇ, ਭਾਰਤੀ ਫੌਜ ਦੀ ਕਰਨਲ ਸੋਫੀਆ ਕੁਰੈਸ਼ੀ ਨੇ ਇੱਕ ਪ੍ਰੈਸ ਬ੍ਰੀਫਿੰਗ ਵਿੱਚ ਦੱਸਿਆ ਕਿ ਭਾਰਤੀ ਹਥਿਆਰਬੰਦ ਸੈਨਾਵਾਂ ਨੇ 6-8 ਮਈ 2025 ਦੀ ਰਾਤ ਨੂੰ 1:05 ਵਜੇ ਤੋਂ 1:30 ਵਜੇ ਦੇ ਵਿਚਕਾਰ ‘ਆਪ੍ਰੇਸ਼ਨ ਸਿੰਦੂਰ’ ਸ਼ੁਰੂ ਕੀਤਾ।

ਉਨ੍ਹਾਂ ਕਿਹਾ, ਇਹ ਕਾਰਵਾਈ 22 ਅਪ੍ਰੈਲ ਨੂੰ ਪਹਿਲਗਾਮ ਵਿੱਚ ਹੋਏ ਭਿਆਨਕ ਅੱਤਵਾਦੀ ਹਮਲੇ ਦੇ ਸ਼ਿਕਾਰ ਹੋਏ ਮਾਸੂਮ ਨਾਗਰਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਇਨਸਾਫ਼ ਦਿਵਾਉਣ ਲਈ ਸ਼ੁਰੂ ਕੀਤੀ ਗਈ ਸੀ। ਇਸ ਕਾਰਵਾਈ ਵਿੱਚ, ਨੌਂ ਅੱਤਵਾਦੀ ਕੈਂਪਾਂ ਨੂੰ ਨਿਸ਼ਾਨਾ ਬਣਾਇਆ ਗਿਆ ਅਤੇ ਉਨ੍ਹਾਂ ਨੂੰ ਪੂਰੀ ਤਰ੍ਹਾਂ ਤਬਾਹ ਕਰ ਦਿੱਤਾ ਗਿਆ।

ਪਾਕਿਸਤਾਨ ਨੇ ਦੱਸਿਆ ਹੈ ਕਿ ਭਾਰਤੀ ਹਵਾਈ ਹਮਲੇ ਵਿੱਚ 26 ਨਾਗਰਿਕ ਮਾਰੇ ਗਏ ਅਤੇ 46 ਜ਼ਖਮੀ ਹੋਏ ਹਨ।

# ਪ੍ਰਧਾਨ ਮੰਤਰੀ ਮੋਦੀ ਨੇ ਰਾਸ਼ਟਰਪਤੀ ਮੁਰਮੂ ਨੂੰ ‘ਅਪ੍ਰੇਸ਼ਨ ਸਿੰਦੂਰ’ ਬਾਰੇ ਦਿੱਤੀ ਜਾਣਕਾਰੀ, ਪਾਕਿ ’ਚ ਹਮਲੇ ਲਈ ਫ਼ੌਜਾਂ ਦੀ ਕੀਤੀ ਸ਼ਲਾਘਾ

### ਪ੍ਰਧਾਨ ਮੰਤਰੀ ਵੱਲੋਂ CCS ਤੇ ਕੇਂਦਰੀ ਕੈਬਨਿਟ ਮੀਟਿੰਗਾਂ ਦੀ ਕੀਤੀ ਪ੍ਰਧਾਨਗੀ; ਵਿਦੇਸ਼ ਸਕੱਤਰ ਮਿਸਰੀ ਨੇ ਅਪ੍ਰੇਸ਼ਨ ਨੂੰ ‘ਅਨੁਪਾਤਕ, ਗੈਰ-ਫੌਜੀ ਅਤੇ ਗੈਰ-ਵਧਾਊ’ ਕਰਾਰ ਦਿੱਤਾ; ਸਰਕਾਰ ਵੱਲੋਂ ਹਮਲਿਆਂ ਸਬੰਧੀ ਭਲਕੇ ਆਲ-ਪਾਰਟੀ ਸੱਦਣ ਦਾ ਫ਼ੈਸਲਾ

**ਨਵੀਂ ਦਿੱਲੀ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਬੁੱਧਵਾਰ ਨੂੰ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਪਾਕਿਸਤਾਨ ਅਤੇ ਪਾਕਿਸਤਾਨ ਦੇ ਕਬਜ਼ੇ ਵਾਲੇ (ਮਕਬੂਜ਼ਾ) ਕਸ਼ਮੀਰ ਵਿੱਚ ਅੱਤਵਾਦੀ ਟਿਕਾਣਿਆਂ ’ਤੇ ਭਾਰਤੀ ਹਥਿਆਰਬੰਦ ਬਲਾਂ ਦੇ ਸਟੀਕ ਹਮਲਿਆਂ ਬਾਰੇ ਜਾਣਕਾਰੀ ਦਿੱਤੀ।

ਇਸ ਤੋਂ ਪਹਿਲਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅਪਰੇਸ਼ਨ ਸਿੰਦੂਰ ਤੋਂ ਬਾਅਦ ਸੁਰੱਖਿਆ ਬਾਰੇ ਕੈਬਨਿਟ ਕਮੇਟੀ ਤੇ ਫਿਰ ਕੇਂਦਰੀ ਕੈਬਨਿਟ ਦੀਆਂ ਮੀਟਿੰਗਾਂ ਦੀ ਪ੍ਰਧਾਨਗੀ ਕੀਤੀ। ਕੈਬਨਿਟ ਮੀਟਿੰਗ ਵਿਚ ਅਪਰੇਸ਼ਨ ਬਾਰੇ ਜਾਣਕਾਰੀ ਦਿੰਦਿਆਂ ਮੋਦੀ ਨੇ ਪਾਕਿਸਤਾਨ ਅਤੇ ਮਕਬੂਜ਼ਾ ਕਸ਼ਮੀਰ ਵਿੱਚ ਅੱਤਵਾਦੀ ਢਾਂਚਿਆਂ ਵਿਰੁੱਧ ‘ਗੈਰ-ਵਧਾਊ ਅਤੇ ਗੈਰ-ਫੌਜੀ’ ਹਮਲੇ ਲਈ ਭਾਰਤੀ ਹਥਿਆਰਬੰਦ ਬਲਾਂ ਦੀ ਸ਼ਲਾਘਾ ਕੀਤੀ।

ਬੁੱਧਵਾਰ ਸਵੇਰੇ ਹੋਏ ਹਮਲਿਆਂ ਵਿੱਚ ਅਪ੍ਰੇਸ਼ਨ ਸਿੰਦੂਰ ਤਹਿਤ ਪਾਕਿਸਤਾਨ ਸਥਿਤ ਦਹਿਸ਼ਤੀ ਜਥੇਬੰਦੀਆਂ ਲਸ਼ਕਰ-ਏ-ਤਇਬਾ ਅਤੇ ਜੈਸ਼-ਏ-ਮੁਹੰਮਦ ਦੇ ਹੈੱਡਕੁਆਰਟਰਾਂ ਅਤੇ ਸਿਖਲਾਈ ਕੇਂਦਰਾਂ ਸਮੇਤ ਨੌਂ ਥਾਵਾਂ ਨੂੰ ਨਿਸ਼ਾਨਾ ਬਣਾਇਆ ਗਿਆ, ਜਿੱਥੋਂ ਭਾਰਤ ਵਿਰੁੱਧ ਅੱਤਵਾਦੀ ਹਮਲਿਆਂ ਦੀ ਸਾਜ਼ਿਸ਼ ਘੜੀ ਗਈ ਸੀ ਅਤੇ ਨਿਰਦੇਸ਼ਿਤ ਕੀਤਾ ਗਿਆ ਸੀ।

ਰਾਸ਼ਟਰਪਤੀ ਦਫ਼ਤਰ ਨੇ ਐਕਸ X ’ਤੇ ਇੱਕ ਪੋਸਟ ਵਿੱਚ ਕਿਹਾ, ਪ੍ਰਧਾਨ ਮੰਤਰੀ ਨੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਆਪ੍ਰੇਸ਼ਨ ਸਿੰਦੂਰ ਬਾਰੇ ਜਾਣਕਾਰੀ ਦਿੱਤੀ। ਇਸ ਤੋਂ ਪਹਿਲਾਂ ਪ੍ਰਧਾਨ ਮੰਤਰੀ ਵੱਲੋਂ ਕੇਂਦਰੀ ਕੈਬਨਿਟ ਦੀ ਮੀਟਿੰਗ ਦੌਰਾਨ ਅਪ੍ਰੇਸ਼ਨ ਸਿੰਦੂਰ ਦੇ ਵੇਰਵੇ ਸਾਂਝੇ ਕੀਤੇ ਜਾਣ ਤੋਂ ਬਾਅਦ ਕੈਬਨਿਟ ਨੇ ਉਨ੍ਹਾਂ ਦੀ ਅਗਵਾਈ ਦੀ ਸ਼ਲਾਘਾ ਕੀਤੀ। ਇਹ ਭਾਰਤੀ ਹਮਲਿਆਂ ਤੋਂ ਬਾਅਦ ਹੋਈ ਕੈਬਨਿਟ ਦੀ ਪਹਿਲੀ ਮੀਟਿੰਗ ਸੀ।

ਪ੍ਰਧਾਨ ਮੰਤਰੀ ਮੋਦੀ ਨੇ 22 ਅਪਰੈਲ ਨੂੰ ਹੋਏ ਪਹਿਲਗਾਮ ਅੱਤਵਾਦੀ ਹਮਲੇ ਤੋਂ ਬਾਅਦ ਕੌਮੀ ਫੌਜੀ ਪ੍ਰਤੀਕਿਰਿਆ ਦੇ ਟੀਚਿਆਂ, ਢੰਗ ਅਤੇ ਸਮਾਂ ਤੈਅ ਕਰਨ ਲਈ ਹਥਿਆਰਬੰਦ ਬਲਾਂ ਨੂੰ ਪਹਿਲਾਂ ਹੀ ਪੂਰੀ ਸੰਚਾਲਨ ਖੁੱਲ੍ਹ ਦੇ ਦਿੱਤੀ ਸੀ।

ਇਸ ਦੌਰਾਨ, ਸਰਕਾਰ ਨੇ ਇਸ ਮੁੱਦੇ ’ਤੇ ਇੱਕ ਸਰਬ-ਪਾਰਟੀ ਮੀਟਿੰਗ ਸੱਦਣ ਦਾ ਵੀ ਫ਼ੈਸਲਾ ਕੀਤਾ ਹੈ।

ਕੈਬਨਿਟ ਮੀਟਿੰਗ ਤੋਂ ਪਹਿਲਾਂ ਮੋਦੀ ਨੇ ਸੁਰੱਖਿਆ ਬਾਰੇ ਕੈਬਨਿਟ ਕਮੇਟੀ (CCS) ਦੇ ਇੱਕ ਸੈਸ਼ਨ ਦੀ ਪ੍ਰਧਾਨਗੀ ਕੀਤੀ। ਇਹ ਕਸ਼ਮੀਰ ਵਿੱਚ 22 ਅਪਰੈਲ ਨੂੰ ਹੋਏ ਪਹਿਲਗਾਮ ਅੱਤਵਾਦੀ ਹਮਲੇ ਤੋਂ ਬਾਅਦ ਅਜਿਹੀ ਤੀਜੀ ਮੀਟਿੰਗ ਹੈ।

ਭਾਰਤ ਵੱਲੋਂ ਅਪ੍ਰੇਸ਼ਨ ਸਿੰਦੂਰ ਸ਼ੁਰੂ ਕਰਨ ਤੋਂ ਬਾਅਦ ਇਹ ਕੇਂਦਰੀ ਕੈਬਨਿਟ ਅਤੇ ਸੁਰੱਖਿਆ ਬਾਰੇ ਕੈਬਨਿਟ ਕਮੇਟੀ ਦੀ ਪਹਿਲੀ ਮੀਟਿੰਗ ਹੈ, ਜਿਸ ਵਿੱਚ ਪਾਕਿਸਤਾਨ ਅਤੇ ਪਾਕਿਸਤਾਨ-ਕਬਜ਼ੇ ਵਾਲੇ (ਮਕਬੂਜ਼ਾ) ਕਸ਼ਮੀਰ ਵਿੱਚ ਨੌਂ ਅੱਤਵਾਦੀ ਸਿਖਲਾਈ ਕੇਂਦਰਾਂ ਨੂੰ ਨਿਸ਼ਾਨਾ ਬਣਾਇਆ ਗਿਆ।

ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਇਸ ਕਾਰਵਾਈ ਨੂੰ ਅਨੁਪਾਤਕ, ਗੈਰ-ਫੌਜੀ ਅਤੇ ਗੈਰ-ਵਧਾਊ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਪਹਿਲਗਾਮ ਵਿੱਚ ਭਾਰਤੀ ਸੈਲਾਨੀਆਂ ’ਤੇ ਹੋਏ ਵਹਿਸ਼ੀ ਅਤੇ ਬੇਰਹਿਮ ਹਮਲੇ ਤੋਂ ਬਾਅਦ ਅਜਿਹਾ ਕਰਨਾ ਜ਼ਰੂਰੀ ਸੀ।

ਮਿਸਰੀ ਨੇ ਕਿਹਾ ਕਿ ਹਮਲਾਵਰਾਂ ਨੇ ਪੀੜਤਾਂ ਦੇ ਪਰਿਵਾਰਾਂ ਦੇ ਸਾਹਮਣੇ ਉਨ੍ਹਾਂ ਦੇ ਮੱਥਿਆਂ ’ਚ ਗੋਲੀ ਮਾਰੀ ਸੀ ਅਤੇ ਉਨ੍ਹਾਂ ਨੂੰ ਕਿਹਾ ਕਿ ਜਾ ਕੇ ਮੋਦੀ ਨੂੰ ਦੱਸ ਦੇਣਾ। ਸੀਸੀਐਸ ਨੂੰ ਅਪਰੇਸ਼ਨ ਦੇ ਵੇਰਵਿਆਂ, ਇਸਦੇ ਨਤੀਜਿਆਂ ਅਤੇ ਪਾਕਿਸਤਾਨ ਤੋਂ ਅਨੁਮਾਨਤ ਜਵਾਬ ਬਾਰੇ ਜਾਣਕਾਰੀ ਦਿੱਤੀ ਗਈ। ਭਾਰਤੀ ਫੌਜ ਵੱਲੋਂ ਪ੍ਰਧਾਨ ਮੰਤਰੀ ਮੋਦੀ ਨੂੰ ਸੰਕਟਕਾਲੀਨ ਯੋਜਨਾਵਾਂ ਬਾਰੇ ਵੀ ਜਾਣਕਾਰੀ ਦੇਣ ਦੀ ਉਮੀਦ ਹੈ, ਜਿਸ ਵਿੱਚ ਇਹ ਵੀ ਸ਼ਾਮਲ ਹੈ ਕਿ ਜੇ ਪਾਕਿਸਤਾਨ ਬਦਲਾ ਲੈਣ ਦਾ ਫੈਸਲਾ ਕਰਦਾ ਹੈ ਤਾਂ ਉਹ ਕਿਵੇਂ ਟਕਰਾਅ ਨੂੰ ਵਧਾ ਸਕਦਾ ਹੈ।

# ਪੰਜਾਬ ਪੁਲਿਸ ਡੈਮਾਂ ਦੇ ਅਪਰੇਸ਼ਨ ’ਚ ਕੋਈ ਦਖ਼ਲ ਨਾ ਦੇਵੇ : ਹਾਈ ਕੋਰਟ

**ਚੰਡੀਗੜ੍ਹ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**




ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਲੋਂ ਦਾਇਰ ਪਟੀਸ਼ਨ ਦਾ ਨਿਬੇੜਾ ਕਰਦਿਆਂ ਪੰਜਾਬ ਸਰਕਾਰ ਨੂੰ ਹੁਕਮ ਦਿੱਤੇ ਹਨ ਕਿ ਪੰਜਾਬ ਪੁਲੀਸ ਭਾਖੜਾ ਨੰਗਲ ਡੈਮ ਅਤੇ ਲੋਹੰਦ ਖੱਡ ਦੇ ਅਪਰੇਸ਼ਨ ਅਤੇ ਰੈਗੂਲੇਸ਼ਨ ਵਿੱਚ ਕੋਈ ਦਖਲਅੰਦਾਜ਼ੀ ਨਾ ਕਰੇ।

ਪੰਜਾਬ ਪੁਲੀਸ ਨੂੰ ਡੈਮਾਂ ਦੀ ਸੁਰੱਖਿਆ ਕਰਨ ਦੀ ਖੁੱਲ੍ਹ ਦਿੱਤੀ ਗਈ ਹੈ। ਹਾਈ ਕੋਰਟ ਨੇ ਪੰਜਾਬ ਸਰਕਾਰ ਨੂੰ ਇਹ ਵੀ ਹੁਕਮ ਦਿੱਤੇ ਹਨ ਕਿ ਉਹ (ਪੰਜਾਬ ਸਰਕਾਰ) ਦੋ ਮਈ ਨੂੰ ਕੇਂਦਰੀ ਗ੍ਰਹਿ ਸਕੱਤਰ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਦੇ ਫ਼ੈਸਲੇ ਦੀ ਪਾਲਣਾ ਕਰੇ।

ਅਦਾਲਤ ਨੇ ਇਹ ਵੀ ਕਿਹਾ ਹੈ ਕਿ ਅਗਰ ਪੰਜਾਬ ਸਰਕਾਰ ਨੂੰ ਕੇਂਦਰ ਦੇ ਕਿਸੇ ਫੈਸਲੇ ਪ੍ਰਤੀ ਇਤਰਾਜ਼ ਹੈ ਤਾਂ ਉਹ ਬੀਬੀਐਮਬੀ ਦੇ ਚੇਅਰਮੈਨ ਰਾਹੀਂ ਕੇਂਦਰ ਸਰਕਾਰ ਤੱਕ ਇਤਰਾਜ਼ ਪੁੱਜਦਾ ਕਰ ਸਕਦੀ ਹੈ। ਅਦਾਲਤ ਨੇ ਕੇਂਦਰ ਨੂੰ ਵੀ ਆਦੇਸ਼ ਦਿੱਤੇ ਹਨ ਕਿ ਅਜਿਹਾ ਇਤਰਾਜ਼ ਆਉਣ ਦੀ ਸੂਰਤ ਵਿੱਚ ਇਸਦਾ ਨਿਤਾਰਾ ਤੁਰੰਤ ਕੀਤਾ ਜਾਵੇ।

ਦੱਸਣਯੋਗ ਹੈ ਕਿ ਬੀਬੀਐਮਬੀ ਨੇ ਦੋ ਦਿਨ ਪਹਿਲਾਂ ਡੈਮਾਂ ਨੂੰ ਪੰਜਾਬ ਪੁਲੀਸ ਦੇ ਕੰਟਰੋਲ ਤੋਂ ਮੁਕਤ ਕਰਵਾਉਣ ਲਈ ਹਾਈ ਕੋਰਟ ਵਿੱਚ ਪਟੀਸ਼ਨ ਦਾਇਰ ਕੀਤੀ ਸੀ।

# 200 ਤੋਂ ਵੱਧ ਉਡਾਣਾਂ ਰੱਦ; 18 ਹਵਾਈ ਅੱਡੇ ਅਸਥਾਈ ਤੌਰ ’ਤੇ ਬੰਦ

**ਨਵੀਂ ਦਿੱਲੀ/ਮੁੰਬਈ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਬੁੱਧਵਾਰ ਸਵੇਰੇ ਪਾਕਿਸਤਾਨ ਵਿਰੁੱਧ ਹਥਿਆਰਬੰਦ ਬਲਾਂ ਵੱਲੋਂ ਮਿਜ਼ਾਈਲ ਹਮਲੇ ਕੀਤੇ ਜਾਣ ਦੇ ਮੱਦੇਨਜ਼ਰ ਲਗਾਈਆਂ ਗਈਆਂ ਪਾਬੰਦੀਆਂ ਦੇ ਵਿਚਕਾਰ 200 ਤੋਂ ਵੱਧ ਉਡਾਣਾਂ ਰੱਦ ਕਰ ਦਿੱਤੀਆਂ ਗਈਆਂ ਹਨ ਅਤੇ ਸ੍ਰੀਨਗਰ ਸਮੇਤ ਘੱਟੋ-ਘੱਟ 18 ਹਵਾਈ ਅੱਡਿਆਂ ਨੂੰ ਅਸਥਾਈ ਤੌਰ ’ਤੇ ਸੰਚਾਲਨ ਲਈ ਬੰਦ ਕਰ ਦਿੱਤਾ ਗਿਆ ਹੈ। ਏਅਰ ਇੰਡੀਆ, ਇੰਡੀਗੋ, ਸਪਾਈਸਜੈੱਟ, ਏਅਰ ਇੰਡੀਆ ਐਕਸਪ੍ਰੈਸ, ਅਕਾਸਾ ਏਅਰ ਅਤੇ ਕੁਝ ਵਿਦੇਸ਼ੀ ਏਅਰਲਾਈਨਾਂ ਨੇ ਵੱਖ-ਵੱਖ ਹਵਾਈ ਅੱਡਿਆਂ ਤੋਂ ਆਉਣ-ਜਾਣ ਵਾਲੀਆਂ ਆਪਣੀਆਂ ਸੇਵਾਵਾਂ ਰੱਦ ਕਰ ਦਿੱਤੀਆਂ। ਸੂਤਰਾਂ ਨੇ ਦੱਸਿਆ ਕਿ ਦੇਸ਼ ਦੇ ਉੱਤਰੀ ਅਤੇ ਪੱਛਮੀ ਹਿੱਸਿਆਂ ਵਿੱਚ ਘੱਟੋ-ਘੱਟ 18 ਹਵਾਈ ਅੱਡਿਆਂ ਨੂੰ ਅਸਥਾਈ ਤੌਰ ’ਤੇ ਬੰਦ ਕਰ ਦਿੱਤਾ ਗਿਆ ਹੈ। ਇਨ੍ਹਾਂ ਹਵਾਈ ਅੱਡਿਆਂ ਵਿੱਚ ਸ੍ਰੀਨਗਰ, ਲੇਹ, ਜੰਮੂ, ਅੰਮ੍ਰਿਤਸਰ, ਪਠਾਨਕੋਟ, ਚੰਡੀਗੜ੍ਹ, ਜੋਧਪੁਰ, ਜੈਸਲਮੇਰ, ਸ਼ਿਮਲਾ, ਧਰਮਸ਼ਾਲਾ ਅਤੇ ਜਾਮਨਗਰ ਸ਼ਾਮਲ ਹਨ।

ਸੂਤਰਾਂ ਦੇ ਅਨੁਸਾਰ ਏਅਰਲਾਈਨਾਂ ਵੱਲੋਂ ਵੱਖ-ਵੱਖ ਹਵਾਈ ਅੱਡਿਆਂ ਤੋਂ ਆਉਣ-ਜਾਣ ਵਾਲੀਆਂ 200 ਤੋਂ ਵੱਧ ਉਡਾਣਾਂ ਰੱਦ ਕੀਤੀਆਂ ਗਈਆਂ ਹਨ, ਜਿਨ੍ਹਾਂ ਵਿੱਚੋਂ ਸਿਰਫ਼ ਇੰਡੀਗੋ ਨੇ ਹੀ ਲਗਭਗ 160 ਉਡਾਣਾਂ ਰੱਦ ਕੀਤੀਆਂ ਹਨ। ਏਅਰਲਾਈਨ ਨੇ ਐਕਸ ਪੋਸਟ ਵਿਚ ਕਿਹਾ, “ਇਨ੍ਹਾਂ ਹਵਾਈ ਅੱਡਿਆਂ ਨੂੰ ਬੰਦ ਕਰਨ ਬਾਰੇ ਹਵਾਬਾਜ਼ੀ ਅਧਿਕਾਰੀਆਂ ਵੱਲੋਂ ਜਾਰੀ ਨੋਟੀਫਿਕੇਸ਼ਨ ਤੋਂ ਬਾਅਦ ਜੰਮੂ, ਸ੍ਰੀਨਗਰ, ਲੇਹ, ਜੋਧਪੁਰ, ਅੰਮ੍ਰਿਤਸਰ, ਭੁਜ, ਜਾਮਨਗਰ, ਚੰਡੀਗੜ੍ਹ ਅਤੇ ਰਾਜਕੋਟ ਤੋਂ ਆਉਣ ਵਾਲੀਆਂ ਏਅਰ ਇੰਡੀਆ ਦੀਆਂ ਉਡਾਣਾਂ 10 ਮਈ ਨੂੰ 05.29 ਵਜੇ ਭਾਰਤੀ ਸਮੇਂ ਅਨੁਸਾਰ ਰੱਦ ਕੀਤੀਆਂ ਜਾ ਰਹੀਆਂ ਹਨ।”

ਦਿੱਲੀ ਇੰਟਰਨੈਸ਼ਨਲ ਏਅਰਪੋਰਟ ਲਿਮਟਿਡ ਨੇ ਇਕ ਪੋਸਟ ਵਿੱਚ ਕਿਹਾ ਕਿ ਉਸ ਨੇ ਪਾਕਿਸਤਾਨੀ ਹਵਾਈ ਖੇਤਰ ਬੰਦ ਹੋਣ ਕਾਰਨ ਪਾਕਿਸਤਾਨ ਲਈ ਉਡਾਣਾਂ ਅਸਥਾਈ ਤੌਰ ’ਤੇ ਮੁਅੱਤਲ ਕਰ ਦਿੱਤੀਆਂ ਹਨ।

## ਭਾਰਤੀ ਹਥਿਆਰਬੰਦ ਬਲਾਂ ਨੇ ਅੱਤਵਾਦੀ ਕੈਂਪਸ ਨੂੰ ਸਟੀਕਤਾ ਨਾਲ ਨਿਸ਼ਾਨਾ ਬਣਾਇਆ

**ਜਲੰਧਰ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤੀ ਹਥਿਆਰਬੰਦ ਬਲਾਂ ਨੇ ਹੁਣ ਤੋਂ ਕੁਝ ਸਮੇਂ ਪਹਿਲਾਂ ‘ਆਪ੍ਰੇਸ਼ਨ ਸਿੰਦੂਰ’ ਲਾਂਚ ਕੀਤਾ, ਜਿਸ ਦੇ ਤਹਿਤ ਪਾਕਿਸਤਾਨ ਅਤੇ ਪਾਕਿਸਤਾਨ -ਓਕਿਊਪਾਇਡ ਵਾਲੇ ਜੰਮੂ-ਕਸ਼ਮੀਰ ਵਿੱਚ ਅੱਤਵਾਦੀਆਂ ਦੇ ਠਿਕਾਣਿਆਂ ’ਤੇ ਹਮਲਾ ਕੀਤਾ ਗਿਆ। ਇਹ ਅਜਿਹੇ ਚਿੰਨ੍ਹਿਤ ਸਥਾਨ ਹਨ, ਜਿੱਥੋਂ ਭਾਰਤ ਵਿਰੁੱਧ ਅੱਤਵਾਦੀ ਹਮਲਿਆਂ ਦੀ ਯੋਜਨਾ ਬਣਾਈ ਗਈ ਅਤੇ ਉਨ੍ਹਾਂ ਨੂੰ ਨਿਰਦੇਸ਼ ਦਿੱਤਾ ਗਿਆ।

ਕੁੱਲ ਮਿਲਾ ਕੇ, ਨੌਂ (9) ਠਿਕਾਣਿਆਂ ਨੂੰ ਨਿਸ਼ਾਨਾ ਬਣਾਇਆ ਗਿਆ ਹੈ।

ਭਾਰਤ ਦੀ ਇਹ ਕਾਰਵਾਈ ਕੇਂਦ੍ਰਿਤ, ਨਪੀ-ਤੁਲੀ ਅਤੇ ਬਿਨਾ ਕਿਸੇ ਨੂੰ ਉਕਸਾਉਣ ਵਾਲੀ ਰਹੀ ਹੈ। ਇਸ ਦੌਰਾਨ, ਕਿਸੇ ਵੀ ਪਾਕਿਸਤਾਨੀ ਮਿਲਟਰੀ ਸਹੂਲਤਾਂ ਨੂੰ ਨੁਕਸਾਨ ਨਹੀਂ ਪਹੁੰਚਾਇਆ ਗਿਆ ਹੈ। ਭਾਰਤ ਨੇ ਆਪਣੇ ਟੀਚਿਆਂ ਦੀ ਚੋਣ ਅਤੇ ਉਨ੍ਹਾਂ ਨੂੰ ਨਿਸ਼ਾਨਾ ਬਣਾਉਣ ਵਿੱਚ ਕਾਫੀ ਸੰਜਮ ਦਿਖਾਇਆ ਹੈ।

ਇਹ ਕਾਰਵਾਈ ਪਹਿਲਗਾਮ ਵਿੱਚ ਹੋਏ ਵਹਿਸ਼ੀ ਅੱਤਵਾਦੀ ਹਮਲੇ ਦੇ ਜਵਾਬ ਵਿੱਚ ਕੀਤੀ ਗਈ ਹੈ। ਇਸ ਕਾਇਰਾਨਾ ਅੱਤਵਾਦੀ ਹਮਲੇ ਵਿੱਚ 25 ਭਾਰਤੀ ਅਤੇ ਨੇਪਾਲ ਦੇ ਇੱਕ ਨਾਗਰਿਕ ਦੀ ਹੱਤਿਆ ਕਰ ਦਿੱਤੀ ਗਈ ਸੀ। ਅਸੀਂ ਇਸ ਪ੍ਰਤੀਬੱਧਤਾ ’ਤੇ ਖਰ੍ਹੇ ਉਤਰ ਰਹੇ ਹਾਂ ਕਿ ਇਸ ਅੱਤਵਾਦੀ ਹਮਲੇ ਦੇ ਲਈ ਜ਼ਿੰਮੇਦਾਰ ਲੋਕਾਂ ਨੂੰ ਜਵਾਬਦੇਹ ਠਹਿਰਾਇਆ ਜਾਵੇਗਾ।

## ਭਾਰਤ ਟਕਰਾਅ ਘਟਾਏ ਤਾਂ ਪਾਕਿ ਤਣਾਅ ਖ਼ਤਮ ਕਰਨ ਲਈ ਤਿਆਰ: ਪਾਕਿ ਰੱਖਿਆ ਮੰਤਰੀ ਆਸਿਫ਼

**ਇਸਲਾਮਾਬਾਦ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਪਾਕਿਸਤਾਨ ਦੇ ਰੱਖਿਆ ਮੰਤਰੀ ਖਵਾਜਾ ਆਸਿਫ਼ ਨੇ ਕਿਹਾ ਕਿ ਪਾਕਿਸਤਾਨ ਭਾਰਤ ਨਾਲ ਤਣਾਅ ਨੂੰ ਖਤਮ ਲਈ ਤਿਆਰ ਹੈ, ਜੇ ਨਵੀਂ ਦਿੱਲ ੀ ਟਕਰਾਅ ਨੂੰ ਘੱਟ ਕਰਦਾ ਹੈ। ਉਨ੍ਹਾਂ ਦੀ ਇਹ ਟਿੱਪਣੀ ਭਾਰਤ ਵੱਲੋਂ ਪਾਕਿਸਤਾਨ ਅਤੇ ਪੀਓਕੇ ਵਿਚ ਅਤਿਵਾਦੀ ਟਿਕਾਣਿਆਂ ’ਤੇ ਫੌਜੀ ਹਮਲੇ ਕਰਨ ਤੋਂ ਕੁਝ ਘੰਟੇ ਬਾਅਦ ਸਾਹਮਣੇ ਆਈ ਹੈ। ਬਲੂਮਬਰਗ ਟੈਲੀਵਿਜ਼ਨ ਵੱਲੋਂ ਆਸਿਫ਼ ਦੇ ਇਹ ਕਹਿਣ ਦੀ ਰਿਪੋਰਟ ਦਿੱਤੀ ਗਈ ਸੀ ਕਿ ਪਾਕਿਸਤਾਨ ਸਿਰਫ਼ ਹਮਲਾ ਹੋਣ ’ਤੇ ਹੀ ਜਵਾਬ ਦੇਵੇਗਾ।

ਉਨ੍ਹਾਂ ਕਿਹਾ, “ਅਸੀਂ ਪਿਛਲੇ ਪੰਦਰਵਾੜੇ ਤੋਂ ਕਹਿੰਦੇ ਆ ਰਹੇ ਹਾਂ ਕਿ ਅਸੀਂ ਕਦੇ ਵੀ ਭਾਰਤ ਪ੍ਰਤੀ ਦੁਸ਼ਮਣੀ ਵਾਲੀ ਕੋਈ ਗੱਲ ਨਹੀਂ ਸ਼ੁਰੂ ਕਰਾਂਗੇ। ਪਰ ਜੇ ਸਾਡੇ ’ਤੇ ਹਮਲਾ ਕੀਤਾ ਜਾਂਦਾ ਹੈ, ਤਾਂ ਅਸੀਂ ਜਵਾਬ ਦੇਵਾਂਗੇ। ਜੇ ਭਾਰਤ ਪਿੱਛੇ ਹਟਦਾ ਹੈ, ਤਾਂ ਅਸੀਂ ਇਸ ਤਣਾਅ ਨੂੰ ਯਕੀਨੀ ਤੌਰ ’ਤੇ ਖਤਮ ਕਰਾਂਗੇ।” ਗੱਲਬਾਤ ਦੀ ਸੰਭਾਵਨਾ ਬਾਰੇ ਮੰਤਰੀ ਨੇ ਕਿਹਾ ਕਿ ਉਹ ਅਜਿਹੇ ਕਿਸੇ ਵੀ ਸੰਭਾਵੀ ਸਬੰਧਾਂ ਬਾਰੇ ਜਾਣੂ ਨਹੀਂ ਸਨ।

ਪਾਕਿਸਤਾਨੀ ਫੌਜ ਦੇ ਬੁਲਾਰੇ ਲੈਫਟੀਨੈਂਟ ਜਨਰਲ ਅਹਿਮਦ ਸ਼ਰੀਫ ਚੌਧਰੀ ਨੇ ਇਕ ਮੀਡੀਆ ਗੱਲਬਾਤ ਵਿਚ ਕਿਹਾ ਕਿ ਭਾਰਤ ਵੱਲੋਂ ਕੀਤੇ ਗਏ ਮਿਜ਼ਾਈਲ ਹਮਲਿਆਂ ਵਿਚ ਘੱਟੋ-ਘੱਟ 26 ਲੋਕ ਮਾਰੇ ਗਏ ਅਤੇ 46 ਜ਼ਖ਼ਮੀ ਹੋਏ। ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਨੇ ਕਿਹਾ ਕਿ ਉਨ੍ਹਾਂ ਦੀਆਂ ਹਥਿਆਰਬੰਦ ਫੌਜਾਂ ਚੰਗੀ ਤਰ੍ਹਾਂ ਜਾਣਦੀਆਂ ਹਨ ਕਿ ਦੁਸ਼ਮਣ ਨਾਲ ਕਿਵੇਂ ਨਜਿੱਠਣਾ ਹੈ। ਉਨ੍ਹਾਂ ਕਿਹਾ, “ਪਾਕਿਸਤਾਨ ਨੂੰ ਭਾਰਤ ਵੱਲੋਂ ਥੋਪੇ ਗਏ ਇਸ ਯੁੱਧ ਦੇ ਜਵਾਬ ਵਿਚ ਢੁਕਵਾਂ ਜਵਾਬ ਦੇਣ ਦਾ ਪੂਰਾ ਅਧਿਕਾਰ ਹੈ ਅਤੇ ਸੱਚਮੁੱਚ ਸਖ਼ਤ ਜਵਾਬ ਦਿੱਤਾ ਜਾ ਰਿਹਾ ਹੈ।” ਉਨ੍ਹਾਂ ਹੋਰ ਕਿਹਾ, “ਅਸੀਂ ਦੁਸ਼ਮਣ ਨੂੰ ਕਦੇ ਵੀ ਆਪਣੇ ਨਾਪਾਕ ਉਦੇਸ਼ਾਂ ਵਿਚ ਸਫਲ ਨਹੀਂ ਹੋਣ ਦੇਵਾਂਗੇ।”

## ਭਾਰਤ ਨੇ ਪਾਕਿਸਤਾਨ ਦਾ ਫਾਈਟਰ ਜੈੱਟ ਕੀਤਾ ਢੇਰ

**ਨਵੀਂ ਦਿੱਲੀ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਨੇ ਪਾਕਿਸਤਾਨ ਦੇ ਫਾਈਟਰ ਜੈੱਟ ਨੂੰ ਮਾਰ ਗਿਰਾਇਆ ਹੈ। ਜੰਮੂ ਕਸ਼ਮੀਰ ਦੇ ਪੈਂਪੋਰ ਵਿੱਚ ਭਾਰਤੀ ਫੌਜ ਨੇ ਪਾਕਿਸਤਾਨੀ ਲੜਾਕੂ ਜਹਾਜ਼ ਨੂੰ ਢੇਰ ਕਰ ਦਿੱਤਾ ਹੈ। ਇਹ ਲੜਾਕੂ ਜਹਾਜ਼ ਭਾਰਤੀ ਸਰਹੱਦ ਵਿੱਚ ਵੜ੍ਹਨ ਦੀ ਕੋਸ਼ਿਸ਼ ਕਰ ਰਿਹਾ ਸੀ। ਭਾਰਤੀ ਹਵਾਈ ਫੌਜ ਨੇ ਹਮਲੇ ਤੋਂ ਬਾਅਦ ਹਵਾਈ ਅਭਿਆਸ ਸ਼ੁਰੂ ਕਰ ਦਿੱਤਾ ਹੈ। ਫੌਜ ਨੇ ਭਾਰਤ-ਪਾਕਿਸਤਾਨ ਸਰਹੱਦ ’ਤੇ ਹਵਾਈ ਰੱਖਿਆ ਪ੍ਰਣਾਲੀ ਨੂੰ ਸਰਗਰਮ ਕਰ ਦਿੱਤਾ ਹੈ। ਪਾਕਿਸਤਾਨ ਦੇ ਜਵਾਬੀ ਹਮਲੇ ਦਾ ਸਾਹਮਣਾ ਕਰਨ ਲਈ ਭਾਰਤੀ ਫੌਜ ਚੌਕਸ ਹੈ।

ਦੱਸ ਦਈਏ ਕਿ ਭਾਰਤ ਨੇ ਮੰਗਲਵਾਰ ਨੂੰ ਦੇਰ ਰਾਤ ਪਾਕਿਸਾਤਨ ’ਤੇ ਏਅਰ ਸਟ੍ਰਾਈਕ ਕੀਤਾ ਅਤੇ ਉਸ ਦੇ 9 ਅੱਤਵਾਦੀ ਟਿਕਾਣਿਆਂ ਨੂੰ ਤਬਾਹ ਕਰ ਦਿੱਤਾ ਹੈ।

## ‘ਆਪਰੇਸ਼ਨ ਸਿੰਦੂਰ’ ਤੇ ਰੂਸ ਦੀ ਪ੍ਰਤੀਕਿਰਿਆ, ਵਧਦੇ ਤਣਾਅ ’ਤੇ ਪ੍ਰਗਟਾਈ ‘ਡੂੰਘੀ ਚਿੰਤਾ’



**ਮਾਸਕੋ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਰੂਸ ਨੇ ਬੁੱਧਵਾਰ ਨੂੰ ਪਹਿਲਗਾਮ ਅੱਤਵਾਦੀ ਹਮਲੇ ਦੇ ਮੱਦੇਨਜ਼ਰ ਭਾਰਤ ਅਤੇ ਪਾਕਿਸਤਾਨ ਵਿਚਕਾਰ ਵਧਦੇ ਫੌਜੀ ਟਕਰਾਅ ’ਤੇ ਡੂੰਘੀ ਚਿੰਤਾ ਪ੍ਰਗਟ ਕੀਤੀ। ਰੂਸੀ ਵਿਦੇਸ਼ ਮੰਤਰਾਲੇ ਦੀ ਬੁਲਾਰਨ ਮਾਰੀਆ ਜ਼ਖਾਰੋਵਾ ਦੇ ਹਵਾਲੇ ਨਾਲ ਸਰਕਾਰੀ ਸਮਾਚਾਰ ਏਜੰਸੀ “ਨੇ ਕਿਹਾ, ਪਹਿਲਗਾਮ ਸ਼ਹਿਰ ਨੇੜੇ ਹੋਏ ਅੱਤਵਾਦੀ ਹਮਲੇ ਤੋਂ ਬਾਅਦ ਅਸੀਂ ਭਾਰਤ ਅਤੇ ਪਾਕਿਸਤਾਨ ਵਿਚਕਾਰ ਵਧ ਰਹੇ ਫੌਜੀ ਟਕਰਾਅ ਤੋਂ ਬਹੁਤ ਚਿੰਤਤ ਹਾਂ।

ਜ਼ਖਾਰੋਵਾ ਨੇ ਕਿਹਾ ਕਿ ਰੂਸ ਅੱਤਵਾਦ ਦੀ ਸਖ਼ਤ ਨਿੰਦਾ ਕਰਦਾ ਹੈ, ਇਸਦੇ ਸਾਰੇ ਰੂਪਾਂ ਅਤੇ ਪ੍ਰਗਟਾਵੇ ਵਿੱਚ ਇਸਦਾ ਵਿਰੋਧ ਕਰਦਾ ਹੈ ਅਤੇ ਇਸ ਬੁਰਾਈ ਦਾ ਪ੍ਰਭਾਵਸ਼ਾਲੀ ਢੰਗ ਨਾਲ ਮੁਕਾਬਲਾ ਕਰਨ ਲਈ ਪੂਰੇ ਵਿਸ਼ਵ ਭਾਈਚਾਰੇ ਦੇ ਯਤਨਾਂ ਨੂੰ ਇੱਕਜੁੱਟ ਕਰਨ ਦੀ ਜ਼ਰੂਰਤ ’ਤੇ ਜ਼ੋਰ ਦਿੰਦਾ ਹੈ।

ਉਨ੍ਹਾਂ ਕਿਹਾ,ਅਸੀਂ ਸਬੰਧਤ ਧਿਰਾਂ ਨੂੰ ਖੇਤਰ ਵਿੱਚ ਸਥਿਤੀ ਨੂੰ ਹੋਰ ਵਿਗੜਨ ਤੋਂ ਰੋਕਣ ਲਈ ਸੰਜਮ ਵਰਤਣ ਦੀ ਅਪੀਲ ਕਰਦੇ ਹਾਂ। ਜ਼ਖਾਰੋਵ ਨੇ ‘ਆਪ੍ਰੇਸ਼ਨ ਸਿੰਦੂਰ’ ਦੇ ਮੱਦੇਨਜ਼ਰ ਇੱਕ ਬਿਆਨ ਵਿੱਚ ਕਿਹਾ ਸਾਨੂੰ ਉਮੀਦ ਹੈ ਕਿ ਨਵੀਂ ਦਿੱਲੀ ਅਤੇ ਇਸਲਾਮਾਬਾਦ ਵਿਚਕਾਰ ਮਤਭੇਦ 1972 ਦੇ ਸ਼ਿਮਲਾ ਸਮਝੌਤੇ ਅਤੇ 1999 ਦੇ ਲਾਹੌਰ ਐਲਾਨਨਾਮੇ ਦੇ ਉਪਬੰਧਾਂ ਦੇ ਅਨੁਸਾਰ ਸ਼ਾਂਤੀਪੂਰਨ, ਰਾਜਨੀਤਿਕ ਅਤੇ ਕੂਟਨੀਤਕ ਤਰੀਕਿਆਂ ਨਾਲ ਦੁਵੱਲੇ ਆਧਾਰ ’ਤੇ ਹੱਲ ਕੀਤੇ ਜਾਣਗੇ।

## ਪਾਕਿਸਤਾਨੀ ਹਮਲੇ ’ਚ 3 ਸਿੰਘ ਸ਼ਹੀਦ ! ਬਿਕਰਮ ਮਜੀਠੀਆ ਨੇ ਜਤਾਇਆ ਦੁੱਖ

**ਚੰਡੀਗੜ੍ਹ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਪਾਕਿਸਤਾਨੀ ਫ਼ੌਜ ਵੱਲੋਂ ਪੁੰਛ ’ਚ ਕੀਤੇ ਗਏ ਹਮਲੇ ਵਿਚ 3 ਸਿੰਘਾਂ ਦੀ ਸ਼ਹਾਦਤ ’ਤੇ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਹੈ। ਮਜੀਠੀਆ ਨੇ ਪਾਕਿਸਤਾਨੀ ਫ਼ੌਜ ਵੱਲੋਂ ਨਾਗਰਿਕਾਂ ਨੂੰ ਨਿਸ਼ਾਨਾ ਬਣਾਏ ਜਾਣ ਦੀ ਨਿਖੇਧੀ ਕੀਤੀ ਗਈ ਹੈ।

ਬਿਕਰਮ ਸਿੰਘ ਮਜੀਠੀਆ ਨੇ ਕਿਹਾ ਕਿ ਪੁੰਛ ਸ਼ਹਿਰ ਵਿਖੇ ਪਾਕਿਸਤਾਨੀ ਫ਼ੌਜ ਦੇ ਹਮਲੇ ਵਿਚ ਰਾਗੀ ਭਾਈ ਅਮਰੀਕ ਸਿੰਘ ਜੀ, ਸਾਬਕਾ ਫ਼ੌਜੀ ਅਮਰਜੀਤ ਸਿੰਘ ਅਤੇ ਦੁਕਾਨਦਾਰ ਰਣਜੀਤ ਸਿੰਘ ਦੀ ਸ਼ਹਾਦਤ ਦੀ ਖ਼ਬਰ ਨਾਲ ਮਨ ਨੂੰ ਗਹਿਰਾ ਦੁੱਖ ਪਹੁੰਚਿਆ। ਮਜੀਠੀਆ ਨੇ ਕਿਹਾ ਕਿ ਅਸੀਂ ਉਨ੍ਹਾਂ ਦੀ ਸ਼ਹਾਦਤ ਨੂੰ ਕੋਟਿ-ਕੋਟਿ ਨਮਨ ਕਰਦੇ ਹਾਂ ਅਤੇ ਪਰਿਵਾਰਾਂ ਦੇ ਨਾਲ ਪੂਰੀ ਹਮਦਰਦੀ ਪ੍ਰਗਟ ਕਰਦੇ ਹਾਂ। ਉਨ੍ਹਾਂ ਨੇ ਨਾਗਰਿਕਾਂ ਨੂੰ ਨਿਸ਼ਾਨਾ ਬਣਾਉਣ ਲਈ ਪਾਕਿਸਤਾਨੀ ਫ਼ੌਜ ਦੀ ਸਖ਼ਤ ਨਿੰਦਿਆ ਵੀ ਕੀਤੀ ਹੈ।

ਪੁੰਛ ਸ਼ਹਿਰ ਵਿਖੇ ਪਾਕਿਸਤਾਨੀ ਫ਼ੌਜ ਦੇ ਹਮਲੇ ਵਿਚ ਰਾਗੀ ਭਾਈ ਅਮਰੀਕ ਸਿੰਘ ਜੀ, ਸਾਬਕਾ ਫ਼ੌਜੀ ਅਮਰਜੀਤ ਸਿੰਘ ਅਤੇ ਦੁਕਾਨਦਾਰ ਰਣਜੀਤ ਸਿੰਘ ਦੀ ਸ਼ਹਾਦਤ ਦੀ ਖ਼ਬਰ ਨਾਲ ਮਨ ਨੂੰ ਗਹਿਰਾ ਦੁੱਖ ਪਹੁੰਚਿਆ। ਅਸੀਂ ਉਨ੍ਹਾਂ ਦੀ ਸ਼ਹਾਦਤ ਨੂੰ ਕੋਟਿ-ਕੋਟਿ ਨਮਨ ਕਰਦੇ ਹਾਂ ਅਤੇ ਪਰਿਵਾਰਾਂ ਦੇ ਨਾਲ ਪੂਰੀ ਹਮਦਰਦੀ ਪ੍ਰਗਟ ਕਰਦੇ ਹਾਂ। ਨਾਗਰਿਕਾਂ ਨੂੰ ਨਿਸ਼ਾਨਾ ਬਣਾਉਣ ਲਈ ਪਾਕਿਸਤਾਨੀ ਫ਼ੌਜ ਦੀ ਸਖ਼ਤ ਨਿੰਦਿਆ ਕਰਦੇ ਹਾਂ।

# ‘ਮਿਸ਼ਨ ਸੰਕਲਪ’ : ਸੁਰੱਖਿਆ ਫ਼ੋਰਸਾਂ ਨਾਲ ਮੁਕਾਬਲੇ ’ਚ 15 ਤੋਂ ਵੱਧ ਨਕਸਲੀ ਢੇਰ



**ਬੀਜਾਪੁਰ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਛੱਤੀਸਗੜ੍ਹ ਦੇ ਬੀਜਾਪੁਰ ਜ਼ਿਲ੍ਹੇ ’ਚ ਜਾਰੀ ਨਕਸਲ ਵਿਰੋਧੀ ਮੁਹਿੰਮ ’ਚ ਸੁਰੱਖਿਆ ਫ਼ੋਰਸਾਂ ਨੇ 15 ਤੋਂ ਵੱਧ ਨਕਸਲੀਆਂ ਨੂੰ ਮਾਰ ਸੁੱਟਿਆ। ਪੁਲਸ ਅਧਿਕਾਰੀਆਂ ਨੇ ਬੁੱਧਵਾਰ ਨੂੰ ਇਹ ਜਾਣਕਾਰੀ ਦਿੱਤੀ। ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਜ਼ਿਲ੍ਹੇ ਦੇ ਕਰੇਗੁੱਟਾ ਦੀਆਂ ਪਹਾੜੀਆਂ ਅਤੇ ਛੱਤੀਸਗੜ੍ਹ-ਤੇਲੰਗਾਨਾ ਸਰਹੱਦ ’ਤੇ ਸਥਿਤ ਪਹਾੜੀਆਂ ’ਚ 21 ਅਪ੍ਰੈਲ ਨੂੰ ‘ਮਿਸ਼ਨ ਸੰਕਲਪ’ ਨਾਂ ਨਾਲ ਮੁਹਿੰਮ ਸ਼ੁਰੂ ਕੀਤੀ ਗਈ, ਜਿਸ ’ਚ ਲਗਭਗ 24 ਹਜ਼ਾਰ ਜਵਾਨ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਮੁਹਿੰਮ ਦੇ ਅਧੀਨ ਅੱਜ ਸੁਰੱਖਿਆ ਫ਼ੋਰਸਾਂ ਅਤੇ ਨਕਸਲੀਆਂ ਵਿਚਾਲੇ ਮੁਕਾਬਲਾ ਹੋਇਆ, ਜਿਸ ’ਚ 15 ਤੋਂ ਵੱਧ ਨਕਸਲੀ ਢੇਰ ਕਰ ਦਿੱਤੇ ਗਏ। ਪੁਲਸ ਅਧਿਕਾਰੀਆਂ ਅਨੁਸਾਰ ਇਸ ਤੋਂ ਪਹਿਲਾਂ ਸੋਮਵਾਰ ਨੂੰ ਸੁਰੱਖਿਆ ਫ਼ੋਰਸਾਂ ਨੇ ਇਕ ਵਰਦੀਧਾਰੀ ਮਹਿਲਾ ਨਕਸਲੀ ਨੂੰ ਮਾਰ ਦਿੱਤਾ ਸੀ ਅਤੇ ਹਾਦਸੇ ਵਾਲੀ ਜਗ੍ਹਾ ਤੋਂ ਹਥਿਆਰ ਅਤੇ ਹੋਰ ਸਮਾਨ ਬਰਾਮਦ ਕੀਤੇ ਸਨ। ਉੱਥੇ ਹੀ 24 ਅਪ੍ਰੈਲ ਨੂੰ ਤਿੰਨ ਮਹਿਲਾ ਨਕਸਲੀਆਂ ਦੀਆਂ ਲਾਸ਼ਾਂ ਬਰਾਮਦ ਕੀਤੀਆਂ ਗਈਆਂ ਸਨ। ਅਧਿਕਾਰੀਆਂ ਨੇ ਦੱਸਿਆ ਕਿ ਬੀਜਾਪੁਰ ਜ਼ਿਲ੍ਹੇ ਦੇ ਦੱਖਣ ਪੱਛਮ ਸਰਹੱਦੀ ਖੇਤਰ ਦੇ ਜੰਗਲ ’ਚ ਨਕਸਲੀਆਂ ਦੀ ਮੌਜੂਦਗੀ ਦੀ ਸੂਚਨਾ ਤੋਂ ਬਾਅਦ ਸੁਰੱਖਿਆ ਫ਼ੋਰਸ ਦੇ ਜਵਾਨ ਨੂੰ ਨਕਸਲ ਵਿਰੋਧੀ ਮੁਹਿੰਮ ’ਤੇ ਰਵਾਨਾ ਕੀਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਬਸਤਰ ਖੇਤਰ ’ਚ ਸ਼ੁਰੂ ਕੀਤੀਆਂ ਗਈਆਂ ਸਭ ਤੋਂ ਵੱਡੀਆਂ ਨਕਸਲ ਵਿਰੋਧੀ ਮੁਹਿੰਮਾਂ ’ਚੋਂ ਇਕ ਇਸ ਮੁਹਿੰਮ ’ਚ ਜ਼ਿਲ੍ਹਾ ਰਿਜ਼ਰਵ ਗਾਰਡ, ਬਸਤਰ ਫਾਈਟਰਜ਼ ਅਤੇ ਛੱਤੀਸਗੜ੍ਹ ਪੁਲਸ ਦੇ ਐੱਸਟੀਐੱਫ, ਕੇਂਦਰੀ ਰਿਜ਼ਰਵ ਪੁਲਸ ਫ਼ੋਰਸ ਅਤੇ ਕਮਾਂਡੋ ਬਟਾਲੀਅਨ ਫਾਰ ਰੇਸੋਲਿਊਟ ਐਕਸ਼ਨ (ਕੋਬਰਾ) ਦੇ ਜਵਾਨਾਂ ਸਮੇਤ ਵੱਖ-ਵੱਖ ਇਕਾਈਆਂ ਦੇ ਜਵਾਨ ਸ਼ਾਮਲ ਹਨ। ਅਧਿਕਾਰੀਆਂ ਨੇ ਦੱਸਿਆ ਕਿ ਇਹ ਮੁਹਿੰਮ ਅੰਤਰਰਾਜੀ ਸਰਹੱਦ ’ਤੇ ਬੀਜਾਪੁਰ (ਛੱਤੀਸਗੜ੍ਹ ਅਤੇ ਮੁਲੁਗੂ ਤੇ ਭਦ੍ਰਾਦ੍ਰੀ-ਕੋਠਾਗੁਡੇਮ (ਤੇਲੰਗਾਨ) ਦੇ ਦੋਵੇਂ ਪਾਸਿਓਂ ਲਗਭਗ 800 ਵਰਗ ਕਿਲੋਮੀਟਰ ਦੇ ਖੇਤਰ ’ਚ ਫੈਲੇ ਤੰਗ ਇਲਾਕੇ ਅਤੇ ਸੰਘਣੇ ਜੰਗਲ ’ਚ ਜਾਰੀ ਹੈ। ਇਹ ਸਥਾਨ ਰਾਜਧਾਨੀ ਰਾਏਪੁਰ ਤੋਂ 450 ਕਿਲੋਮੀਟਰ ਦੂਰ ਹੈ।

# ਸੰਯੁਕਤ ਕਿਸਾਨ ਮੋਰਚਾ ਜ਼ਿਲਾ ਫਰੀਦਕੋਟ ਦੀਆਂ ਭਰਾਤਰੀ ਜਥੇਬੰਦੀਆਂ ਵੱਲੋਂ ਮੁੱਖ ਮੰਤਰੀ ਪੰਜਾਬ ਦੇ ਨਾਂਮ ਡੀ ਸੀ ਫਰੀਦਕੋਟ ਨੂੰ ਸੌਂਪਿਆ ਮੰਗ ਪੱਤਰ : ਭੁਪਿੰਦਰ ਸਿੰਘ ਔਲਖ

**ਫਰੀਦਕੋਟ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਅੱਜ ਸੰਯੁਕਤ ਕਿਸਾਨ ਮੋਰਚਾ ਜ਼ਿਲਾ ਫਰੀਦਕੋਟ ਦੀਆਂ ਭਰਾਤਰੀ ਜਥੇਬੰਦੀਆਂ ਵੱਲੋਂ ਮੁੱਖ ਮੰਤਰੀ ਪੰਜਾਬ ਦੇ ਨਾਂਮ ਮੰਗ ਪੱਤਰ ਡਿਪਟੀ ਕਮਿਸ਼ਨਰ ਫਰੀਦਕੋਟ ਡਾਕਟਰ ਪੂਨਮਦੀਪ ਕੌਰ ਰਾਹੀ ਮੰਗ ਪੱਤਰ ਸੌਂਪਿਆ ਗਿਆ ਜਿਸ ਵਿਚ ਮੰਗ ਕੀਤੀ ਕੇ ਜਦੋਂ ਵੀ ਕੋਈ ਸਰਕਾਰੀ ਕੰਮ ਲਈ ਅਸ਼ਟਾਮ ਲੈਣ ਅਸ਼ਟਾਮ ਫਰੋਸ਼ ਕੋਲ ਜਾਂਦਾ ਹੈ ਤਾਂ ਉਸ ਤੋਂ ਮੂੰਹੋਂ ਮੰਗੀ ਰਕਮ ਵਸੂਲੀ ਜਾਂਦੀ ਹੈ ਅਤੇ ਰਜਿਸਟਰੀਆਂ ਆਦਿ ਕੁਝ ਲਿਖਾਉਣ ਦੀ ਰਕਮ ਮੂੰਹੋਂ ਮੰਗੀ ਵਸੂਲੀ ਜਾਦੀ ਹੈ ਜਦੋਂ ਕੇ ਪੰਜਾਬ ਸਰਕਾਰ ਵੱਲੋਂ ਵੱਡੇ ਵੱਡੇ ਦਾਅਵੇ ਕੀਤੇ ਜਾਂਦੇ ਹਨ ਕੇ ਤਹਿਸੀਲਾਂ ਵਿਚ ਕਿਸੇ ਕਿਸਮ ਦੀ ਲੁੱਟ ਨਹੀਂ ਹੋਣ ਦਿੱਤੀ ਜਾਵੇਗੀ ਪਰ ਗਰਾਉਂਡ ਲੈਵਲ ਤੇ ਇਹ ਸਭ ਉਲਟ ਹੀ ਹੁੰਦਾ ਉਪਰੇ ਰਜਿਸਟਰੀਆਂ ਵਗੈਰਾ ਹੋਣ ਉਪਰੰਤ ਇੰਤਕਾਲ ਵਗੈਰਾ ਦੀ ਫੀਸ ਪਹਿਲਾਂ ਹੀ ਵਸੂਲੀ ਜਾਦੀ ਹੈ ਪਰ ਪਟਵਾਰੀਆਂ ਵੱਲੋਂ ਜਦ ਤੱਕ ਜ਼ਮੀਨ ਮਾਲਕ ਦੁਬਾਰਾ ਰਜਿਸਟਰੀ ਪਟਵਾਰੀ ਕੋਲ ਜਮ੍ਹਾਂ ਕਰਵਾਏ ਬਿਨਾਂ ਇੰਤਕਾਲ ਦਰਜ਼ ਨਹੀਂ ਕੀਤੇ ਜਾਂਦੇ ਕਿਉਂਕਿ ਜੇਕਰ ਜ਼ਮੀਨ ਮਾਲਕ ਨੂੰ ਦੁਬਾਰਾ ਇਸ ਲਈ ਬੁਲਾਇਆ ਜਾਂਦਾ ਕੇ ਉਸ ਪਾਸੋਂ ਲੁੱਟ ਕੀਤੀ ਜਾ ਸਕੇ।

ਇਸ ਲਈ ਡਿਪਟੀ ਕਮਿਸ਼ਨਰ ਫਰੀਦਕੋਟ ਨੂੰ ਬੇਨਤੀ ਹੈ ਕੇ ਪੰਜਾਬ ਸਰਕਾਰ ਵੱਲੋਂ ਤਹਿ ਰੇਟ ਦੀਆਂ ਲਿਸਟਾਂ ਜ਼ਰੂਰ ਲਵਾਈਆ ਜਾਣ ਅਤੇ ਇੰਤਕਾਲ ਦੀ ਜ਼ੁਮੇਵਾਰੀ ਜਿਸ ਤਰ੍ਹਾਂ ਪੰਜਾਬ ਸਰਕਾਰ ਵੱਲੋਂ ਪਟਵਾਰੀਆਂ ਦੀ ਲਾਈ ਹੈ ਜੇਕਰ ਕਿਸੇ ਵੀ ਕਿਸਾਨ ਦਾ ਇੰਤਕਾਲ ਤਹਿ ਸਮੇਂ ਵਿੱਚ ਨਹੀਂ ਹੁੰਦਾ ਤਾਂ ਉਸ ਦਾ ਜੁਮੇਵਾਰ ਪਟਵਾਰੀ ਹੋਵੇਗਾ ਇਸ ਸਾਰੇ ਮਾਮਲੇ ਸਬੰਧੀ ਜ਼ਿਲ੍ਹਾ ਪ੍ਰਸ਼ਾਸਨ ਆਪਣੀ ਜ਼ੁਮੇਵਾਰੀ ਸਮਝਦੇ ਹੋਏ ਇਹ ਸਭ ਲਾਗੂ ਕਰਵਾਏ ਅੱਜ ਮੰਗ ਪੱਤਰ ਸੌਂਪਣ ਵੇਲੇ ਵੱਖ ਵੱਖ ਜਥੇਬੰਦੀਆਂ ਦੇ ਆਗੂ ਹਾਜ਼ਰ ਰਹੇ ਜਿੰਨ੍ਹਾਂ ਵਿੱਚ ਭੁਪਿੰਦਰ ਸਿੰਘ ਔਲਖ ਜਰਨਲ ਸਕੱਤਰ ਪੰਜਾਬ ਬੀਕੇਯੂ ਪੰਜਾਬ,ਕੇਵਲ ਸਿੰਘ ਗਿੱਲ ਜ਼ਿਲਾ ਖਜਾਨਚੀ ਬੀਕੇਯੂ ਪੰਜਾਬ, ਰਾਜਬੀਰ ਸਿੰਘ ਗਿੱਲ ਸੰਧਵਾਂ ਜ਼ਿਲਾ ਸਕੱਤਰ ਜਨਰਲ ਬੀਕੇਯੂ ਕਾਦੀਆਂ, ਨਛੱਤਰ ਸਿੰਘ ਜ਼ਿਲ੍ਹਾ ਮੀਤ ਪ੍ਰਧਾਨ ਬੀਕੇਯੂ ਕਾਦੀਆਂ, ਗੁਰਚਰਨ ਸਿੰਘ ਨੱਥਲਵਾਲਾ ਜਰਨਲ ਸਕੱਤਰ ਕੌਮੀ ਕਿਸਾਨ ਯੂਨੀਅਨ, ਗੁਰਨਾਮ ਸਿੰਘ ਮੰਡ ਜ਼ਿਲਾ ਸੋਸ਼ਲ ਮੀਡੀਆ ਇਨਚਾਰਜ ਕੌਮੀ ਕਿਸਾਨ ਯੂਨੀਅਨ,ਹਰਨੇਕ ਸਿੰਘ ਕੋਟਕਪੂਰਾ ਮੀਤ ਪ੍ਰਧਾਨ ਬੀਕੇਯੂ ਡਕੌਂਦਾ ਬੁਰਸ਼ ਗਿੱਲ, ਇੰਦਰਜੀਤ ਸਿੰਘ ਕੋਟਕਪੂਰਾ ਮੀਤ ਪ੍ਰਧਾਨ ਡਕੌਂਦਾ ਬੁਰਸ਼ ਗਿੱਲ , ਦਰਸ਼ਨ ਸਿੰਘ ਕੋਟ ਸੁਖੀਆ ਜ਼ਿਲਾ ਸੀਨੀਅਰ ਮੀਤ ਪ੍ਰਧਾਨ ਬੀਕੇਯੂ ਲੱਖੋਵਾਲ,ਜੈ ਦੀਪ ਸਿੰਘ, ਸ਼ੰਕਰ ਸ਼ਰਮਾ ਕਨਵੀਨਰ ਜਲ ਜੀਵਨ ਬਚਾਓ ਮੋਰਚਾ ਫਰੀਦਕੋਟ,ਕੇਵਲ ਕ੍ਰਿਸ਼ਨ ਕਟਾਰੀਆ ਜਲ ਜੀਵਨ ਬਚਾਓ ਮੋਰਚਾ ਫਰੀਦਕੋਟ, ਸ਼ਰਨਜੀਤ ਸਿੰਘ ਸਰਾਂ ਸੂਬਾ ਪ੍ਰਧਾਨ ਆਲ ਇੰਡੀਆ ਕਿਸਾਨ ਯੂਨੀਅਨ ਫਤਿਹ, ਗੁਰਜੀਤ ਸਿੰਘ ਢਿੱਲੋਂ ਆਦਿ ਆਗੂ ਹਾਜਰ ਰਹੇ।

# ਸੰਪਾਦਕੀ

## ਵਿਦਿਆਰਥੀਆਂ ਵਿਚ ਵੱਧ ਰਿਹਾ ਤਣਾਅ ਤੇ ਖ਼ੁਦਕੁਸ਼ੀਆਂ

ਕੁਝ ਹੀ ਦਿਨਾਂ ਵਿੱਚ ਹੋਈਆਂ ਤਿੰਨ ਵਿਦਿਆਰਥੀਆਂ ਦੀਆਂ ਮੌਤਾਂ, ਜਿਨ੍ਹਾਂ ਵਿੱਚੋਂ ਦੋ ਕੋਟਾ (ਰਾਜਸਥਾਨ) ਵਿੱਚ ਨੀਟ ਦੇ ਉਮੀਦਵਾਰ ਅਤੇ ਇੱਕ ਪੰਜਾਬ ਅੰਦਰ ਮੁਹਾਲੀ ਦੀ ਪ੍ਰਾਈਵੇਟ ਯੂਨੀਵਸਿਟੀ ਵਿੱਚ ਫੋਰੈਂਸਿਕ ਵਿਗਿਆਨ ਦਾ ਵਿਦਿਆਰਥੀ ਸੀ, ਨੇ ਉਸ ਢਾਂਚਾਗਤ ਨਾਕਾਮੀ ਦਾ ਖ਼ੁਲਾਸਾ ਕੀਤਾ ਹੈ ਜਿਸ ਨੂੰ ਭਾਰਤ ਆਪਣੇ ਲਈ ਖ਼ਤਰਾ ਮੁੱਲ ਲੈ ਕੇ ਲਗਾਤਾਰ ਨਜ਼ਰਅੰਦਾਜ਼ ਕਰਦਾ ਰਿਹਾ ਹੈ। ਇਨ੍ਹਾਂ ਵਿੱਚੋਂ ਇੱਕ ਵਿਦਿਆਰਥੀ ਦੀ ਮੌਤ ਨੀਟ-ਯੂਜੀ ਤੋਂ ਬਿਲਕੁਲ ਪਹਿਲਾਂ ਹੋਈ ਹੈ, ਜਿਸ ਤੋਂ ਪਤਾ ਲੱਗਦਾ ਹੈ ਕਿ ਕਿਵੇਂ ਅਕਾਦਮਿਕ ਦਬਾਅ, ਮਾਨਸਿਕ ਤਣਾਅ ਅਤੇ ਹੱਦੋਂ ਵੱਧ ਉਮੀਦਾਂ ਦਾ ਜਾਨਲੇਵਾ ਮਿਸ਼ਰਨ ਜਵਾਨ ਬੱਚਿਆਂ ਦੀ ਜਾਨ ਲੈ ਰਿਹਾ ਹੈ। ਕੋਚਿੰਗ ਕੇਂਦਰਾਂ ਦੇ ਧੁਰੇ, ਕੋਟਾ ਵਿੱਚ ਇਕੱਲੇ ਇਸ ਸਾਲ ਵਿੱਚ ਹੀ 14 ਵਿਦਿਆਰਥੀ ਖ਼ੁਦਕੁਸ਼ੀ ਕਰ ਚੁੱਕੇ ਹਨ। ਵਾਰ-ਵਾਰ ਮਿਲੀਆਂ ਚਿਤਾਵਨੀਆਂ ਦੇ ਬਾਵਜੂਦ ਸੰਸਥਾਈ ਤਣਾਅ ਦੇ ਕਾਰਨਾਂ ਜਿਵੇਂ ਸਖ਼ਤ ਪ੍ਰੀਖਿਆਵਾਂ, ਜ਼ਹਿਰੀਲੀ ਮੁਕਾਬਲੇਬਾਜ਼ੀ, ਗ਼ੈਰ-ਨਿਯਮਤ ਕੋਚਿੰਗ ਗਤੀਵਿਧੀਆਂ ਅਤੇ 'ਗਾਰੰਟੀਸ਼ੁਦਾ ਸਫ਼ਲਤਾ' ਦੇ ਬੋਝ ਦਾ ਅਜੇ ਤੱਕ ਕੋਈ ਹੱਲ ਨਹੀਂ ਕੱਢਿਆ ਗਿਆ।

ਹਾਲ ਹੀ ਵਿੱਚ ਕੇਂਦਰੀ ਖ਼ਪਤਕਾਰ ਸੁਰੱਖਿਆ ਅਥਾਰਿਟੀ (ਸੀਸੀਪੀਏ) ਨੇ ਗੁਮਰਾਹਕੁਨ ਇਸ਼ਤਿਹਾਰਬਾਜ਼ੀ ਤੇ ਗ਼ੈਰ-ਵਾਜਿਬ ਕਾਰੋਬਾਰੀ ਗਤੀਵਿਧੀਆਂ ਲਈ ਕਈ ਕੋਚਿੰਗ ਸੰਸਥਾਵਾਂ ਨੂੰ ਨੋਟਿਸ ਕੱਢਿਆ ਸੀ। ਕਈ ਇਸ਼ਤਿਹਾਰਾਂ ਨੇ ਆਪਣੇ ਦਾਅਵਿਆਂ ਨੂੰ ਸਿੱਧ ਕੀਤੇ ਬਿਨਾਂ ਸਿਖ਼ਰਲੇ ਰੈਂਕਾਂ 'ਤੇ ਪੱਕੀ ਚੋਣ ਦੇ ਵਾਅਦੇ ਕੀਤੇ ਸਨ। ਇਹ ਵਾਅਦੇ ਜੋ ਅਤਿ ਦੇ ਦਬਾਅ ਨਾਲ ਜੁੜੇ ਹੁੰਦੇ ਹਨ, ਅਕਸਰ ਕਮਜ਼ੋਰ ਵਿਦਿਆਰਥੀਆਂ ਅਤੇ ਬੇਚੈਨ ਮਾਪਿਆਂ ਨੂੰ ਇੱਕ ਜਾਲ ਵਿੱਚ ਫਸਾ ਲੈਂਦੇ ਹਨ। ਦੇਸ਼ ਦੇ ਟੌਪਰ ਸੱਭਿਆਚਾਰ ਨੂੰ ਨਵੀਂ ਅਤੇ ਨਿੱਗਰ ਸ਼ੁਰੂਆਤ ਦੀ ਬਹੁਤ ਜਿ ?ਆਦਾ ਲੋੜ ਹੈ। ਇਸ ਪਾਸੇ ਰਾਜਸਥਾਨ ਸਰਕਾਰ ਦਾ ਪ੍ਰਸਤਾਵ- ਕੋਚਿੰਗ ਇੰਸਟੀਚਿਊਟਜ਼ (ਕੰਟਰੋਲ ਐਂਡ ਰੈਗੂਲੇਸ਼ਨ) ਬਿੱਲ, ਮਹੱਤਵਪੂਰਨ ਕਦਮ ਹੈ। ਦਾਖਲੇ ਤੋਂ ਪਹਿਲਾਂ ਲਾਜ਼ਮੀ ਕਾਊਂਸਲਿੰਗ ਅਤੇ ਰੁਚੀ ਦੀ ਪਰਖ ਇਸ ਮਾਮਲੇ ਵਿੱਚ ਸਹਾਈ ਹੋ ਸਕਦੇ ਹਨ, ਪਰ ਅਮਲੀ ਕਾਰਵਾਈ ਦੀ ਵੱਧ ਅਹਿਮੀਅਤ ਹੈ। ਸਾਲ 2018 ਦੀਆਂ ਹਦਾਇਤਾਂ, ਜਿਨ੍ਹਾਂ ਦਾ ਮੰਤਵ ਮਨੋਵਿਗਿਆਨਕ ਮਦਦ ਤੇ ਪ੍ਰਾਈਵੇਟ ਸੰਸਥਾਵਾਂ ਨੂੰ ਨਿਯਮਤ ਕਰਨਾ ਸੀ, ਜਾਪਦਾ ਹੈ ਭੁਲਾ ਹੀ ਦਿੱਤੀਆਂ ਗਈਆਂ ਹਨ। ਸਖ਼ਤ ਨਿਗਰਾਨੀ ਤੋਂ ਬਿਨਾਂ ਨਵਾਂ ਕਾਨੂੰਨ ਵੀ ਮਹਿਜ਼ ਸੰਕੇਤਕ ਅਤੇ ਖਾਨਾਪੂਰਤੀ ਬਣ ਸਕਦਾ ਹੈ। ਇਸ ਅਹਿਮ ਮਸਲੇ ਬਾਰੇ ਮਾਪਿਆਂ ਨੂੰ ਵੀ ਮੰਥਨ ਕਰਨਾ ਚਾਹੀਦਾ ਹੈ। ਬੱਚਿਆਂ ਨੂੰ ਨਾ-ਮੁਨਾਸਬ ਵਿਸ਼ਿਆਂ ਵੱਲ ਧੱਕਣਾ ਜਾਂ ਉਨ੍ਹਾਂ ਦੀ ਕਾਬਲੀਅਤ ਨੂੰ ਅੰਕਾਂ ਤੇ ਰੈਂਕਿੰਗ ਨਾਲ ਜੋੜਨਾ ਨਿਰਾਸ਼ਾ ਹੀ ਉਪਜਾਉਂਦਾ ਹੈ। ਇਸ ਲਈ ਹੁਣ ਦੇਸ਼ ਨੂੰ ਵੀ ਚਾਹੀਦਾ ਹੈ ਕਿ ਉਹ ਆਪਣੇ ਵਿਦਿਆਰਥੀਆਂ ਨੂੰ ਰੈਂਕ ਨਾਲ ਜੋੜ ਕੇ ਦੇਖਣਾ ਬੰਦ ਕਰੇ, ਉਨ੍ਹਾਂ ਨੂੰ ਅਜਿਹੀਆਂ ਸ਼ਖ਼ਸੀਅਤਾਂ ਵਜੋਂ ਦੇਖਿਆ ਜਾਵੇ ਜਿਨ੍ਹਾਂ ਦੀਆਂ ਵੱਖੋ-ਵੱਖਰੀਆਂ ਤਾਕਤਾਂ ਅਤੇ ਸੀਮਾਵਾਂ ਹਨ। ਇਸ ਲਈ ਹੁਣ ਸਰਕਾਰ ਨੂੰ ਅਜਿਹਾ ਵਾਤਾਵਰਨ ਉਸਾਰਨਾ ਕਰਨਾ ਚਾਹੀਦਾ ਹੈ ਜਿਹੜਾ ਵੱਖ-ਵੱਖ ਵਿਸ਼ਿਆਂ ਵਿੱਚ ਰੁਚੀ ਰੱਖਣ ਵਾਲੇ ਨੌਜਵਾਨਾਂ ਲਈ ਲੋੜੀਂਦੀਆਂ ਨੌਕਰੀਆਂ ਪੈਦਾ ਕਰੇ। ਕੋਈ ਵੀ ਪ੍ਰੀਖਿਆ ਕਿਸੇ ਦੀ ਜਾਨ ਤੋਂ ਉੱਤੇ ਨਹੀਂ ਹੈ। ਬਿਨਾਂ ਸ਼ੱਕ, ਇਸ ਅਤਿ ਸੰਵੇਦਨਸ਼ੀਲ ਅਤੇ ਸਾਡੇ ਸਮਾਜ ਉੱਤੇ ਸਿੱਧੇ ਹੀ ਅਸਰ ਅੰਦਾਜ਼ ਹੋ ਰਹੇ ਮਸਲੇ ਨੂੰ ਪਹਿਲ ਦੇ ਆਧਾਰ 'ਤੇ ਨਜਿੱਠਣ ਚਾਹੀਦਾ ਹੈ।

## ਮੈਤੇਈ ਅਤੇ ਕੁਕੀਆਂ ਵਿਚਕਾਰ ਨਸਲੀ ਹਿੰਸਾ

ਕਿਸੇ ਰਾਜ ਨੂੰ ਉਸ ਦੇ ਹਾਲ 'ਤੇ ਛੱਡੇ ਜਾਣ ਦੀ ਮਨੀਪੁਰ ਬੇਹੱਦ ਦੁਖਦਾਈ ਉਦਾਹਰਨ ਹੈ। ਪਿਛਲੇ ਦੋ ਸਾਲਾਂ ਤੋਂ, ਜਦ ਤੋਂ ਮੈਤੇਈ ਅਤੇ ਕੁਕੀਆਂ ਵਿਚਕਾਰ ਨਸਲੀ ਹਿੰਸਾ ਸ਼ੁਰੂ ਹੋਈ ਹੈ, ਸੂਬੇ ਅੰਦਰ ਸ਼ਾਂਤੀ ਨਹੀਂ ਪਰਤ ਸਕੀ ਤੇ ਅੱਜ ਵੀ ਹਾਲਾਤ ਗੜਬੜਜ਼ਦਾ ਹਨ। ਸਾਰੇ ਮੰਤਵਾਂ ਅਤੇ ਇਰਾਦਿਆਂ ਦੀ ਪੂਰਤੀ ਖ਼ਾਤਿਰ ਕਾਫ਼ੀ ਸਮਾਂ ਲੰਘਾ ਕੇ ਰਾਸ਼ਟਰਪਤੀ ਰਾਜ ਲਾਉਣ ਦੇ ਬਾਵਜੂਦ ਜ਼ਮੀਨੀ ਪੱਧਰ 'ਤੇ ਹਕੀਕਤ ਨਹੀਂ ਬਦਲੀ ਹੈ। ਰਾਜ ਅੰਦਰ ਰੁਕ-ਰੁਕ ਕੇ ਹੋ ਰਹੀ ਹਿੰਸਾ ਦੌਰਾਨ ਹੁਣ ਤੱਕ 260 ਤੋਂ ਵੱਧ ਲੋਕ ਮਾਰੇ ਜਾ ਚੁੱਕੇ ਹਨ; ਕਰੀਬ 1500 ਫੱਟੜ ਹੋਏ ਹਨ ਅਤੇ 70000 ਤੋਂ ਵੱਧ ਉੱਜੜ ਚੁੱਕੇ ਹਨ। ਲੰਮਾ ਸਮਾਂ ਚੱਲੀ ਇਸ ਤਬਾਹੀ ਨੇ ਕੇਂਦਰ ਅਤੇ ਰਾਜ ਸਰਕਾਰਾਂ ਨੂੰ ਮਾੜੀ ਰੌਸ਼ਨੀ ਵਿਚ ਪੇਸ਼ ਕੀਤਾ ਹੈ। ਉੱਜੜੇ ਹੋਏ ਹਜ਼ਾਰਾਂ ਲੋਕ ਜਿਨ੍ਹਾਂ ਉੱਤੇ ਅੰਦਰੂਨੀ ਉਜਾੜੇ ਦੇ ਸ਼ਿਕਾਰ ਵਿਅਕਤੀਆਂ ਦਾ ਠੱਪਾ ਲਾਇਆ ਗਿਆ ਹੈ, ਭੀੜ ਭਰੇ ਕੈਂਪਾਂ ਵਿਚ ਇਸ ਉਮੀਦ ਨਾਲ ਜ਼ਿੰਦਗੀ ਕੱਟ ਰਹੇ ਹਨ ਕਿ ਉਹ ਆਪਣੇ ਘਰਾਂ ਨੂੰ ਪਰਤਣਗੇ ਤੇ ਜ਼ਿੰਦਗੀਆਂ ਨੂੰ ਨਵੇਂ ਸਿਰਿਓਂ ਉਸਾਰਨਗੇ।

ਭਾਰਤੀ ਜਨਤਾ ਪਾਰਟੀ ਨੇ ਪੂਰੇ ਮੁਲਕ ਵਿਚ ਇਕ ਤੋਂ ਬਾਅਦ ਇਕ ਵਿਧਾਨ ਸਭਾ ਚੋਣ ਜਿੱਤਣ ਲਈ ਵੋਟਰਾਂ ਨੂੰ 'ਡਬਲ ਇੰਜਣ ਸਰਕਾਰ' ਦੇ ਨਾਅਰੇ ਨਾਲ ਲੁਭਾਇਆ, ਪਰ ਮਨੀਪੁਰ ਦੀ ਬਿਪਤਾ ਨੇ ਪ੍ਰਤੱਖ ਕੀਤਾ ਕਿ ਕਿਵੇਂ ਕੇਂਦਰ ਅਤੇ ਰਾਜ ਵਿਚ ਇਕੋ ਸਰਕਾਰ ਹੋਣ ਦੇ ਬਾਵਜੂਦ ਚੀਜ਼ਾਂ ਬਿਲਕੁਲ ਉਲਟ ਦਿਸ਼ਾ 'ਚ ਜਾ ਸਕਦੀਆਂ ਹਨ। ਇਹ ਉਦੋਂ ਛੇਤੀ ਹੀ ਜੱਗ ਜ਼ਾਹਿਰ ਹੋ ਗਿਆ ਜਦ ਨਸਲੀ ਝੜਪਾਂ ਮੁੱਖ ਮੰਤਰੀ ਐੱਨ ਬੀਰੇਨ ਸਿੰਘ ਦੇ ਕਾਬੂ ਤੋਂ ਬਾਹਰ ਹੋ ਗਈਆਂ ਹਾਲਾਂਕਿ ਸੱਤਾਧਾਰੀ ਧਿਰ ਨੇ ਉਨ੍ਹਾਂ ਨੂੰ ਅਹੁਦੇ 'ਤੇ ਬਣਾਈ ਰੱਖਿਆ, ਇਨ੍ਹਾਂ ਗੰਭੀਰ ਇਲਜ਼ਾਮਾਂ ਨੂੰ ਅਣਗੌਲਿਆਂ ਕਰ ਕੇ ਵੀ ਕਿ ਉਹ ਪੱਖਪਾਤੀ ਭੂਮਿਕਾ ਨਿਭਾਅ ਰਹੇ ਹਨ। ਐੱਨ ਬੀਰੇਨ ਸਿੰਘ ਨੇ ਸੋਚਿਆ ਕਿ ਉਹ ਜਨਤਕ ਮੁਆਫ਼ੀ ਮੰਗ ਕੇ ਸਥਿਤੀ ਸੁਧਾਰ ਸਕਦੇ ਹਨ, ਪਰ ਉਦੋਂ ਤੱਕ ਉਨ੍ਹਾਂ ਦੀ ਆਪਣੀ ਸਥਿਤੀ ਹੋਰ ਵੀ ਖਰਾਬ ਹੋ ਚੁੱਕੀ ਸੀ। ਅਖ਼ੀਰ ਵਿੱਚ ਉਨ੍ਹਾਂ ਨੂੰ ਫਰਵਰੀ ਵਿੱਚ ਬਾਹਰ ਦਾ ਰਾਹ ਦਿਖਾ ਦਿੱਤਾ ਗਿਆ, ਪਰ ਇਹ ਮੁਆਫ਼ੀ ਯੋਗ ਨਹੀਂ ਹੈ ਕਿ ਭਾਰਤੀ ਜਨਤਾ ਪਾਰਟੀ ਨੇ ਇਸ ਲਾਜ਼ਮੀ ਕਾਰਵਾਈ ਨੂੰ ਐਨਾ ਲੰਮਾ ਸਮਾਂ ਲਟਕਾਈ ਰੱਖਿਆ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਪਿਛਲੇ ਦੋ ਸਾਲਾਂ ਵਿਚ ਇਕ ਵਾਰ ਵੀ ਹਿੰਸਾ ਤੋਂ ਬੁਰੀ ਤਰ੍ਹਾਂ ਪੀੜਤ ਅਤੇ ਗੜਬੜ ਵਾਲੇ ਇਸ ਰਾਜ ਦਾ ਦੌਰਾ ਨਹੀਂ ਕੀਤਾ, ਤੇ ਉਨ੍ਹਾਂ ਦੀ ਇਸ ਨਾਕਾਮੀ ਲਈ ਵੀ ਕੋਈ ਬਹਾਨਾ ਨਹੀਂ ਬਣਾਇਆ ਜਾ ਸਕਦਾ। ਨਾ ਸਿਰਫ਼ ਵਿਰੋਧੀ ਧਿਰ ਬਲਕਿ ਮਨੀਪੁਰੀ ਲੋਕ ਵੀ ਆਪਣੇ ਆਪ ਤੋਂ ਇਹ ਸਵਾਲ ਪੁੱਛ ਰਹੇ ਹਨ ਕਿ ਬੇਹੱਦ ਜ਼ਰੂਰੀ ਹੋਣ ਦੇ ਬਾਵਜੂਦ ਪ੍ਰਧਾਨ ਮੰਤਰੀ ਮੋਦੀ ਮਨੀਪੁਰ ਕਿਉਂ ਨਹੀਂ ਆਏ ? ਇਹ ਸੁਖਾਵਾਂ ਕਦਮ ਸਾਬਿਤ ਹੋ ਸਕਦਾ ਸੀ, ਜੋ ਦੁਖਦਾਈ ਢੰਗ ਨਾਲ ਦੇਖਣ ਨੂੰ ਨਹੀਂ ਮਿਲਿਆ। ਇਸ ਤਰ੍ਹਾਂ ਦਾ ਨਾਜਾਇਜ਼ ਰਵੱਈਆ 'ਇੰਡੀਆ', ਮਤਲਬ ਭਾਰਤ 'ਤੇ ਧੱਬੇ ਵਰਗਾ ਹੈ ਜਿਸ ਨੂੰ ਸ਼ਾਇਦ ਕਦੇ ਵੀ ਧੋਤਾ ਨਹੀਂ ਜਾ ਸਕੇਗਾ ਬਲਕਿ ਇਹ ਤਾਂ ਹੁਣ ਅਜਿਹਾ ਰਿਸਦਾ ਸਵਾਲ ਬਣ ਗਿਆ ਹੈ ਜੋ ਗਾਹੇ-ਬਗਾਹੇ ਯਾਦ ਆਉਂਦਾ ਰਹੇਗਾ।

# ਦੂਸ਼ਿਤ ਪਾਣੀ ਦਾ ਮਾਮਲਾ: ਗਲੀਆਂ 'ਚ ਸੀਵਰੇਜ ਦੇ ਪਾਣੀ ਦਾ ਪੱਧਰ ਘਟਿਆ



**ਸੰਗਰੂਰ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼ਹਿਰ ਦੀ ਸੁੰਦਰ ਬਸਤੀ ਵਿਚ ਸੀਵਰੇਜ ਓਵਰਫਲੋ ਹੋਣ ਅਤੇ ਦੂਸ਼ਿਤ ਪਾਣੀ ਕਾਰਨ ਪੈਦਾ ਹੋਈ ਸਮੱਸਿਆ ਦੇ ਚੌਥੇ ਦਿਨ ਵੀ ਸਿਹਤ ਵਿਭਾਗ ਦੀਆਂ ਟੀਮਾਂ ਵਲੋਂ ਘਰ-ਘਰ ਸਰਵੇ ਕੀਤਾ ਗਿਆ ਅਤੇ ਲੋਕਾਂ ਨੂੰ ਕਲੋਰੀਨ ਦੀਆਂ ਗੋਲੀਆਂ ਅਤੇ ਓ.ਆਰ.ਐਸ. ਦੇ ਪੈਕਟ ਵੰਡੇ ਗਏ। ਉਧਰ ਗਲੀਆਂ ਵਿਚ ਖੜ੍ਹੇ ਪਾਣੀ ਨੂੰ ਮੋਟਰਾਂ ਨਾਲ ਕੱਢਣ ਲਈ ਸੀਵਰੇਜ ਵਿਭਾਗ ਦੇ ਕਰਮਚਾਰੀ ਲੱਗੇ ਹੋਏ ਹਨ ਜਿਸ ਕਾਰਨ ਗਲੀਆਂ 'ਚੋਂ ਪਾਣੀ ਘਟਿਆ ਹੈ।

ਉਧਰ ਸੁੰਦਰ ਬਸਤੀ ਦੇ ਵਸਨੀਕ ਤੇ ਸਮਾਜਿਕ ਜਥੇਬੰਦੀ ਭਾਰਤੀ ਅੰਬੇਡਕਰ ਮਿਸ਼ਨ ਦੇ ਕੌਮੀ ਪ੍ਰਧਾਨ ਦਰਸ਼ਨ ਸਿੰਘ ਕਾਂਗੜਾ ਦੀ ਅਗਵਾਈ ਹੇਠ ਇੱਕ ਵਫ਼ਦ ਅੱਜ ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਨੂੰ ਮਿਲਿਆ ਅਤੇ ਮੰਗ ਪੱਤਰ ਸੌਂਪਦਿਆਂ ਪਿਛਲੇ ਚਾਰ ਦਿਨਾਂ ਤੋਂ ਅਨੇਕਾਂ ਸਮੱਸਿਆਵਾਂ ਨਾਲ ਜੂਝ ਰਹੇ ਲੋਕਾਂ ਨੂੰ ਰਾਹਤ ਦੇਣ ਲਈ ਤੁਰੰਤ ਲੋੜੀਂਦੇ ਕਦਮ ਚੁੱਕਣ ਦੀ ਮੰਗ ਕੀਤੀ। ਸ੍ਰੀ ਕਾਂਗੜਾ ਨੇ ਕਿਹਾ ਕਿ ਸੁੰਦਰ ਬਸਤੀ 'ਚ ਸੀਵਰੇਜ ਓਵਰਫਲੋ ਹੋਣ ਅਤੇ ਟੂਟੀਆਂ 'ਚੋਂ ਗੰਧਲੇ ਪਾਣੀ ਦੀ ਸਪਲਾਈ ਹੋਣ ਕਾਰਨ ਲੋਕ ਬਿਮਾਰੀਆਂ ਦਾ ਸ਼ਿਕਾਰ ਹੋ ਰਹੇ ਹਨ ਅਤੇ ਹੁਣ ਤੱਕ 11 ਵਿਅਕਤੀ ਪੇਚਸ ਤੋਂ ਪੀੜਤ ਹਨ। ਅਜਿਹੇ ਹਾਲਾਤ ਕਾਰਨ ਲੋਕ ਨਰਕ ਵਰਗੀ ਜ਼ਿੰਦਗੀ ਜਿਉਣ ਲਈ ਮਜਬੂਰ ਹੋ ਰਹੇ ਹਨ। ਕਾਂਗੜਾ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਵਲੋਂ ਭਰੋਸਾ ਦਿਵਾਇਆ ਹੈ ਕਿ ਇਨ੍ਹਾਂ ਸਮੱਸਿਆਵਾਂ ਦਾ ਜਲਦ ਹੱਲ ਕੀਤਾ ਜਾਵੇਗਾ ਅਤੇ ਲੋਕਾਂ ਨੂੰ ਕੋਈ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ। ਸ੍ਰੀ ਕਾਂਗੜਾ ਨੇ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਜਲਦ ਸਮੱਸਿਆਵਾਂ ਦਾ ਹੱਲ ਨਾ ਹੋਇਆ ਤਾਂ ਪੱਕਾ ਮੋਰਚਾ ਲਗਾਉਣ ਲਈ ਮਜਬੂਰ ਹੋਣਗੇ। ਅੱਜ ਸੁੰਦਰ ਬਸਤੀ ਵਿਚ ਸਿਹਤ ਵਿਭਾਗ ਦੀਆਂ ਟੀਮਾਂ ਵਲੋਂ ਤੀਜੇ ਦਿਨ ਸਰਵੇ ਜਾਰੀ ਰਿਹਾ। ਮੈਡੀਕਲ ਟੀਮਾਂ ਵਲੋਂ ਘਰਾਂ ਵਿਚ ਕਲੋਰੀਨ ਦੀਆਂ ਇੱਕ ਹਜ਼ਾਰ ਗੋਲੀਆਂ ਅਤੇ 40 ਪੈਕਟ ਓ.ਆਰ.ਐਸ. ਦੇ ਵੰਡੇ ਗਏ। ਮਹਿਲਾ ਨਗਰ ਕੌਂਸਲਰ ਦੇ ਪਤੀ ਘਣਸ਼ਾਮ ਨੇ ਦੱਸਿਆ ਕਿ ਟੂਟੀਆਂ 'ਚੋ ਦੂਸ਼ਿਤ ਪਾਣੀ ਦੀ ਸਪਲਾਈ ਦੀ ਸਮੱਸਿਆ ਲਗਪਗ ਹੱਲ ਹੋ ਗਈ ਹੈ ਪਰੰਤੂ ਪਾਣੀ 'ਚੋ ਹਾਲੇ ਵੀ ਮੁਸ਼ਕ ਆ ਰਹੀ ਹੈ।

# ਵਿਧਾਇਕ ਛੀਨਾ ਵੱਲੋਂ ਵਾਰਡ ਨੰਬਰ 33 ਦੀ ਪ੍ਰੀਤਮ ਕਲੋਨੀ 'ਚ ਨਵਾਂ ਟਿਊਬਵੈੱਲ ਲੋਕ ਅਰਪਿਤ

**ਲੁਧਿਆਣਾ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਜਲ ਸਪਲਾਈ ਪ੍ਰਣਾਲੀ ਨੂੰ ਹੋਰ ਬਿਹਤਰ ਬਣਾਉਣ ਵੱਲ ਇੱਕ ਕਦਮ ਵਧਾਉਂਦੇ ਹੋਏ, ਵਿਧਾਨ ਸਭਾ ਹਲਕਾ ਲੁਧਿਆਣਾ ਦੱਖਣੀ ਤੋਂ ਵਿਧਾਇਕ ਰਾਜਿੰਦਰਪਾਲ ਕੌਰ ਛੀਨਾ ਵੱਲੋਂ ਵਾਰਡ ਨੰਬਰ 33 ਅਧੀਨ ਪ੍ਰੀਤਮ ਕਲੋਨੀ ਵਿਖੇ 25 ਹਾਰਸ ਪਾਵਰ ਵਾਲੇ ਪੀਣ ਵਾਲੇ ਪਾਣੀ ਦਾ ਟਿਊਬਵੈਲ ਲੋਕ ਅਰਪਿਤ ਕੀਤਾ ਗਿਆ।

ਵਿਧਾਇਕ ਛੀਨਾ ਨੇ ਕਿਹਾ ਕਿ ਪਹਿਲਾਂ ਇਸ ਇਲਾਕੇ ਦੇ ਲੋਕਾਂ ਨੂੰ ਪੀਣ ਵਾਲੇ ਪਾਣੀ ਦੀ ਸਮੱਸਿਆ ਸੀ ਪਰ ਹੁਣ ਨਵੇਂ ਟਿਊਬਵੈਲ ਦੀ ਸ਼ੁਰੂਆਤ ਹੋਣ ਨਾਲ ਲੋਕਾਂ ਨੂੰ ਰਾਹਤ ਮਿਲੇਗੀ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਹਲਕਾ ਦੱਖਣੀ ਵਿਧਾਨ ਸਭਾ ਹਲਕੇ ਦੇ ਉਨ੍ਹਾਂ ਵਾਰਡਾਂ ਵਿੱਚ ਵੀ ਨਵੇਂ ਟਿਊਬਵੈੱਲ ਲਗਾਏ ਜਾਣਗੇ ਜਿੱਥੇ ਪੀਣ ਵਾਲੇ ਪਾਣੀ ਦੀ ਕਿੱਲਤ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਨੂੰ ਮੁੱਢਲੀਆਂ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਤੋਂ ਬਾਅਦ ਉਨ੍ਹਾਂ ਦੇ ਹੱਲ ਵੀ ਲੱਭੇ ਜਾ ਰਹੇ ਹਨ।

ਵਿਧਾਇਕ ਛੀਨਾ ਨੇ ਕਿਹਾ ਕਿ ਹਲਕੇ ਵਿੱਚ ਵੱਖ-ਵੱਖ ਵਿਕਾਸ ਪ੍ਰੋਜੈਕਟ ਵਿੱਚ ਤੇਜੀ ਲਿਆਂਦੀ ਗਈ ਹੈ ਤਾਂ ਜੋ ਵਸਨੀਕਾਂ ਨੂੰ ਇਸਦਾ ਲਾਭ ਹੋ ਸਕੇ। ਵਿਧਾਇਕ ਛੀਨਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਸਕੀਮਾਂ ਨੂੰ ਘਰ-ਘਰ ਪਹੁੰਚਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਨੀਲਾ ਕਾਰਡ, ਪੈਨਸ਼ਨ ਅਤੇ ਰਿਹਾਇਸ਼ ਯੋਜਨਾ ਸਮੇਤ ਹੋਰ ਯੋਜਨਾਵਾਂ ਤੋਂ ਵਾਂਝੇ ਰਹਿਣ ਵਾਲਿਆਂ ਦੀ ਸੂਚੀ ਵੀ ਤਿਆਰ ਕੀਤੀ ਜਾ ਰਹੀ ਹੈ, ਤਾਂ ਜੋ ਉਨ੍ਹਾਂ ਨੂੰ ਵੀ ਇਸ ਯੋਜਨਾ ਦਾ ਲਾਭ ਮਿਲ ਸਕੇ। ਉਨ੍ਹਾਂ ਕਿਹਾ ਕਿ ਆਮ ਲੋਕਾਂ ਤੱਕ ਪਹੁੰਚ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਜਾ ਰਹੀਆਂ ਹਨਨ ਅਤੇ ਜਲਦ ਨਿਪਟਾਰਾ ਵੀ ਕੀਤਾ ਜਾ ਰਿਹਾ ਹੈ। ਇਲਾਕੇ ਦੇ ਲੋਕਾਂ ਨੇ ਵਿਧਾਇਕ ਰਾਜਿੰਦਰਪਾਲ ਕੌਰ ਛੀਨਾ ਦਾ ਟਿਊਬਵੈੱਲ ਦਾ ਉਦਘਾਟਨ ਕਰਨ ਲਈ ਧੰਨਵਾਦ ਕੀਤਾ।

# ਚੇਅਰਮੈਨ ਰਣਜੀਤ ਸਿੰਘ ਚੀਮਾ ਨੇ ਚੀਮਾ ਕਲਾਂ ਵਿਖੇ ਨਹਿਰੀ ਖਾਲਿਆਂ ਨੂੰ ਪੱਕਾ ਕਰਨ ਦੇ ਕੰਮ ਦਾ ਕੀਤਾ ਉਦਘਾਟਨ

**ਤਰਨ ਤਾਰਨ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਤਰਨ ਤਾਰਨ ਦੇ ਹਲਕਾ ਪੱਟੀ ਦੇ ਪਿੰਡ ਚੀਮਾ ਕਲਾਂ ਵਿਖੇ ਨਹਿਰੀ ਖਾਲਿਆਂ ਨੂੰ ਪੱਕਾ ਕਰਨ ਦੇ ਕੰਮ ਦਾ ਉਦਘਾਟਨ ਅੱਜ ਪੰਜਾਬ ਜਲ ਸਰੋਤ ਪ੍ਰਬੰਧਨ ਅਤੇ ਵਿਕਾਸ ਨਿਗਮ ਦੇ ਚੇਅਰਮੈਨ ਰਣਜੀਤ ਸਿੰਘ ਚੀਮਾ ਵੱਲੋਂ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ 10 ਕਰੋੜ ਰੁਪਏ ਦੀ ਲਾਗਤ ਨਾਲ ਪੱਟੀ ਹਲਕੇ ਵਿੱਚ ਖਾਲਿਆਂ ਨੂੰ ਪੱਕਿਆਂ ਕਰਨ ਦਾ ਕੰਮ ਕੀਤਾ ਜਾਵੇਗਾ ਅਤੇ ਨਹਿਰੀ ਪਾਣੀ ਹਰ ਇਕ ਕਿਸਾਨਾਂ ਦੇ ਖੇਤਾਂ ਤੱਕ ਪਹੁੰਚਾਇਆ ਜਾਵੇਗਾ ਤਾਂ ਜੋ ਕਿਸਾਨਾਂ ਨੂੰ ਖੇਤਾਂ ਵਿੱਚ ਸਿੰਚਾਈ ਲਈ ਪਾਣੀ ਨਿਰਵਿਘਨ ਮਿਲ ਸਕੇ।

ਉਹਨਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਹਰ ਖੇਤ ਤੱਕ ਨਹਿਰੀ ਪਾਣੀ ਪਹੁੰਚਾਉਣ ਦੇ ਸੁਪਨੇ ਨੂੰ ਅਮਲੀ ਜਾਮਾ ਪਹਿਨਾਇਆ ਜਾ ਰਿਹਾ ਹੈ। ਉਹਨਾਂ ਕਿਹਾ ਕਿ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਵਾਸਤੇ ਪੰਜਾਬ ਸਰਕਾਰ ਵੱਲੋਂ ਨਿਰੰਤਰ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਇਸ ਉਦੇਸ਼ ਦੀ ਪੂਰਤੀ ਹਿੱਤ ਵਿਧਾਨ ਸਭਾ ਹਲਕਾ ਪੱਟੀ ਵਿੱਚ ਨਹਿਰੀ ਖਾਲਿਆਂ ਨੂੰ ਪੱਕੇ ਕਰਨ ਦੀ ਪ੍ਰਕਿਰਿਆ ਸ਼ੁਰੂ ਕੀਤੀ ਗਈ ਹੈ।

# ਹਰਦੇਵ ਸਿੰਘ ਆਸੀ ਨੇ ਹੁਸ਼ਿਆਰਪੁਰ ਦੇ ਜ਼ਿਲਾ ਲੋਕ ਸੰਪਰਕ ਅ.ਫਸਰ ਦਾ ਅਹੁਦਾ ਸੰਭਾਲਿਆ

**ਹੁਸ਼ਿਆਰਪੁਰ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਸਰਕਾਰ ਵੱਲੋਂ ਜ਼ਿਲਾ ਲੋਕ ਸੰਪਰਕ ਅ.ਫਸਰਾਂ ਦੀਆਂ ਕੀਤੀਆਂ ਗਈਆਂ ਬਦਲੀਆਂ ਅਤੇ ਨਿਯੁਕਤੀਆਂ ਦੇ ਚੱਲਦਿਆਂ ਅ.ਫਸਰ ਸ਼ਹੀਦ ਭਗਤ ਸਿੰਘ ਨਗਰ 'ਚ ਤਾਇਨਾਤ 2011 ਬੈਚ ਦੇ ਲੋਕ ਸੰਪਰਕ ਅ.ਫਸਰ ਹਰਦੇਵ ਸਿੰਘ ਆਸੀ ਵੱਲੋਂ ਅੱਜ ਹੁਸ਼ਿਆਰਪੁਰ ਜ਼ਿਲ੍ਹਾ ਲੋਕ ਸੰਪਰਕ ਨਗਰ ਵਜੋਂ ਅਹੁਦਾ ਸੰਭਾਲ ਲਿਆ ਗਿਆ। ਇਸ ਤੋਂ ਪਹਿਲਾਂ ਵੀ ਉਹ 18 ਅਗਸਤ 2022 ਤੋਂ 6 ਸਤੰਬਰ 2024 ਦੌਰਾਨ ਹੁਸ਼ਿਆਰਪੁਰ ਵਿਖੇ ਸ਼ਾਨਦਾਰ ਸੇਵਾਵਾਂ ਨਿਭਾਅ ਚੁੱਕੇ ਹਨ। ਇਸ ਮੌਕੇ ਉਨਾਂ ਕਿਹਾ ਕਿ ਉਹ ਆਪਣੀ ਡਿਊਟੀ ਪੂਰੀ ਇਮਾਨਦਾਰੀ, ਦ੍ਰਿੜਤਾ ਅਤੇ ਤਨਦੇਹੀ ਨਾਲ ਨਿਭਾਉਣਗੇ। ਉਨਾਂ ਕਿਹਾ ਕਿ ਜ਼ਿਲ੍ਹਾ ਵਾਸੀਆਂ ਨੂੰ ਸਰਕਾਰ ਦੀਆਂ ਭਲਾਈ ਸਕੀਮਾਂ ਅਤੇ ਪ੍ਰੋਗਰਾਮਾਂ ਤੋਂ ਜਾਣੂ ਕਰਵਾਉਣਾ ਅਤੇ ਇਨ੍ਹਾਂ ਨੂੰ ਹੇਠਲੇ ਪੱਧਰ @ਤੇ ਹਰੇਕ ਵਿਅਕਤੀ ਤੱਕ ਪਹੁੰਚਾਉਣਾ ਉਨ੍ਹਾਂ ਦੀ ਮੁੱਖ ਤਰਜੀਹ ਹੋਵੇਗੀ। ਉਨ੍ਹਾਂ ਕਿਹਾ ਕਿ ਉਹ ਜ਼ਿਲ੍ਹਾ ਪ੍ਰਸ਼ਾਸਨ ਤੇ ਮੀਡੀਆ ਵਿਚਾਲੇ ਇਕ ਪੁਲ ਦੇ ਤੌਰ @ਤੇ ਕੰਮ ਕਰਨਗੇ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਅਤੇ ਪੱਤਰਕਾਰਾਂ ਨਾਲ ਵਧੀਆ ਤਾਲਮੇਲ ਬਣਾ ਕੇ ਜ਼ਿਲ੍ਹੇ ਦੀ ਤਰੱਕੀ ਤੇ ਖੁਸ਼ਹਾਲੀ ਵਿਚ ਯੋਗਦਾਨ ਪਾਉਣਗੇ। ਉਨ੍ਹਾਂ ਇਹ ਵੀ ਕਿਹਾ ਕਿ ਉਹ ਮੀਡੀਆ ਕਰਮੀਆਂ ਨੂੰ ਦਰਪੇਸ਼ ਮੁਸ਼ਕਿਲਾਂ ਦੇ ਹੱਲ ਲਈ ਹਮੇਸ਼ਾ ਤੱਤਪਰ ਰਹਿਣਗੇ।

ਜ਼ਿਕਰਯੋਗ ਹੈ ਕਿ ਪੱਤਰਕਾਰਤਾ ਦੇ ਖੇਤਰ ਵਿਚ ਲੰਬਾ ਤਜ਼ਰਬਾ ਰੱਖਣ ਵਾਲੇ ਹਰਦੇਵ ਸਿੰਘ ਆਸੀ ਬਠਿੰਡਾ, ਜਲੰਧਰ, ਅੰਮ੍ਰਿਤਸਰ, ਤਰਨ ਤਾਰਨ, ਕਪੂਰਥਲਾ ਅਤੇ ਪਟਿਆਲਾ, ਸ਼ਹੀਦ ਭਗਤ ਸਿੰਘ ਨਗਰ ਜ਼ਿਲਿਆਂ ਵਿਚ ਵੀ ਆਪਣੀਆਂ ਸੇਵਾਵਾਂ ਦੇ ਚੁੱਕੇ ਹਨ। ਇਸ ਮੌਕੇ ਲੋਕ ਸੰਪਰਕ ਦਫ਼ਤਰ ਦੇ ਸਟਾਫ ਮੈਂਬਰਾਂ ਵੱਲੋਂ ਨਵ-ਨਿਯੁਕਤ ਡੀ. ਪੀ. ਆਰ. ਓ ਦਾ ਸਵਾਗਤ ਕੀਤਾ ਗਿਆ।

# ਨਗਰ ਨਿਗਮ ਵੱਲੋਂ 30 ਕਰੋੜ ਰੁਪਏ ਦੇ ਪ੍ਰਾਜੈਕਟ ਸ਼ੁਰੂ

**ਲੁਧਿਆਣਾ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼ਹਿਰ ਵਾਸੀਆਂ ਲਈ ਬਿਹਤਰ ਸਹੂਲਤਾਂ ਨੂੰ ਯਕੀਨੀ ਬਣਾਉਣ ਲਈ ਨਗਰ ਨਿਗਮ ਨੇ 30 ਕਰੋੜ ਰੁਪਏ ਦੇ ਪ੍ਰਾਜੈਕਟਾਂ ਦੀ ਸ਼ੁਰੂਆਤ ਕੀਤੀ ਹੈ। ਨਗਰ ਨਿਗਮ ਕਮਿਸ਼ਨਰ ਆਦਿੱਤਿਆ ਡੇਚਲਵਾਲ ਨੇ ਚੱਲ ਰਹੇ ਪ੍ਰਾਜੈਕਟਾਂ ਦੀ ਸਮੀਖਿਆ ਕਰਦਿਆਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਕੰਮਾਂ ਨੂੰ ਤੇਜ਼ ਕਰਨ ਅਤੇ ਇਹ ਯਕੀਨੀ ਬਣਾਉਣ ਕਿ ਕੰਮਾਂ ਦੀ ਗੁਣਵੱਤਾ ਨਾਲ ਕੋਈ ਸਮਝੌਤਾ ਨਾ ਹੋਵੇ।

ਕਰੀਬ 30 ਕਰੋੜ ਰੁਪਏ ਦੇ ਇਨ੍ਹਾਂ ਪ੍ਰਾਜੈਕਟਾਂ ਵਿੱਚੋਂ 20 ਕਰੋੜ ਰੁਪਏ ਦੇ ਪ੍ਰਾਜੈਕਟ ਨਗਰ ਨਿਗਮ ਦੇ ਬੀਐਂਡਆਰ ਸ਼ਾਖਾ ਨਾਲ ਸਬੰਧਤ ਹਨ, ਜਦੋਂ ਕਿ ਲਗਪਗ 10 ਕਰੋੜ ਰੁਪਏ ਦੇ ਪ੍ਰਾਜੈਕਟ ਓਐਂਡਐਮ ਸੈੱਲ ਦੇ ਹਨ।

ਨਗਰ ਨਿਗਮ ਦੇ ਅਧਿਕਾਰੀਆਂ ਨੇ ਦੱਸਿਆ ਕਿ ਇਨ੍ਹਾਂ ਵਿੱਚ ਸ਼ਹੀਦ ਕਰਨੈਲ ਸਿੰਘ ਨਗਰ, ਗਿਆਸਪੁਰਾ ਕੱਟ ਤੋਂ ਪਾਵਰਕੌਮ ਦਫਤਰ, ਮਹਾਵੀਰ ਐਨਕਲੇਵ (ਬਾੜੇਵਾਲ), ਸ਼ਮਸ਼ੇਰ ਐਵੇਨਿਊ, ਬਲਾਕ-ਜੀ ਸਾਊਥ ਸਿਟੀ, ਮਾਇਆਪੁਰੀ, (ਕੇ.ਐਸ ਗਰੇਵਾਲ ਰੋਡ) ਤੋਂ ਟਿੱਬਾ ਰੋਡ ਵੱਲ ਜਾਣ ਵਾਲੀ ਸੜਕ, ਯੈੱਸ ਬੈਂਕ ਤੋਂ ਸੱਗੂ ਚੌਕ, ਸਰਾਭਾ ਨਗਰ ਦਾ ਬਲਾਕ-ਜੇ, ਕਲੱਬ ਰੋਡ, ਜੀਵਨ ਨਗਰ, ਜੋਸ਼ੀ ਨਗਰ, ਦੁਰਗਾ ਮਾਤਾ ਮੰਦਰ ਦੇ ਨੇੜੇ, ਪ੍ਰਕਾਸ਼ ਕਲੋਨੀ, ਆਸ਼ਾਪੁਰੀ, ਸ਼ੇਰ-ਏ-ਪੰਜਾਬ ਕਲੋਨੀ, ਅਜੀਤ ਵਿਲਾ ਸਣੇ ਹੋਰ ਇਲਾਕਿਆਂ ਵਿੱਚ ਸੜਕਾਂ ਤੇ ਗਲੀਆਂ ਬਣਾਉਣ ਦੇ ਪ੍ਰਾਜੈਕਟ ਸ਼ਾਮਲ ਹਨ।

ਨਿਊ ਪੰਜਾਬ ਮਾਤਾ ਨਗਰ, ਮਹਾਵੀਰ ਨਗਰ, ਬੀਆਰਐਸ ਨਗਰ ਦੇ ਬਲਾਕ-ਐਲ ਅਤੇ ਡੀ, ਕਿਚਲੂ ਨਗਰ, ਸੁਨੇਤ ਆਦਿ ਇਲਾਕਿਆਂ ਵਿੱਚ ਇੰਟਰਲਾਕਿੰਗ ਟਾਇਲਾਂ ਲਗਾਉਣ ਲਈ ਪ੍ਰਾਜੈਕਟ ਵੀ ਸ਼ੁਰੂ ਕੀਤੇ ਗਏ ਹਨ। ਹੈਬੋਵਾਲ ਡੇਅਰੀ ਕੰਪਲੈਕਸ ਵਿੱਚ ਪਸ਼ੂ ਜਨਮ ਨਿਯੰਤਰਣ (ਏ.ਬੀ.ਸੀ) ਕੇਂਦਰ ਦੀ ਮੁਰੰਮਤ ਲਈ ਪ੍ਰਾਜੈਕਟ ਸ਼ੁਰੂ ਕੀਤਾ ਗਿਆ ਹੈ ਅਤੇ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਲਾਇਬ੍ਰੇਰੀਆਂ ਵੀ ਸਥਾਪਿਤ ਕੀਤੀਆਂਦੀ ਸ਼ੁਰੂਆਤ ਕੀਤੀ ਹੈ।

ਨਗਰ ਨਿਗਮ ਕਮਿਸ਼ਨਰ ਆਦਿੱਤਿਆ ਡੇਚਲਵਾਲ ਨੇ ਚੱਲ ਰਹੇ ਪ੍ਰਾਜੈਕਟਾਂ ਦੀ ਸਮੀਖਿਆ ਕਰਦਿਆਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਕੰਮਾਂ ਨੂੰ ਤੇਜ਼ ਕਰਨ ਅਤੇ ਇਹ ਯਕੀਨੀ ਬਣਾਉਣ ਕਿ ਕੰਮਾਂ ਦੀ ਗੁਣਵੱਤਾ ਨਾਲ ਕੋਈ ਸਮਝੌਤਾ ਨਾ ਹੋਵੇ। ਕਰੀਬ 30 ਕਰੋੜ ਰੁਪਏ ਦੇ ਇਨ੍ਹਾਂ ਪ੍ਰਾਜੈਕਟਾਂ ਵਿੱਚੋਂ 20 ਕਰੋੜ ਰੁਪਏ ਦੇ ਪ੍ਰਾਜੈਕਟ ਨਗਰ ਨਿਗਮ ਦੇ ਬੀਐਂਡਆਰ ਸ਼ਾਖਾ ਨਾਲ ਸਬੰਧਤ ਹਨ, ਜਦੋਂ ਕਿ ਲਗਪਗ 10 ਕਰੋੜ ਰੁਪਏ ਦੇ ਪ੍ਰਾਜੈਕਟ ਓਐਂਡਐਮ ਸੈੱਲ ਦੇ ਹਨ। ਜਾ ਰਹੀਆਂ ਹਨ।

# ਸੈਰ ਕਰ ਰਹੀ ਬਜ਼ੁਰਗ ਔਰਤ ਤੋਂ ਬਾਈਕ ਸਵਾਰ ਲੁਟੇਰਿਆਂ ਨੇ ਸੋਨੇ ਦੀਆਂ ਵਾਲੀਆਂ ਲੁੱਟੀਆਂ

**ਲੁਧਿਆਣਾ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼ਹਿਰ 'ਚ ਲੁੱਟ ਦੀਆਂ ਵਾਰਦਾਤਾਂ ਲਗਾਤਾਰ ਵਧਦੀਆਂ ਹੀ ਜਾ ਰਹੀਆਂ ਹਨ। ਪੁਲਸ ਦੀ ਸਖ਼ਤੀ ਦੇ ਬਾਵਜੂਦ ਇਹ ਰੁਕਣ ਦਾ ਨਾਂ ਨਹੀਂ ਲੈ ਰਹੀਆਂ। ਸਵੇਰੇ ਦੁਪਹਿਰ ਜਾਂ ਸ਼ਾਮ ਲੋਕਾਂ ਦਾ ਰਹਿਣਾ ਦੁੱਭਰ ਹੋਇਆ ਪਿਆ ਹੈ। ਅਜਿਹੀ ਹੀ ਇਕ ਵਾਰਦਾਤ ਸੈਰ ਕਰ ਰਹੀ ਬਜ਼ੁਰਗ ਔਰਤ ਨਾਲ ਹੋਈ, ਜਦੋਂ ਬਾਈਕ ਸਵਾਰ 3 ਲੁਟੇਰਿਆਂ ਨੇ ਔਰਤ ਨੂੰ ਘੇਰ ਕੇ ਉਸ ਦੇ ਕੰਨਾਂ ਵਿੱਚੋਂ ਸੋਨੇ ਦੀਆਂ ਵਾਲੀਆਂ ਲੁੱਟ ਲਈਆਂ, ਜਿਸ ਕਾਰਨ ਔਰਤ ਦੇ ਕੰਨ ਵੀ ਫੱਟ ਗਏ।

ਮਾਮਲੇ 'ਚ ਥਾਣਾ ਡਵੀਜ਼ਨ ਨੰ. 3 ਅਧੀਨ ਚੌਕੀ ਧਰਮਪੁਰਾ ਦੀ ਪੁਲਸ ਨੂੰ ਸ਼ਿਕਾਇਤ ਦਿੱਤੀ ਹੈ। ਹਾਲਾਂਕਿ ਵਾਰਦਾਤ ਕੋਲ ਹੀ ਲੱਗੇ ਸੀ. ਸੀ. ਟੀ. ਵੀ. ਕੈਮਰੇ ਵਿਚ ਕੈਦ ਹੋ ਗਈ ਹੈ। ਪੁਲਸ ਨੇ ਫੁਟੇਜ ਕਬਜ਼ੇ ਵਿਚ ਲੈ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਢੋਕਾ ਮੁਹੱਲੇ ਦੀ ਰਹਿਣ ਵਾਲੀ ਸੁਨੀਤਾ ਨੇ ਦੱਸਿਆ ਕਿ ਉਹ ਤੜਕੇ ਰੋਜ਼ਾਨਾ ਸੈਰ ਕਰਦੀ ਹੈ। ਅੱਜ ਵੀ ਤੜਕੇ ਕਰੀਬ 6 ਵਜੇ ਰਣਜੀਤ ਪਾਰਕ ਕੋਲ ਸੈਰ ਕਰ ਰਹੀ ਸੀ। ਇਸ ਦੌਰਾਨ ਬਾਈਕ ਸਵਾਰ 3 ਨੌਜਵਾਨ ਆਏ, ਜਿਨ੍ਹਾਂ 'ਚੋਂ 2 ਨੌਜਵਾਨ ਥੱਲੇ ਉਤਰੇ ਅਤੇ ਤੀਜਾ ਬਾਈਕ ਸਟਾਰਟ ਕਰ ਕੇ ਖੜ੍ਹਾ ਰਿਹਾ। ਪੈਦਲ ਆਏ 2 ਨੌਜਵਾਨਾਂ ਨੇ ਉਸ ਨੂੰ ਘੇਰ ਲਿਆ ਅਤੇ ਇਕ ਨੌਜਵਾਨ ਨੇ ਜ਼ਬਰਦਸਤੀ ਉਸ ਦੇ ਕੰਨਾਂ 'ਚੋਂ ਸੋਨੇ ਦੀਆਂ ਵਾਲੀਆਂ ਲੁੱਟ ਲਈਆਂ। ਉਕਤ ਮੁਲਜ਼ਮਾਂ ਨੇ ਕੁਝ ਸਮੇਂ ਬਾਅਦ ਢੋਲੇਵਾਲ ਚੌਕ ਵਿਖੇ ਵੀ ਲੁੱਟ ਦੀ ਵਾਰਦਾਤ ਕੀਤੀ ਸੀ।

ਉਧਰ, ਧਰਮਪੁਰਾ ਚੌਕੀ ਇੰਚਾਰਜ ਏ. ਐੱਸ. ਆਈ. ਲਖਵੀਰ ਸਿੰਘ ਨੇ ਦੱਸਿਆ ਕਿ ਇਸ ਮਾਮਲੇ 'ਚ ਕੇਸ ਦਰਜ ਕੀਤਾ ਗਿਆ ਹੈ। ਫੁਟੇਜ ਹਾਸਲ ਕਰ ਕੇ ਮੁਲਜ਼ਮਾਂ ਦੀ ਭਾਲ ਸ਼ੁਰੂ ਕਰ ਦਿੱਤੀ ਗਈ ਹੈ।

# 20 ਮਈ ਤੱਕ ਅਸਲਾ ਲਾਇਸੰਸ ਰੀਨਿਊ ਕਰਵਾਉਣ ਦੀ ਹਦਾਇਤ

**ਮੋਗਾ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਆਰਮਜ ਐਕਟ 1959 ਅਤੇ ਆਰਮਜ ਰੂਲਜ 2016 ਅਨੁਸਾਰ ਅਸਲਾ ਲਾਇਸੰਸ ਧਾਰਕਾਂ ਵੱਲੋਂ ਆਪਣਾ ਅਸਲਾ ਲਾਇਸੰਸ ਮਿਆਦ ਖਤਮ ਹੋਣ ਤੋਂ 60 ਦਿਨ ਪਹਿਲਾਂ ਅਪਲਾਈ ਕਰਨਾ ਹੁੰਦਾ ਹੈ, ਪ੍ਰੰਤੂ ਜ਼ਿਲ੍ਹਾ ਮੋਗਾ ਦੇ ਕੁਝ ਅਸਲਾ ਲਾਇਸੰਸ ਧਾਰਕ ਜਿਹਨਾਂ ਵੱਲੋਂ ਰੀਨਿਊ ਦੀ ਮਿਤੀ ਲੰਘ ਜਾਣ ਤੋਂ ਬਾਅਦ ਵੀ ਆਪਣੇ ਅਸਲਾ ਲਾਇਸੰਸ ਰੀਨਿਊ ਨਹੀਂ ਕਰਵਾਏ ਗਏ, ਅਜਿਹਾ ਕਰਕੇ ਇਹਨਾਂ ਲਾਇਸੰਸ ਧਾਰਕਾਂ ਵੱਲੋਂ ਆਰਮਜ ਐਕਟ-1959 ਅਤੇ ਆਰਮਜ ਰੂਲਜ -016 ਦੀ ਉਲੰਘਣਾ ਕੀਤੀ ਜਾ ਰਹੀ ਹੈ।

ਜ਼ਿਲ੍ਹਾ ਮੈਜਿਸਟ੍ਰੇਟ-ਕਮ-ਡਿਪਟੀ ਕਮਿਸ਼ਨਰ ਮੋਗਾ ਸ਼੍ਰੀ ਸਾਗਰ ਸੇਤੀਆ ਵੱਲੋਂ ਅਜਿਹੇ ਲਾਇਸੰਸ ਧਾਰਕਾਂ ਨੂੰ ਅਖਰੀ ਮੌਕਾ ਦਿੰਦੇ ਹੋਏ ਹਦਾਇਤ ਕੀਤੀ ਗਈ ਹੈ ਕਿ ਉਹ 20 ਮਈ, 2025 ਤੱਕ ਆਪਣੇ ਅਸਲਾ ਲਾਇਸੰਸ ਰੀਨਿਊ ਕਰਵਾਉਣ ਲਈ ਸੇਵਾ ਕੇਂਦਰ ਵਿਖੇ ਸਰਵਿਸ ਅਪਲਾਈ ਕਰਕੇ ਉਸਦੀ ਰਸੀਦ ਇਸ ਦਫਤਰ ਵਿਖੇ ਪੇਸ਼ ਕਰਨ।

ਉਹਨਾਂ ਦੱਸਿਆ ਕਿ ਜੇਕਰ ਅਸਲਾ ਲਾਇਸੰਸ ਧਾਰਕਾਂ ਵੱਲੋਂ ਉਕਤ ਅਨੁਸਾਰ ਕਾਰਵਾਈ ਨਹੀਂ ਕੀਤੀ ਜਾਂਦੀ ਤਾਂ ਅਸਲਾ ਲਾਇਸੰਸ ਧਾਰਕਾਂ ਦੇ ਅਸਲਾ ਲਾਇਸੰਸ ਰੱਦ ਕਰਨ ਸਬੰਧੀ ਨਿਯਮਾਂ ਅਨੁਸਾਰ ਅਗਲੇਰੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਨਾਭਾ ਵਿਚ ਨਕਲੀ ਸਮਾਨ ਵੇਚਣ ਦੇ ਦੋਸ਼ ਹੇਠ ਪਰਚਾ ਦਰਜ਼



**ਨਾਭਾ, 8 ਮਈ/-ਸੁਧੀਰ ਜੈਨ-**
**-ਕੌਮੀ ਪੱਤ੍ਰਿਕਾ ਬਿਊਰੋ-**

ਪਿਛਲੇ ਦਿਨੀਂ ਨਾਭਾ ਵਿਖੇ ਅਲਗ ਅਲਗ ਮਹਿੰਗੇ ਬ੍ਰਾਂਡ ਦੀਆਂ ਮਹਿੰਗੇ ਜਾਅਲੀ ਬ੍ਰਾਂਡ ਦੇ ਮਾਰਕੇਂ ਲਗਾਉਣ ਦੇ ਦੋਸ਼ ਹੇਠ ਨਾਭਾ ਕੋਤਵਾਲੀ ਪੁਲਸ ਵਲੋਂ ਕਰਵਾਈ ਕੀਤੀ ਗਈ ਸੀ। ਕਾਰਵਾਈ ਦੌਰਾਨ ਪੁਲਸ ਅਤੇ ਵਪਾਰ ਮੰਡਲ ਨਾਭਾ ਦੇ ਨਾਲ ਸਖ਼ਤ ਤਕਰਾਰ ਹੋਣ ਦੀਆਂ ਖ਼ਬਰਾਂ ਵੀ ਸੁਰਖੀਆਂ ਵਿਚ ਆਈਆਂ ਸਨ।

ਜਿਸ ਤੇ ਨਾਭਾ ਪੁਲਸ ਵਲੋਂ ਬਕਾਇਦਾ ਕੋਤਵਾਲੀ ਨਾਭਾ ਦੇ ਇੰਚਾਰਜ ਇੰਸ ਪ੍ਰਿੰਸ ਪ੍ਰੀਤ ਸਿੰਘ ਨੇ ਪ੍ਰੈਸ ਕਾਨਫਰੰਸ ਕਰਕੇ ਜਾਣਕਾਰੀ ਦਿੱਤੀ ਸੀ । ਜਿਸ ਦੇ ਖਿਲਾਫ ਨਾਭਾ ਪੁਲਸ ਵਲੋਂ ਦਰਜ਼ ਮੁਕਦਮਾ ਨੰਬਰ 38 ਮਿਤੀ 25 ਅਪ੍ਰੈਲ 25 ਅਧੀਨ ਧਾਰਾ 127(2),132,221 ਬੀ ਐਨ ਐਸ ਵਿਚ ਕਥਿਤ ਵਿਅਕਤੀਆਂ ਵਪਾਰ ਮੰਡਲ ਦੇ ਪ੍ਰਧਾਨ ਸੋਮ ਨਾਥ ਢੱਲ ਸਮੇਤ ਰਮਨ ਗਾਰਮੇਂਟ ਦੇ ਮਾਲਕ ਦੇਵ ਗਾਰਮੈਂਟ ਮਾਲਕ ਨਰਿੰਦਰ ਗਰਗ,ਵਿਸ਼ਾਲ ਸ਼ਰਮਾ,ਸ਼ਰਮਾ ਦੁੱਧ ਡੇਅਰੀ,ਸੁਭਾਸ਼ ਸਹਿਗਲ,ਰਮਨ ਬੋਰਾਂ ਵਾਲਾ, ਭਰਤ 07 ਵਿਅਕਤੀਆਂ ਦੇ ਨਾਮ ਅਤੇ 30/35 ਨਾ ਮਾਲੂਮ ਵਿਅਕਤੀਆਂ ਦੇ ਖਿਲਾਫ ਦਰਜ ਹੋਇਆ ਸੀ। ਨਾਭਾ ਪੁਲਸ ਦੀ ਉਸ ਸੰਵੇਦਨਸ਼ੀਲ ਮੁੱਦੇ ਤੇ ਕੀਤੀ ਕਾਰਵਾਈ ਠੰਡੇ ਬਸਤੇ ਵਿਚ ਸੁੱਟ ਦਿੱਤੀ ਹੁਣ ਦੇ ਖਦਸੇ ਦੀਆਂ ਅਫਵਾਹਾਂ ਦਾ ਬਾਜ਼ਾਰ ਗਰਮ ਹੈ।

ਕਿਉਂਕਿ ਪਰਚਾ ਦਰਜ਼ ਹੋਣ ਦੇ ਬਾਅਦ ਕਥਿਤ ਦੋਸ਼ੀ ਮੁਲਜ਼ਮ ਗਿਰਫ਼ਤਾਰ ਨਹੀਂ ਕਿਤੇ ਗਏ। ਪੁਲਸ ਵਲੋਂ ਕੀਤੀ ਕਾਰਵਾਈ ਅਤੇ ਕਾਰਗੁਜ਼ਾਰੀ ਤੇ ਵੀ ਸਵਾਲ ਉੱਠਣੇ ਸ਼ੁਰੂ ਹੋ ਚੁੱਕੇ ਹਨ। ਕਥਿਤ ਆਰੋਪੀ ਮੁਲਜ਼ਮਾਂ ਦੇ ਗਿਰਫ਼ਤਾਰ ਨਾ ਹਨ ਪਿੱਛੇ ਕਈ ਤਰਾਂ ਦੇ ਸਵਾਲ ਵੀ ਉੱਠਣੇ ਸ਼ੁਰੂ ਹੀ ਚੁੱਕੇ ਹਨ।

# ਫਾਜ਼ਿਲਕਾ ਦੇ ਵਿਧਾਇਕ ਨੇ ਵਿਧਾਨ ਸਭਾ ਵਿੱਚ ਪਾਣੀਆਂ ਦੇ ਮੁੱਦੇ ਤੇ ਉਠਾਈ ਆਵਾਜ਼

**ਫਾਜ਼ਿਲਕਾ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਸਰਕਾਰ ਵੱਲੋਂ ਅੱਜ ਬੁਲਾਏ ਵਿਧਾਨ ਸਭਾ ਦੇ ਵਿਸ਼ੇਸ਼ ਸੈਸ਼ਨ ਦੌਰਾਨ ਫਾਜਿਲਕਾ ਦੇ ਵਿਧਾਇਕ ਨਰਿੰਦਰਪਾਲ ਸਿੰਘ ਸਵਣਾ ਨੇ ਪਾਣੀਆਂ ਦੇ ਮੁੱਦੇ ਤੇ ਬੋਲਦਿਆਂ ਕਿਹਾ ਕਿ ਜੇਕਰ ਕੇਂਦਰ ਸਰਕਾਰ ਅਤੇ ਹਰਿਆਣੇ ਦੀ ਧੱਕੇਸ਼ਾਹੀ ਨਾਲ ਪੰਜਾਬ ਦਾ ਪਾਣੀ ਹਰਿਆਣੇ ਨੂੰ ਚਲਾ ਜਾਂਦਾ ਤਾਂ ਇਸ ਦਾ ਸਭ ਤੋਂ ਵੱਧ ਨੁਕਸਾਨ ਫਾਜ਼ਿਲਕਾ ਜਿਲੇ ਦੇ ਕਿਸਾਨਾਂ ਨੂੰ ਹੋਣਾ ਸੀ।

ਉਹਨਾਂ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪਾਣੀ ਦੀ ਰਾਖੀ ਲਈ ਲਏ ਗਏ ਸਟੈਂਡ ਦਾ ਹੀ ਨਤੀਜਾ ਹੈ ਕਿ ਫਾਜ਼ਿਲਕਾ ਜ਼ਿਲ੍ਹੇ ਦੀਆਂ ਟੇਲਾਂ ਤੱਕ ਪੂਰਾ ਪਾਣੀ ਪਹੁੰਚ ਰਿਹਾ ਹੈ। ਉਹਨਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜਿੱਥੇ ਨਵੇਂ ਖਾਲੇ ਬਣਾਏ ਜਾ ਰਹੇ ਹਨ ਉੱਥੇ ਪੁਰਾਣੇ ਖਾਲੇ ਬਹਾਲ ਕਰਨ ਅਤੇ ਨਹਿਰਾਂ ਨੂੰ ਪੱਕਿਆਂ ਕਰਨ ਦੇ ਪ੍ਰੋਜੈਕਟਾਂ ਨਾਲ ਖੇਤਾਂ ਤੱਕ ਪਾਣੀ ਪਹੁੰਚ ਰਿਹਾ ਹੈ। ਉਹਨਾਂ ਨੇ ਕਿਹਾ ਕਿ ਹਰਿਆਣਾ ਪਹਿਲਾਂ ਹੀ ਆਪਣੇ ਹੱਕ ਦੇ ਪਾਣੀ ਦਾ ਇਸਤੇਮਾਲ ਕਰ ਚੁੱਕਿਆ ਹੈ ਅਤੇ ਹੁਣ ਪੰਜਾਬ ਦੇ ਹੱਕ ਖੋਹਣਾ ਚਾਹੁੰਦਾ ਹੈ।

ਉਹਨਾਂ ਨੇ ਕਿਹਾ ਕਿ ਵਿਧਾਨ ਸਭਾ ਵਿੱਚ ਸਰਕਾਰ ਵੱਲੋਂ ਜੋ ਪਾਣੀਆਂ ਦੀ ਰਾਖੀ ਲਈ ਮਤਾ ਲਿਆਂਦਾ ਗਿਆ ਹੈ ਉਹ ਉਸਦੀ ਪੁਰਜੋਰ ਹਮਾਇਤ ਕਰਦੇ ਹਨ। ਉਹਨਾਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਕਬੂਲ ਸ਼ਾਹ ਖੁਬਣ ਅਤੇ ਆਜਮ ਵਾਲਾ ਮਾਈਨਰ ਦੇ ਨਿਰਮਾਣ ਤੇ 42 ਕਰੋੜ ਰੁਪਏ ਖਰਚੇ ਕੀਤੇ ਗਏ ਹਨ ਅਤੇ 37 ਕਰੋੜ ਖਾਲਿਆਂ ਦੇ ਨਵੀਨੀਕਰਨ ਤੇ ਖਰਚਿਆ ਗਿਆ ਹੈ। ਉਹਨਾਂ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਉੱਦਮ ਸਦਕਾ ਅੱਜ ਟੇਲਾਂ ਤੱਕ ਪਾਣੀ ਪਹੁੰਚ ਰਿਹਾ ਹੈ ਅਤੇ ਸਾਡੇ ਪਾਣੀ ਦੀ ਲੁੱਟ ਹੋਣ ਤੋਂ ਬਚਾਈ ਜਾ ਰਹੀ ਹੈ।

# ਜ਼ਿਲ੍ਹੇ 'ਚ ਤਕਨਾਲੋਜੀ ਰਾਹੀਂ ਸਿੱਖਿਆ ਨੂੰ ਕੀਤਾ ਜਾ ਰਿਹਾ ਉਤਸ਼ਾਹਿਤ

**ਰੂਪਨਗਰ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਜ਼ਿਲ੍ਹਾ ਸਿੱਖਿਆ ਅ.ਫਸਰ ਪ੍ਰੇਮ ਕੁਮਾਰ ਮਿੱਤਲ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਰੂਪਨਗਰ ਜਿਲੇ ਵਿੱਚ ਸਿੱਖਿਆ ਨੂੰ ਟੈਕਨੋਲਜੀ ਰਾਹੀ ਉਤਸਾਹਿਤ ਕਰਨ ਦੇ ਮੰਤਵ ਨਾਲ ਸ਼ਾਨਦਾਰ ਪਹਿਲਕਦਮੀ ਤਹਿਤ ਉਨ੍ਹਾਂ ਵਲੋਂ ਅਤੇ ਜ਼ਿਲ੍ਹਾ ਮੇਂਟੋਰ ਕੰਪਿਊਟਰ ਦਿਸ਼ਾਂਤ ਮਹਿਤਾ ਆਪਣੀ ਪਹਿਲਕਦਮੀ ਅਤੇ ਖਰਚੇ @ਤੇ ਵੈੱਬਸਾਈਟ deorpr.com ਚਲਾ ਰਹੇ ਹਨ। ਰੂਪਨਗਰ ਵਿੱਚ ਸਿੱਖਿਆ ਦਾ ਮਿਆਰ ਵਧਾਉਣ ਲਈ ਤਿਆਰ ਕੀਤੀ ਗਈ ਇਸ ਵੈੱਬਸਾਈਟ ਨੇ ਕਾਫ਼ੀ ਧਿਆਨ ਖਿੱਚਿਆ ਹੈ, ਸਿਰਫ਼ ਇੱਕ ਸਾਲ ਵਿੱਚ 96,522 ਵਿਜ਼ਟਰ ਅਤੇ 177,696 ਵਿਊਜ਼ ਪ੍ਰਾਪਤ ਕੀਤੇ ਹਨ।

ਉਨ੍ਹਾਂ ਦੱਸਿਆ ਕਿ ਵੈੱਬਸਾਈਟ ਦੀ ਪ੍ਰਸਿੱਧੀ ਇਸ ਦੀ ਉਪਯੋਗਤਾ ਦਾ ਪ੍ਰਮਾਣ ਹੈ, ਅਤੇ ਹੋਰ ਮਹੱਤਵਪੂਰਨ ਵਿਦਿਅਕ ਸਮੱਗਰੀ ਅਪਲੋਡ ਕਰਨ ਦੀਆਂ ਯੋਜਨਾਵਾਂ ਚੱਲ ਰਹੀਆਂ ਹਨ ਜੋ ਵਿਦਿਆਰਥੀਆਂ ਨੂੰ ਲਾਭ ਪਹੁੰਚਾਏਗੀ। ਇਸ ਆਉਣ ਵਾਲੀ ਸਮੱਗਰੀ ਦਾ ਉਦੇਸ਼ ਵਿਦਿਆਰਥੀਆਂ ਦੀਆਂ ਵਿਭਿੰਨ ਜ਼ਰੂਰਤਾਂ ਨੂੰ ਪੂਰਾ ਕਰਨਾ ਹੈ, ਉਹਨਾਂ ਨੂੰ ਅਕਾਦਮਿਕ ਤੌਰ @ਤੇ ਉੱਤਮਤਾ ਪ੍ਰਾਪਤ ਕਰਨ ਲਈ ਕੀਮਤੀ ਸਰੋਤ ਅਤੇ ਜਾਣਕਾਰੀ ਪ੍ਰਦਾਨ ਕਰਨਾ ਹੈ।

ਸ਼੍ਰੀ ਪ੍ਰੇਮ ਕੁਮਾਰ ਮਿੱਤਲ ਨੇ ਵਿਦਿਆਰਥੀਆਂ, ਮਾਪਿਆਂ ਅਤੇ ਅਧਿਆਪਕਾਂ ਨੂੰ ਵਿਦਿਆਰਥੀ ਵਿਕਾਸ ਨੂੰ ਹੋਰ ਵਧਾਉਣ ਲਈ ਰੋਜ਼ਾਨਾ ਵੈੱਬਸਾਈਟ @ਤੇ ਜਾਣ ਦੀ ਅਪੀਲ ਕੀਤੀ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਵੈੱਬਸਾਈਟ ਨਾਲ ਨਿਯਮਤ ਤੌਰ @ਤੇ ਜੁੜਨ ਨਾਲ ਨਾ ਸਿਰਫ਼ ਅਕਾਦਮਿਕ ਪ੍ਰਦਰਸ਼ਨ ਵਿੱਚ ਸੁਧਾਰ ਹੋਵੇਗਾ ਬਲਕਿ ਸਿੱਖਿਆ ਵਿੱਚ ਨਵੀਨਤਮ ਵਿਕਾਸ ਬਾਰੇ ਵੀ ਹਿੱਸੇਦਾਰਾਂ ਨੂੰ ਸੂਚਿਤ ਕੀਤਾ ਜਾਵੇਗਾ।

ਇਸ ਤੋਂ ਇਲਾਵਾ ਦਿਸ਼ਾਂਤ ਮਹਿਤਾ ਨੇ ਦੱਸਿਆ ਕਿ ਇਹ ਪਹਿਲਕਦਮੀ ਰੂਪਨਗਰ ਵਿੱਚ ਸਿੱਖਿਆ ਨੂੰ ਬਿਹਤਰ ਬਣਾਉਣ ਲਈ ਜ਼ਿਲ੍ਹਾ ਸਿੱਖਿਆ ਅਧਿਕਾਰੀਆਂ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਇਸ ਪਹੁੰਚਯੋਗ ਅਤੇ ਕੀਮਤੀ ਸਰੋਤ ਪ੍ਰਦਾਨ ਕਰਕੇ, ਉਨ੍ਹਾਂ ਦਾ ਉਦੇਸ਼ ਵਿਦਿਅਕ ਮੌਕਿਆਂ ਵਿੱਚ ਪਾੜੇ ਨੂੰ ਪੂਰਾ ਕਰਨਾ ਅਤੇ ਵਿਦਿਆਰਥੀਆਂ ਦੇ ਸਮੁੱਚੇ ਵਿਕਾਸ ਦਾ ਸਮਰਥਨ ਕਰਨਾ ਹੈ। ਭਾਈਚਾਰੇ ਦੇ ਨਿਰੰਤਰ ਸਮਰਥਨ ਅਤੇ ਸ਼ਮੂਲੀਅਤ ਨਾਲ, ਵੈੱਬਸਾਈਟ ਜ਼ਿਲ੍ਹੇ ਦੇ ਵਿਦਿਅਕ ਦ੍ਰਿਸ਼ ਨੂੰ ਆਕਾਰ ਦੇਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣ ਦੀ ਸੰਭਾਵਨਾ ਹੈ।ਉਨ੍ਹਾਂ ਦੱਸਿਆ ਕਿ ਜਿਵੇਂ-ਜਿਵੇਂ ਵੈੱਬਸਾਈਟ ਵਿਕਸਤ ਹੁੰਦੀ ਰਹਿੰਦੀ ਹੈ, ਇਹ ਵਿਦਿਆਰਥੀਆਂ, ਅਧਿਆਪਕਾਂ ਅਤੇ ਮਾਪਿਆਂ ਲਈ ਇੱਕ ਲਾਜ਼ਮੀ ਸਾਧਨ ਬਣਨ ਦੀ ਉਮੀਦ ਹੈ।

# ਸੂਬੇਦਾਰ ਹਰਵਿੰਦਰ ਸਿੰਘ ਦੀ ਸ੍ਰੀਨਗਰ ਵਿੱਚ ਕਰੰਟ ਲੱਗਣ ਕਾਰਨ ਮੌਤ

**ਗੁਰੂਸਰ ਸੁਧਾਰ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸੂਬੇਦਾਰ ਹਰਵਿੰਦਰ ਸਿੰਘ (51) ਪੁੱਤਰ ਮੇਜਰ ਸਿੰਘ ਦੀ ਸ੍ਰੀਨਗਰ ਦੇ ਫੌਜੀ ਹਸਪਤਾਲ ਦੇ ਐਮਰਜੈਂਸੀ ਵਾਰਡ ਵਿੱਚ ਲੰਘੀ ਰਾਤ ਮੌਤ ਹੋ ਗਈ। ਹਰਵਿੰਦਰ ਸਿੰਘ ਡਿਊਟੀ ਦੌਰਾਨ ਕਰੰਟ ਲੱਗਣ ਕਰਕੇ ਹਸਪਤਾਲ ਵਿਚ ਜ਼ੇਰੇ ਇਲਾਜ ਸੀ। ਹਰਵਿੰਦਰ ਦੀ ਮੌਤ ਨਾਲ ਪਿੰਡ ਐਤੀਆਣਾ ਵਿੱਚ ਸੋਗ ਦੀ ਲਹਿਰ ਹੈ।

ਪਿੰਡ ਦੇ ਸਾਬਕਾ ਸਰਪੰਚ ਲਖਵੀਰ ਸਿੰਘ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਸੂਬੇਦਾਰ ਹਰਵਿੰਦਰ ਸਿੰਘ ਫ਼ੌਜ ਵਿੱਚੋਂ ਸੇਵਾਮੁਕਤ ਹੋਣ ਬਾਅਦ ਡਿਫੈਂਸ ਸਕਿਊਰਿਟੀ ਕੋਰ ਵਿੱਚ ਮੁੜ ਭਰਤੀ ਹੋ ਗਿਆ ਸੀ। ਇਸ ਸਮੇਂ ਹਰਵਿੰਦਰ ਸਿੰਘ ਸ੍ਰੀਨਗਰ ਵਿੱਚ ਸੇਵਾ ਨਿਭਾ ਰਿਹਾ ਸੀ ਤੇ 29 ਅਪਰੈਲ ਨੂੰ ਡਿਊਟੀ ਸਮੇਂ ਕਰੰਟ ਲੱਗਣ ਕਾਰਨ ਗੰਭੀਰ ਜ਼ਖ਼ਮੀ ਹੋ ਗਿਆ ਸੀ।

# ਲੁਧਿਆਣਾ ਵਿਖੇ ਨਗਰ ਨਿਗਮ ਦੀ ਜਗ੍ਹਾ ’ਤੇ ਨਾਜਾਇਜ਼ ਕਬਜ਼ਾ ਕਰਕੇ ਬਣਾਏ ਨਸ਼ਾ ਤਸਕਰ ਦੇ ਘਰ ਨੂੰ ਢਾਹਿਆ

**➢ ਸੂਬਾ ਸਰਕਾਰ ਨਸ਼ਿਆਂ ਦੇ ਸੌਦਾਗਰਾਂ ਨੂੰ ਪੰਜਾਬ ’ਚ ਨਹੀਂ ਰਹਿਣ ਦੇਵੇਗੀ ➢ ਪੁਲਿਸ ਕਮਿਸ਼ਨਰ ਦੀ ਅਗਵਾਈ ਹੇਠ ਪੁਲਿਸ ਨੇ ਕੀਤੀ ਕਾਰਵਾਈ**

**ਲੁਧਿਆਣਾ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਚਲਾਈ ’ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਤਹਿਤ ਨਸ਼ਾ ਤਸਕਰਾਂ ਵਿਰੁੱਧ ਕਾਰਵਾਈ ਜੰਗੀ ਪੱਧਰ ’ਤੇ ਸ਼ੁਰੂ ਹੈ। ਇਸ ਕਾਰਵਾਈ ਤਹਿਤ ਸੋਮਵਾਰ ਨੂੰ ਪੁਲਿਸ ਕਮਿਸ਼ਨਰ ਲੁਧਿਆਣਾ ਸਵਪਨ ਸ਼ਰਮਾ ਦੀ ਅਗਵਾਈ ਹੇਠ ਨਸ਼ਾ ਤਸਕਰ ਲਾਖਨ ਪੁੱਤਰ ਹੀਰਾ, ਹਰੀ ਕਿ ?ਸ਼ਨਾ ਕਲੋਨੀ, ਟਰਾਂਸਪੋਰਟ ਨਗਰ, ਲੁਧਿਆਣਾ ਦਾ ਘਰ ਢਾਹਿਆ ਗਿਆ। ਇਹ ਮਕਾਨ ਨਗਰ ਨਿਗਮ ਦੀ ਜਗਾਂ ’ਤੇ ਨਿਜਾਇਜ਼ ਕਬਜ਼ਾ ਕਰਕੇ ਬਣਾਇਆ ਹੋਇਆ ਸੀ।

ਇਸ ਮੌਕੇ ਨਗਰ ਨਿਗਮ ਲੁਧਿਆਣਾ ਤੋਂ ਸਹਾਇਕ ਨਗਰ ਯੋਜਨਾਕਾਰ ਜੋਨ-ਬੀ ਕੁਲਜੀਤ ਸਿੰਘ ਮਾਂਗਟ ਅਤੇ ਬਿਲਡਿੰਗ ਇੰਸਪੈਕਟਰ ਹਰਮਿੰਦਰ ਸਿੰਘ ਮੱਕੜ ਨੇ ਦੱਸਿਆ ਕਿ ਨਗਰ ਨਿਗਮ ਦੀ ਇਹ ਜਗ੍ਹਾ ਟਰਾਂਸਪੋਰਟ ਨਗਰ ਦੀ ਡਿਵੈਲਪਮੈਂਟ ਸਕੀਮ ਅਧੀਨ ਪੈਂਦੀ ਹੈ। ਸਕੀਮ ਅਧੀਨ ਇਹ ਜਗ੍ਹਾ ਗੱਡੀਆਂ ਦੀ ਪਾਰਕਿੰਗ ਵਾਸਤੇ ਛੱਡੀ ਗਈ ਸੀ ਜਿੱਥੇ ਨਸ਼ਾ ਤਸਕਰ ਲਾਖਨ ਪੁੱਤਰ ਹੀਰਾ ਨੇ ਨਜਾਇਜ਼ ਕਬਜ਼ਾ ਕਰਕੇ ਘਰ ਦੀ ਉਸਾਰੀ ਕੀਤੀ ਗਈ ਸੀ ਜਿਸ ਨੂੰ ਅੱਜ ਲੁਧਿਆਣਾ ਪੁਲਿਸ ਦੀ ਮਦਦ ਨਾਲ ਢਾਹਿਆ ਗਿਆ ਹੈ।

ਪੁਲਿਸ ਕਮਿਸ਼ਨਰ ਸਵਪਨ ਸ਼ਰਮਾ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾਫ ਜ਼ੀਰੋ ਟਾਲਰੈਂਸ ਨੀਤੀ ਅਪਣਾਈ ਜਾ ਰਹੀ ਹੈ ਅਤੇ ਨਸ਼ਿਆਂ ਦੇ ਤਸਕਰਾਂ ਖਿਲਾਫ ਸਖਤ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਲਾਖਨ ਪੁੱਤਰ ਹੀਰਾ, ਹਰੀ ਕਿ ?ਸ਼ਨਾ ਕਲੋਨੀ, ਟਰਾਂਸਪੋਰਟ ਨਗਰ, ਲੁਧਿਆਣਾ ਦੇ ਉੱਪਰ ਆਈ. ਪੀ. ਸੀ, ਐਨ.ਡੀ.ਪੀ.ਐਸ.ਐਕਟ ਅਧੀਨ ਵੱਖ ਵੱਖ 5 ਮੁਕੱਦਮੇ ਦਰਜ਼ ਹਨ। ਉਨ੍ਹਾਂ ਕਿਹਾ ਕਿ ਲਾਖਨ ਪੁੱਤਰ ਹੀਰਾ ਨੂੰ 10 ਸਾਲ ਦੀ ਸਜ਼ਾ ਹੋਈ ਜਿਸ ਕਾਰਨ ਉਹ ਜੇਲ੍ਹ ਵਿਚ ਬੰਦ ਹੈ।





ਉਨ੍ਹਾਂ ਨਸ਼ਿਆਂ ਦੇ ਸੌਦਾਗਰਾਂ ਨੂੰ ਸਖਤ ਚੇਤਾਵਨੀ ਦਿੰਦਿਆਂ ਕਿਹਾ ਕਿ ਉਹ ਨਸ਼ੇ ਵੇਚਣ ਦਾ ਕੰਮ ਛੱਡ ਦੇਣ ਨਹੀਂ ਤਾਂ ਉਨ੍ਹਾਂ ਵਿਰੁੱਧ ਵੀ ਇਹੋ ਜਿਹੀ ਕਾਰਵਾਈ ਕੀਤੀ ਜਾਵੇਗੀ।

ਸਵਪਨ ਸ਼ਰਮਾ ਨੇ ਦੱਸਿਆ ਕਿ ਨਸ਼ੇ ਦੇ ਸੌਦਾਗਰਾਂ ਨੇ ਸੂਬੇ ਦੀ ਜਵਾਨੀ ਨੂੰ ਕੁਰਾਹੇ ਪਾਇਆ ਹੈ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਪੰਜਾਬ ਦੀ ਜਵਾਨੀ ਨੂੰ ਬਚਾਉਣ ਲਈ ਪੂਰੀ ਤਰ੍ਹਾਂ ਦ੍ਰਿੜ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਦੇ ਕਾਰੋਬਾਰੀਆਂ ਦੀ ਸ਼ਿਕਾਇਤ ਕਰਨ ਲਈ ਆਪਣੇ ਨੇੜਲੇ ਪੁਲਿਸ ਸਟੇਸ਼ਨ ਵਿਖੇ ਸੰਪਰਕ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨਿਰੰਤਰ ਜਾਰੀ ਰਹੇਗੀ ਅਤੇ ਨਸ਼ਿਆਂ ਦੇ ਕਾਰੋਬਾਰ ਵਿੱਚ ਸ਼ਾਮਲ ਤਸਕਰਾਂ ਨੂੰ ਕਿਸੇ ਵੀ ਹਾਲਤ ਵਿੱਚ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਹੁਣ ਪੰਜਾਬ ਅੰਦਰ ਨਸ਼ਾ ਤਸਕਰਾਂ ਲਈ ਕੋਈ ਥਾਂ ਨਹੀਂ ਹੈ।

ਇਥੇ ਵਰਨਣਯੋਗ ਹੈ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਸ਼ੁਰੂ ਕੀਤੀ ਮੁਹਿੰਮ ਦੀ ਇਲਾਕਾ ਵਾਸੀਆਂ ਵੱਲੋਂ ਭਰਪੂਰ ਸ਼ਲਾਘਾ ਕੀਤੀ ਗਈ ਅਤੇ ਪੰਜਾਬ ਸਰਕਾਰ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਪੁਲਿਸ ਪ੍ਰਸ਼ਾਸ਼ਨ ਧੰਨਵਾਦ ਕੀਤਾ ਗਿਆ।

ਇਸ ਮੌਕੇ ਡਿਪਟੀ ਕਮਿਸ਼ਨਰ ਪੁਲਿਸ (ਇਨਵੈਸਟੀਗੇਸ਼ਨ) ਹਰਪਾਲ ਸਿੰਘ, ਵਧੀਕ ਡਿਪਟੀ ਕਮਿਸ਼ਨਰ ਪੁਲਿਸ ਜ਼ੋਨ-4 ਲੁਧਿਆਣਾ ਮਨਦੀਪ ਸਿੰਘ, ਸਹਾਇਕ ਕਮਿਸ਼ਨਰ ਪੁਲਿਸ, ਇੰਡਸਟਰੀ ਏਰੀਆ-ਏ ਲੁਧਿਆਣਾ ਜਸਬਿੰਦਰ ਸਿੰਘ, ਮੁੱਖ ਅਫਸਰ ਥਾਣਾ ਮੋਤੀ ਨਗਰ ਲੁਧਿਆਣਾ ਅੰਮ੍ਰਿਤਪਾਲ ਸਿੰਘ, ਮੁੱਖ ਅਫਸਰ ਥਾਣਾ ਜਮਾਲਪੁਰ ਲੁਧਿਆਣਾ ਇੰਸਪੈਕਟਰ ਅਤੇ ਮੁੱਖ ਅਫਸਰ ਥਾਣਾ ਟਿੱਬਾ ਲੁਧਿਆਣਾ ਜਸਪਾਲ ਸਿੰਘ ਵੀ ਹਾਜ਼ਰ ਸਨ।

# ਸਾਈਬਰ ਕੈਫੇ ਵਾਲਿਆਂ ਨੂੰ ਪਛਾਣ ਰਜਿਸਟਰ ਸਥਾਪਿਤ ਕਰਨ ਦੇ ਹੁਕਮ ਜਾਰੀ

**➢ ਜ਼ਿਲ੍ਹਾ ਦੀਆਂ ਪਬਲਿਕ ਇਮਾਰਤਾਂ/ਸਰਕਾਰੀ ਥਾਂਵਾਂ ’ਤੇ ਪੋਸਟਰ, ਤਸਵੀਰਾਂ ਆਦਿ ਲਗਾਉਣ ’ਤੇ ਵੀ ਪਾਬੰਦੀ ਦੇ ਆਦੇਸ਼ ➢ਹੁਕਮ 30 ਜੂਨ ਤੱਕ ਲਾਗੂ ਰਹਿਣਗੇ-ਵਧੀਕ ਜ਼ਿਲ੍ਹਾ ਮੈਜਿਸਟ੍ਰੇਟ**

**ਮੋਗਾ , 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਮੋਗਾ ਸ਼੍ਰੀਮਤੀ ਚਾਰੂਮਿਤਾ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 (ਜਾਬਤਾ ਫੌਜਦਾਰੀ ਸੰਘਤਾ 1973 ਦੀ ਧਾਰਾ 144) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਮੋਗਾ ’ਚ ਕੁੱਝ ਪਾਬੰਦੀਆਂ ਦੇ ਹੁਕਮ ਜਾਰੀ ਕੀਤੇ ਹਨ। ਇਹ ਆਦੇਸ਼ 30 ਜੂਨ 2025 ਤੱਕ ਲਾਗੂ ਰਹਿਣਗੇ।

ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਜ਼ਿਲ੍ਹੇ ਦੀਆਂ ਸਮੂਹ ਪਬਲਿਕ ਇਮਾਰਤਾਂ ਅਤੇ ਸਰਕਾਰੀ ਥਾਂਵਾਂ ’ਤੇ ਕਿਸੇ ਵੀ ਕਿਸਮ ਦੇ ਪੋਸਟਰ, ਤਸਵੀਰਾਂ ਜਾਂ ਹੱਥ ਲਿਖਤ ਲਗਾਉਣ ’ਤੇ ਪਾਬੰਦੀ ਲਗਾਈ ਗਈ ਹੈ, ਕਿਉਂਕਿ ਇਹ ਇੰਨ੍ਹਾਂ ਇਮਾਰਤਾਂ ਦੀ ਸੁੰਦਰਤਾ ਨੂੰ ਖਤਮ ਕਰਕੇ ਭੱਦਾ ਬਣਾ ਦਿੰਦੇ ਹਨ, ਜਿਹੜਾ ਕਿ ਲੋਕ ਹਿੱਤ ਦੇ ਵਿਰੁੱਧ ਹੈ। ਇਸ ਲਈ ਜ਼ਿਲ੍ਹਾ ਮੋਗਾ ਅੰਦਰ ਸਥਿਤ ਸਮੂਹ ਪਬਲਿਕ ਪ੍ਰਾਪਰਟੀਜ਼ ਅਤੇ ਸਰਕਾਰੀ ਇਮਾਰਤਾਂ/ਥਾਵਾਂ ਤੇ ਕਿਸੇ ਵੀ ਕਿਸਮ ਦੇ ਪੋਸਟਰ, ਫੋਟੋਆਂ ਜਾਂ ਹੱਥ ਲਿਖਤ ਜਾਂ ਹੋਰ ਕਿਸੇ ਵੀ ਪ੍ਰਕਾਰ ਦੇਕ ਕਾਗਜ਼ਾਤ ਲਗਾਉਣ ਤੇ ਮਨਾਹੀ ਦੇ ਹੁਕਮ ਜਾਰੀ ਕੀਤੇ ਗਏ ਹਨ। ਹੁਕਮਾਂ ਦੀ ਉਲੰਘਣਾ ਤੇ ਸਖਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਸਾਈਬਰ ਕੈਫੇ ਵਾਲਿਆਂ ਨੂੰ ਪਛਾਣ ਰਜਿਸਟਰ ਸਥਾਪਿਤ ਕਰਨ ਦੇ ਹੁਕਮ



ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਨੇ ਸਾਈਬਰ ਕੈਫੇ ਵਾਲਿਆਂ ਨੂੰ ਪਛਾਣ ਰਜਿਸਟਰ ਸਥਾਪਿਤ ਕਰਨ ਦੇ ਹੁਕਮ ਜਾਰੀ ਕੀਤੇ ਹਨ। ਉਨ੍ਹਾਂ ਕਿਹਾ ਕਿ ਅੱਤਵਾਦੀ ਗਤੀਵਿਧੀਆਂ ਨੂੰ ਰੋਕਣ ਅਤੇ ਮਨੁੱਖੀ ਜੀਵਨ ਦੇ ਖਤਰਿਆਂ ਦੀ ਰੋਕਥਾਮ ਲਈ ਸਾਈਬਰ ਕੈਫੇ ਦਾ ਮਾਲਿਕ ਸੁਨਿਸ਼ਚਿਤ ਕਰੇ ਕਿ ਕੈਫੇ ’ਚ ਆਉਣ ਵਾਲੇ ਵਿਅਕਤੀ ਦੀ ਪਹਿਚਾਣ, ਉਸਦਾ ਪਹਿਚਾਣ ਸਬੂਤ, ਨਾਂ, ਪਤਾ, ਮੋਬਾਇਲ ਨੰਬਰ ਆਦਿ ਰਜਿਸਟਰ ’ਚ ਦਰਜ ਕਰੇ। ਜੇਕਰ ਆਉਣ ਵਾਲੇ ਵਿਅਕਤੀ ਦੀ ਕੋਈ ਵੀ ਗਤੀਵਿਧੀ ਪ੍ਰਤੀ ਸ਼ੱਕ ਪੈਦਾ ਹੁੰਦਾ ਹੈ, ਤਾਂ ਸਾਈਬਰ ਕੈਫ਼ੇ ਦੇ ਮਾਲਕ ਨੂੰ ਇਸ ਦੀ ਸੂਚਨਾ ਪੁਲਿਸ ਸ਼ਟੇਸ਼ਨ ’ਚ ਦੇਣੀ ਚਾਹੀਦੀ ਹੈ। ਕਿਸੇ ਅਜਿਹੇ ਅਣਜਾਣ ਵਿਅਕਤੀ ਜਿਸਦੀ ਪਛਾਣ ਬਾਰੇ ਸਾਈਬਰ ਕੈਫੇ ਦਾ ਮਾਲਕ ਸੁਨਿਸ਼ਚਿਤ ਨਾ ਹੋਵੇ ਉਸ ਨੂੰ ਸਾਈਬਰ ਕੈਫੇ ਦੇ ਪ੍ਰਯੋਗ ਤੋ ਵਰਜਿਤ ਕਰੇ। ਕੈਫੇ ਦਾ ਮਾਲਕ ਆਪਣੇ ਲਗਾਏ ਰਜਿਸਟਰ ਵਿੱਚ ਆਉਣ ਵਾਲੇ/ਪ੍ਰਯੋਗ ਕਰਤਾ ਦੀ ਆਪਣੀ ਲਿਖਾਈ ਵਿੱਚ ਉਸਦਾ ਨਾਂ, ਪਤਾ, ਟੈਲੀਫੋਨ ਨੰਬਰ ਅਤੇ ਪਛਾਣ ਸਬੂਤ ਦਰਜ ਕਰਵਾਉਣ ਨੂੰ ਯਕੀਨੀ ਬਣਾਉਣਗੇ। ਮੇਨ ਸਰਵਰ ਵਿੱਚ ਐਕਟੀਵਿਟੀ ਸਰਵਰ ਲੋਗ ਬਚਾ ਕੇ ਰੱਖਣਾ ਚਾਹੀਦਾ ਹੈ ਅਤੇ ਇਸਦਾ ਰਿਕਾਰਡ ਮੇਨ ਸਰਵਰ ਵਿੱਚ ਘੱਟ ਤੋ ਘੱਟ 6 ਮਹੀਨੇ ਤੱਕ ਰੱਖਣਾ ਲਾਜ਼ਮੀ ਹੈ।

ਮੈਰਿਜ਼ ਪੈਲਸਾਂ ਦੇ ਮਾਲਕਾਂ ਨੂੰ ਵਾਹਨਾਂ ਦੀ ਪਾਰਕਿੰਗ ਆਪਣੇ ਮੈਰਿਜ਼ ਪੈਲਸਾਂ ਦੀ ਚਾਰ ਦੀਵਾਰੀ ਦੇ ਅੰਦਰ ਹੀ ਕਰਨ ਦੇ ਆਦੇਸ਼

ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਸਾਰੇ ਮੈਰਿਜ਼ ਪੈਲਸਾਂ ਦੇ ਮਾਲਕਾਂ ਨੂੰ ਕਿਸੇ ਵੀ ਸਮਾਗਮ ਸਮੇਂ ਵਾਹਨਾਂ ਦੀ ਪਾਰਕਿੰਗ ਆਪਣੇ ਮੈਰਿਜ਼ ਪੈਲਸਾਂ ਦੀ ਚਾਰ ਦੀਵਾਰੀ ਦੇ ਅੰਦਰ ਹੀ ਕਰਨ ਅਤੇ ਸਰਕਾਰ ਦੀ ਪ੍ਰਾਪਰਟੀ ਜਿਸ ਦੀ ਕਿਸੇ ਸੜਕ ਲਈ ਨਿਸ਼ਾਨਦੇਹੀ ਕੀਤੀ ਗਈ ਹੈ, ਉਸ ਨੂੰ ਵੀ ਵਾਹਨਾਂ ਦੀ ਪਾਰਕਿੰਗ ਲਈ ਨਾ ਵਰਤਣ ਦੇ ਹੁਕਮ ਜਾਰੀ ਕੀਤੇ ਗਏ ਹਨ ਕਿਉਕਿ ਇਸ ਨਾਲ ਜਿੱਥੇ ਦੁਰਘਟਨਾ ਦਾ ਖਦਸ਼ਾ ਬਣਿਆ ਰਹਿੰਦਾ ਹੈ ਉੱਥੇ ਟ੍ਰੈਫਿਕ ਲਈ ਵੀ ਬਹੁਤ ਸਮੱਸਿਆ ਪੈਦਾ ਹੁੰਦੀ ਹੈ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਮੈਰਿਜ਼ ਪੈਲੇਸਾਂ ਦੇ ਮਾਲਕ ਅਤੇ ਮੈਰਿਜ਼ ਪੈਲੇਸਾਂ ਦੇ ਖਿਲਾਫ਼ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# 7 ਆਈਲੈਟਸ/ਇਮੀਗ੍ਰੇਸ਼ਨ ਸੈਂਟਰਾਂ ਦੇ ਲਾਇਸੰਸ ਕੀਤੇ ਰੱਦ : ਜ਼ਿਲ੍ਹਾ ਮੈਜਿਸਟ੍ਰੇਟ

**ਮਾਨਸਾ, 8 ਮਈ**
**-ਨਿਊਜ਼ਲਾਈਨ ਐਕਸਪ੍ਰੈਸ-**

ਜ਼ਿਲ੍ਹਾ ਮੈਜਿਸਟ੍ਰੇਟ ਮਾਨਸਾ ਸ੍ਰ. ਕੁਲਵੰਤ ਸਿੰਘ ਆਈ.ਏ.ਐਸ. ਵੱਲੋਂ ਪੰਜਾਬ ਮਨੁੱਖੀ ਤਸ਼ਕਰੀ ਰੋਕੂ ਐਕਟ 2012 ਅਧੀਨ ਜਾਰੀ ਪੰਜਾਬ ਮਨੁੱਖੀ ਤਸਕਰੀ ਨਿਯਮ 2013 (ਸੋਧਿਆ ਨਾਮ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ) ਦੇ ਤਹਿਤ 7 ਆਈਲੈਟਸ/ਇਮੀਗ੍ਰੇਸ਼ਨ ਸੈਂਟਰਾਂ ਦੇ ਲਾਇਸੰਸ ਰੱਦ ਕੀਤੇ ਗਏ ਹਨ। ਜਾਰੀ ਹੁਕਮਾਂ ਅਨੁਸਾਰ ਮੈ/ਸ ਇੰਗਲਿਸ਼ ਵਿਲਾ, ਸਾਹਮਣੇ ਮਾਤਾ ਸੁੰਦਰੀ ਗਰਲਜ਼ ਕਾਲਜ, ਕੋਰਟ ਰੋਡ ਮਾਨਸਾ ਦੇ ਨਾਮ ਤੇ ਸ਼੍ਰੀਮਤੀ ਰੂਬੀ ਮਲਹੋਤਰਾ ਪਤਨੀ ਭੁਪਿੰਦਰਪਾਲ ਸਿੰਘ ਦਾ ਲਾਇਸੰਸ ਨੰਬਰ 91/ਆਰਮਜ਼ ਬਰਾਂਚ ਮਿਤੀ 26 ਸਤੰਬਰ 2023 ਨੂੰ ਜਾਰੀ ਕੀਤਾ ਗਿਆ ਸੀ, ਜਿਸ ਦੀ ਮਿਆਦ 26-09-2023 ਤੋਂ 25-09-2028 ਤੱਕ ਸੀ। ਇਸੇ ਤਰ੍ਹਾਂ ਮੈ/ਸ ਨਿੱਕਾ ਵੀਜ਼ਾ ਕੰਸਲਟੈਂਟ (ਓ.ਪੀ.ਸੀ.) ਪ੍ਰਾਈਵੇਟ ਲਿਮਟਿਡ, ਵੀਰ ਨਗਰ ਮਾਨਸਾ ਜ਼ਿਲ੍ਹਾ ਮਾਨਸਾ ਦੇ ਨਾਮ ਤੇ ਕੰਸਲਟੈਂਸੀ ਦਾ ਲਾਇਸੰਸ ਨੰਬਰ 01/ਐਲ.ਪੀ.ਏ. ਮਿਤੀ 06-08-2018 ਨੂੰ ਰਮਿੰਦਰ ਸਿੰਘ ਪੁੱਤਰ ਗੋਪਾਲ ਕ੍ਰਿਸ਼ਨ ਵਾਸੀ ਹੂਸ ਨੰਬਰ185 ਵਾਰਡ ਨੰਬਰ 19 ਵੀਰ ਨਗਰ ਮੁਹੱਲਾ ਜਾਰੀ ਕੀਤਾ ਗਿਆ ਸੀ, ਜਿਸ ਦੀ ਮਿਆਦ 02-08-2025 ਤੱਕ ਸੀ।

ਉਨ੍ਹਾਂ ਦੱਸਿਆ ਕਿ ਮੈ/ਸ ਐਜੂਵਰਟ ਇਮੀਗ੍ਰੇਸ਼ਨ ਸਰਵਿਸਿਜ਼, ਹਾਊਸ ਨੰਬਰ 537 ਵਾਰਡ ਨੰਬਰ 17, ਓਲਡ ਗਊਸ਼ਾਲਾ ਰੋਡ ਮਾਨਸਾ ਦੇ ਨਾਮ ਤੇ ਸ਼੍ਰੀ ਦੀਪਕ ਸਿੰਗਲਾ ਪੁੱਤਰ ਸ਼੍ਰੀ ਰਜਿੰਦਰ ਕੁਮਾਰ ਦੇ ਨਾਮ ਤੇ ਲਾਇਸੰਸ ਨੰਬਰ 2/ਐਲ.ਪੀ.ਏ. ਮਿਤੀ 06-08-2018 ਜਾਰੀ ਕੀਤਾ ਗਿਆ ਸੀ ਜਿਸ ਦੀ ਮਿਆਦ 02-08-2025 ਤੱਕ ਸੀ।ਇਸੇ ਤਰ੍ਹਾ ਮੈ/ਸ ਅਰਿਹੰਤ ਸਾਫ਼ਟਵੇਅਰ ਇੰਸਟੀਚਿਊਟ, ਸਿਨੇਮਾ ਰੋਡ ਬੁਢਲਾਡਾ ਜ਼ਿਲ੍ਹਾ ਮਾਨਸਾ ਦੇ ਨਾਮ ਤੇ ਕੋਚਿੰਗ ਇੰਸਟੀਚਿਊਟ ਆਫ਼ ਆਇਲਸਟ ਸ਼੍ਰੀ ਰਕੇਸ਼ ਕੁਮਾਰ ਜੈਨ ਪੁੱਤਰ ਸ਼੍ਰੀ ਵੇਦ ਪ੍ਰਕਾਸ਼ ਜੈਨ ਵਾਸੀ ਭਾਰਤ ਸਿਨੇਮਾ ਰੋਡ ਬੁਢਲਾਡਾ ਦੇ ਨਾਮ ਤੇ ਲਾਇਸੰਸ ਨੰਬਰ 14/ਐਲ.ਪੀ.ਏ. ਮਿਤੀ 02-07-2019 ਨੂੰ ਜਾਰੀ ਕੀਤਾ ਗਿਆ ਹੈ ਜਿਸ ਦੀ ਮਿਆਦ 01-07-2024 ਸੀ। ਉਨ੍ਹਾਂ ਦੱਸਿਆ ਕਿ ਸ਼੍ਰੀ ਪਰਦੀਪ ਸਿੰਘ ਪੁੱਤਰ ਸ਼੍ਰੀ ਅਮਰਜੀਤ ਸਿੰਘ ਕਟੌਦੀਆ ਅਤੇ ਸ਼੍ਰੀਮਤੀ ਨੀਰੂ ਬਾਲਾ ਪਤਨੀ ਸ਼੍ਰੀ ਪਰਦੀਪ ਸਿੰਘ ਵਾਸੀ ਵਾਟਰ ਵਰਕਸ ਰੋਡ ਵਾਰਡ ਨੰਬਰ 14 ਮਾਨਸਾ ਨੂੰ ਮੈ/ਸ ਗਰੇਅ ਜੇਅ ਇਮੀਗਰੇਸ਼ਨ ਪ੍ਰਾਈਵੇਟ ਲਿਮਟਿਡ ਆਰ/ਓ ਵਾਟਰ ਵਰਕਸ, ਵਾਰਡ ਨੰਬਰ 14 ਮਾਨਸਾ ਨੂੰ ਲਾਇਸੰਸ ਨੰਬਰ 53 /ਐਲ.ਪੀ.ਏ. /ਐਲ.ਪੀ.ਏ. 28-04-2022 ਨੂੰ ਜਾਰੀ ਕੀਤਾ ਗਿਆ ਸੀ, ਜਿਸ ਦੀ ਮਿਆਦ 27-04-2027 ਸੀ। ਉਨ੍ਹਾਂ ਦੱਸਿਆ ਕਿ ਮੈ/ਸ ਸਮਰ ਇੰਗਲਿਸ਼ ਲੈਂਗੁਏਜ਼ ਸਕੂਲ ਰਤਿਆ ਰੋਡ ਬੁਢਲਾਡਾ, ਮੇਨ ਰੋਡ ਬੋਹਾ ਦੇ ਨਾਮ ਤੇ ਕੋਚਿੰਗ ਇੰਸਟੀਚਿਊਟ ਆਫ਼ ਆਇਲਜ਼ ਗਗਨਦੀਪ ਸਿੰਘ ਥਿੰਦ ਪੁੱਤਰ ਸ਼੍ਰੀ ਪ੍ਰਿਤਪਾਲ ਸਿੰਘ ਦੇ ਨਾਮ ਤੇ ਲਾਇਸੰਸ ਨੰਬਰ 13/ਐਲ.ਪੀ.ਏ. ਮਿਤੀ 03-06-2019 ਨੂੰ ਜਾਰੀ ਕੀਤਾ ਗਿਆ ਸੀ, ਜਿਸ ਦੀ ਮਿਆਦ 31-05-2024 ਤੱਕ ਸੀ।

ਇਸੇ ਤਰ੍ਹਾਂ ਮੈ/ਸ ਈ.ਐਲ.ਏ.ਐਸ. ਇੰਨ ਐਜੂਕੇਸ਼ਨਲ ਸਰਵਿਸਿਜ਼, ਵਾਰਡ ਨੰਬਰ 1, ਸਟਰੀਟ ਨੰਬਰ 01, ਗੁਰੂ ਅਰਜਨ ਦੇਵ ਨਗਰ, ਮਾਨਸਾ ਕੰਸਲਟੈਂਸੀ ਦਾ ਲਾਇਸੰਸ ਨੰਬਰ 04/ਐਲ.ਪੀ.ਏ. ਮਿਤੀ 20-08-2018 ਨੂੰ ਸ਼੍ਰੀ ਸੰਦੀਪ ਸਿੰਘ ਪੁੱਤਰ ਸ਼੍ਰੀ ਬਹਾਦਰ ਸਿੰਘ ਵਾਸੀ ਵਾਰਡ ਨੰਬਰ 1, ਗੁਰੂ ਅਰਜਨ ਦੇਵ ਨਗਰ, ਮਾਨਸਾ ਜਾਰੀ ਕੀਤਾ ਗਿਆ ਸੀ, ਜਿਸ ਦੀ ਮਿਆਦ 15-08-2023 ਤੱਕ ਸੀ।

ਉਨ੍ਹਾਂ ਦੱਸਿਆ ਕਿ ਪ੍ਰਾਰਥੀਆਂ ਵੱਲੋਂ ਲਿਖ ਕੇ ਦਿੱਤਾ ਗਿਆ ਹੈ ਉਨ੍ਹਾਂ ਨੇ ਆਪਣਾ ਇੰਸਟੀਚਿਊਟ ਬੰਦ ਕਰ ਦਿੱਤਾ ਹੈ ਅਤੇ ਇਹ ਕੰਮ ਨਹੀਂ ਕਰਨਾ ਚਾਹੁੰਦੇ। ਇਸ ਲਈ ਲਾਇਸੰਸ ਰੱਦ ਕਰ ਦਿੱਤਾ ਜਾਵੇ। ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ ਤਹਿਤ ਬਣੇ ਰੂਲਜ਼ ਦੇ ਸੈਕਸ਼ਨ 8 (1) ਵਿੱਚ ਉਪਬੰਧ ਕੀਤਾ ਗਿਆ ਹੈ ਕਿ ਟਰੈਵਲ ਏਜੰਟ ਆਪਣਾ ਲਾਇਸੰਸ ਜਾਰੀ ਹੋਣ ਤੋਂ ਬਾਅਦ ਕਿਸੇ ਵੀ ਸਮੇਂ ਸਮਰੱਥ ਅਥਾਰਟੀ ਨੂੰ ਦੋ ਮਹੀਨਿਆਂ ਦਾ ਨੋਟਿਸ ਦੇ ਕੇ ਸਪੁਰਦ ਕਰ ਸਕਦਾ ਹੈ ਅਤੇ ਨੋਟਿਸ ਦੀ ਮਿਆਦ ਖਤਮ ਹੋਣ ਤੇ ਲਾਇਸੰਸ ਨੂੰ ਰੱਦ ਕਰ ਦਿੱਤਾ ਗਿਆ ਮੰਨਿਆ ਜਾਵੇਗਾ। ਇਸ ਲਈ ਉਕਤ ਹਾਲਾਤਾਂ ਦੇ ਮੱਦੇਨਜ਼ਰ ਪੰਜਾਬ ਟਰੈਵਲ ਪ੍ਰੋਫੈਸਨਲ ਰੈਗੂਲੇਸ਼ਨ ਦੇ ਸੈਕਸ਼ਨ 8 (1) ਦੇ ਤਹਿਤ ਤੁਰੰਤ ਪ੍ਰਭਾਵ ਤੋਂ ਰੱਦ ਕੀਤੇ ਜਾਂਦੇ ਹਨ। ਇਸ ਤੋਂ ਇਲਾਵਾ ਇਨ੍ਹਾਂ ਫਰਮ ਜਾਂ ਸਬੰਧਤ ਖਿਲਾਫ ਕੋਈ ਸ਼ਿਕਾਇਤ ਹੋਵੇਗੀ ਤਾਂ ਉਹ ਖੁਦ ਇਸ ਦਾ ਜ਼ਿੰਮੇਵਾਰ ਹੋਵੇਗਾ।

# ਬਟਾਲਾ ਪੁਲਿਸ ਅਤੇ ਗੈਂਗਸਟਰ ਕਾਕਾ ਦਰਮਿਆਨ ਹੋਇਆ ਮੁਕਾਬਲਾ ਆਹਮੋ ਸਾਹਮਣੇ ਚੱਲੀਆਂ ਗੋਲੀਆਂ

**ਗੁਰਦਾਸਪੁਰ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਬੀਤੇ ਦਿਨੀ ਬਟਾਲਾ ਦੇ ਠਠਿਆਰਾ ਮੁਹੱਲਾ ਵਿਚ ਇਕ ਬੰਦ ਕਮਰੇ ਵਿਚੋਂ ਪੁਲਿਸ ਵਲੋਂ ਪੰਜ ਗੈਂਗਸਟਰਾਂ ਨੂੰ ਅਸਲੇ ਸਮੇਤ ਕਾਬੂ ਕੀਤਾ ਸੀ ਜਿਸ ਵਿਚੋਂ ਇੱਕ ਮੋਹਿਤ ਕਾਕਾ ਕੋਲੋ ਪੁੱਛਗਿੱਛ ਦੌਰਾਨ ਪਤਾ ਚੱਲਿਆ ਕੇ ਉਹਨਾਂ ਵਲੋਂ ਬਟਾਲਾ ਨਜ਼ਦੀਕ ਧਾਲੀਵਾਲ ਥਿੰਦ ਨਹਿਰ ਦੇ ਨਜ਼ਦੀਕ ਹੈਰੋਇਨ ਦੱਬੀ ਹੋਈ ਹੈ।ਪੁਲਿਸ ਜਦੋ ਉਸਨੂੰ ਲੈਕੇ ਉਕਤ ਜਗ੍ਹਾ ਤੇ ਪਹੁੰਚੀ ਤਾਂ ਉਥੇ ਉਸਨੇ ਹੈਰੋਇਨ ਦੀ ਜਗ੍ਹਾ ਤੇ ਪਿਸਟਲ ਛੁਪਾ ਰਖਿਆ ਸੀ ਅਤੇ ਉਸੇ ਪਿਸਟਲ ਨਾਲ ਉਸਨੇ ਪੁਲਿਸ ਪਾਰਟੀ ਤੇ ਫਾਇਰਿੰਗ ਕਰ ਦਿੱਤੀ। ਪੁਲਿਸ ਵਲੋਂ ਵੀ ਜਵਾਬੀ ਕਾਰਵਾਈ ਕਰਦੇ ਹੋਏ ਕੀਤੀ ਫਾਇਰਿੰਗ ਵਿੱਚ ਮੋਹਿਤ ਕਾਕਾ ਜਿਸਦੇ ਸੱਜੀ ਲੱਤ ਤੇ ਗੋਲੀ ਲੱਗਣ ਕਾਰਨ ਉਹ ਜ਼ਖਮੀ ਹੋ ਗਿਆ ।

ਪੁਲਿਸ ਐਸ ਪੀ ਨੇ ਸਾਰੀ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਇਹ ਪੰਜੋ ਗੈਂਗਸਟਰ ਕਈ ਗੋਲੀ ਕਾਂਡ ਸਮੇਤ ਦੂਸਰਿਆਂ ਅਪਰਾਧਿਕ ਵਾਰਦਾਤਾਂ ਵਿੱਚ ਸ਼ਾਮਿਲ ਹਨ ਅਤੇ ਰਾਹੁਲ ਦਾਤਰ ਗੈਂਗ ਨਾਲ ਸੰਬੰਧਿਤ ਹਨ ਵਿਦੇਸ਼ ਚ ਬੈਠੇ ਅਮਨ ਆਂਡਾ ਨਾਮਕ ਗੈਂਗਸਟਰ ਦੇ ਗਰੁੱਪ ਨਾਲ ਵੀ ਇਹ ਕਈ ਵਾਰ ਆਹਮੋ ਸਾਹਮਣੇ ਹੋਏ ਹਨ।

# ਬਾਰਡਰ ’ਤੇ ਬਣੇਗੀ ਕੰਧ ਅਤੇ ਦੋ ਕਰੋੜ .ਗੈਰ-ਕਾਨੂੰਨੀ ਪਰਵਾਸੀਆਂ ਨੂੰ ਕੱਢਾਂਗਾ ਬਾਹਰ : ਟਰੰਪ

**ਨਿਊ ਯੌਰਕ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਦੇ ਦੂਜੇ ਕਾਰਜਕਾਲ ਦੇ 100 ਦਿਨ ਪੂਰੇ ਹੋ ਚੁੱਕੇ ਹਨ। ਇਸ ਮੌਕੇ ਉਨ੍ਹਾਂ ਇੱਕ ਵਿਸ਼ੇਸ਼ ਇੰਟਰਵਿਊ ’ਚ ਆਪਣੇ ਕਾਰਜਕਾਲ ਦੀਆਂ ਪ੍ਰਾਪਤੀਆਂ ਅਤੇ ਏਜੰਡੇ ਬਾਰੇ ਗੱਲ ਕੀਤੀ। ਟਰੰਪ ਨੇ ਅਮਰੀਕਾ ਨੂੰ ਫ਼ਿਰ ਤੋਂ ਮਹਾਨ ਬਣਾਉਣ ਲਈ ਬੁਨਿਆਦੀ ਤਬਦੀਲੀਆਂ ਦਾ ਵਾਅਦਾ ਕੀਤਾ। ਇਸ ’ਚ ਆਰਥਿਕ ਸੁਧਾਰਾਂ, ਊਰਜਾ ਨੀਤੀ ਅਤੇ ਵਿਦੇਸ਼ੀ ਮਾਮਲਿਆਂ ’ਚ ਅਮਰੀਕਾ ਫ਼ਸਟ ਨੀਤੀ ਨੂੰ ਹੋਰ ਵਿਸਥਾਰ ’ਚ ਲਾਗੂ ਕਰਨਾ ਸ਼ਾਮਿਲ ਹੈ। ਟਰੰਪ ਨੇ ਆਪਣੇ ਇੰਟਰਵਿਊ ’ਚ ਹੇਠ ਲਿਖੇ ਮੁੱਖ ਮੁੱਦਿਆਂ ’ਤੇ ਗੱਲ ਕੀਤੀ।

**ਕਾਰਜ ਕਾਲ ਦੇ ਪਹਿਲੇ 100 ਦਿਨ:** ਟਰੰਪ ਨੇ ਕਿਹਾ, “ਇਤਿਹਾਸ ’ਚ ਸਭ ਤੋਂ ਮਹਾਨ ਰਾਸ਼ਟਰਪਤੀ ਵਜੋਂ ਮੇਰੇ 100 ਦਿਨ ਅਮਰੀਕੀ ਇਤਿਹਾਸ ’ਚ ਸਭ ਤੋਂ ਮਹਾਨ ਦਿਨ ਰਹੇ ਹਨ। ਅਸੀਂ ਕਈ ਕਾਨੂੰਨ ਬਦਲੇ ਹਨ। ਟੈਰਿਫ਼ ਤੋਂ ਨੁਕਸਾਨ ਨੂੰ ਰੋਕਿਆ। ਕਰਮਚਾਰੀਆਂ ਦੀ ਛਾਂਟੀ ਕੀਤੀ। ਟੈਰਿਫ਼ ਲਗਾਏ। ਅੱਗੇ ਦੇ ਏਜੰਡੇ ਲਈ ਦਿਨ-ਰਾਤ ਮਿਹਨਤ ਜਾਰੀ ਹੈ।”

**ਟੈਰਿਫ਼ ਨੀਤੀ ’ਤੇ ਬੋਲੇ ਟਰੰਪ:** ਟੈਰਿਫ਼ ਨੀਤੀ ਬਾਰੇ ਗੱਲ ਕਰਦਿਆਂ ਟਰੰਪ ਨੇ ਕਿਹਾ, “ਇਸ ਨਾਲ ਅਮਰੀਕੀ ਮੱਧ ਵਰਗ ਨੂੰ ਰਾਹਤ ਮਿਲੇਗੀ। ਟੈਰਿਫ਼ਾਂ ਨਾਲ ਇੱਕ ਸਾਲ ’ਚ 170 ਲੱਖ ਕਰੋੜ ਰੁਪਏ ਕਮਾਈ ਹੋਵੇਗੀ। ਭਾਰਤ, ਚੀਨ, ਬ੍ਰਾਜ਼ੀਲ ਵਰਗੇ ਦੇਸ ਸਾਡੇ ’ਤੇ 100-150% ਟੈਰਿਫ਼ਸ ਲਗਾਉਂਦੇ ਹਨ। ਮੈਂ ਵੀ ਉਹੀ ਕਰ ਰਿਹਾ ਹਾਂ। ਹੋਮ ਡਿਪੂ, ਵਾਲਮਾਰਟ, ਟਾਰਗੇਟ ਵਰਗੀਆਂ ਕੰਪਨੀਆਂ ਮੇਰੇ ਨਾਲ ਹਨ।”

**ਵਿਦੇਸ਼ ਨੀਤੀ:** ਰਾਸ਼ਟਰਪਤੀ ਟਰੰਪ ਮੁਤਾਬਿਕ, “ਅਮਰੀਕਾ ਫ਼ਸਟ ਦਾ ਵਿਸਥਾਰ ਕਰਨਾ ਸਾਡੀ ਵਿਦੇਸ਼ ਨੀਤੀ ਸ਼ਾਂਤੀ ਲਈ ਤਾਕਤ ਦੇ ਸਿਧਾਂਤ ’ਤੇ ਆਧਾਰਿਤ ਹੈ। ਅਮਰੀਕਾ ਫ਼ਸਟ ਨੀਤੀ ਦਾ ਹੋਰ ਵਿਸਤਾਰ ਕੀਤਾ ਜਾਵੇਗਾ। ਅਮਰੀਕਾ ਨੂੰ ਜੰਗ ਤੋਂ ਬਾਹਰ ਰੱਖਿਆ ਜਾਵੇਗਾ। ਨੈਟੋ ਅਤੇ ਸੰਯੁਕਤ ਰਾਸਟਰ ਵਰਗੀਆਂ ਸੰਸਥਾਵਾਂ ਦੇ ਯੋਗਦਾਨ ਨੂੰ ਹੋਰ ਘਟਾਇਆ ਜਾਵੇਗਾ।

**ਚੋਣਾਂ ਅਤੇ ਭਵਿੱਖ:** ਟਰੰਪ ਨੇ ਇੰਟਰਵਿਊ ਦੌਰਾਨ ਕਿਹਾ ਕਿ ਲੋਕ ਉਸ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਅਤੇ ਖ਼ੁਸ਼ ਹਨ। ਤੀਜੀ ਵਾਰ ਚੋਣ ਲੜਨ ਅਤੇ ਰਾਸ਼ਟਰਪਤੀ ਬਣਨ ਦੇ ਸਵਾਲ ’ਤੇ ਡੋਨਲਡ ਟਰੰਪ ਨੇ ਕਿਹਾ, “ਮੈਂ ਸ਼ਾਨਦਾਰ ਕੰਮ ਕਰ ਰਿਹਾ ਹਾਂ। ਅਮਰੀਕਾ ਦੇ ਲੋਕ ਮੈਨੂੰ ਦੁਬਾਰਾ ਰਾਸ਼ਟਰਪਤੀ ਚੋਣ ਲੜਨ ਦੀ ਮੰਗ ਕਰ ਰਹੇ ਹਨ। ਹਰ ਕੋਈ ਮੈਨੂੰ ਤੀਜੀ ਵਾਰ ਅਮਰੀਕਾ ਦਾ ਰਾਸ਼ਟਰਪਤੀ ਬਣਾਉਣ ਲਈ ਬੇਤਾਬ ਹੈ। ਮੇਰੀਆਂ ਨੀਤੀਆਂ ਜਨਤਾ ਦੀ ਭਲਾਈ ਲਈ ਹਨ। ਪਹਿਲੇ ਤਿੰਨ ਮਹੀਨਿਆਂ ਦੌਰਾਨ ਹੀ ਆਮ ਲੋਕ ਮੇਰੇ ਤੋਂ ਕਾਫ਼ੀ ਪ੍ਰਭਾਵਿਤ ਹੋਏ ਹਨ। ਹੁਣ ਤਕ ਕਿਸੇ ਵੀ ਰਾਸ਼ਟਰਪਤੀ ਨੂੰ ਇੰਨਾ ਸਮਰਥਨ ਨਹੀਂ ਮਿਲਿਆ ਜਿੰਨਾ ਮੈਨੂੰ ਮਿਲ ਰਿਹਾ ਹੈ।”

**ਰਾਸ਼ਟਰਪਤੀ ਦੀ ਸ਼ਕਤੀ:** ਟਰੰਪ ਮੁਤਾਬਿਕ, “ਵਿਸਥਾਰ ਦੇ ਦੋਸ਼ ’ਤੇ ਮੈਂ ਸ਼ਕਤੀਆਂ ਦਾ ਵਿਸਤਾਰ ਨਹੀਂ ਕਰ ਰਿਹਾ, ਪਰ ਉਨ੍ਹਾਂ ਦੀ ਸਹੀ ਵਰਤੋਂ ਕਰ ਰਿਹਾ ਹਾਂ। ਮੈਂ ਚੋਣਾਂ ’ਚ ਜੋ ਵਾਅਦਾ ਕੀਤਾ ਸੀ, ਉਹ ਪੂਰਾ ਕੀਤਾ। ਕਾਨੂੰਨ ਤਹਿਤ ਦਿੱਤੀਆਂ ਸਕਤੀਆਂ ਅਨੁਸਾਰ ਸਾਰਾ ਕੰਮ ਕੀਤਾ ਜਾ ਰਿਹਾ ਹੈ। ਕਿਸੇ ਸੰਸਥਾ ਨੂੰ ਕਮਜ਼ੋਰ ਨਹੀਂ ਕਰ ਰਿਹਾ।”



**ਆਰਥਿਕਤਾ:** ਟਰੰਪ ਨੇ ਦੱਸਿਆ, “ਵਧਦੀ ਮਹਿੰਗਾਈ ਅਤੇ ਅਸਥਿਰਤਾ ਕਾਰਨ, ਕਰਿਆਨੇ ਦਾ ਸਾਮਾਨ ਸਸਤਾ ਹੋ ਗਿਆ ਹੈ, ਊਰਜਾ ਦੀਆਂ ਕੀਮਤਾਂ ਘਟ ਗਈਆਂ ਹਨ। ਸਿਰਫ਼ ਵਿਆਜ ਦਰਾਂ ਸਥਿਰ ਹਨ। ਅਸੀਂ ਜਲਦੀ ਹੀ ਦੁਨੀਆਂ ਦਾ ਸਭ ਤੋਂ ਅਮੀਰ ਦੇਸ਼ ਬਣ ਜਾਵਾਂਗੇ। ਮਹਿੰਗਾਈ ਵਧਣ ਦੇ ਦੋਸ ਗ਼ਲਤ ਹਨ। ਮੇਰੀ ਸਰਕਾਰ ਵਲੋਂ ਚੁੱਕੇ ਗਏ ਕਦਮਾਂ ਦਾ ਫ਼ਾਇਦਾ ਅੱਗੇ ਦੇਖਿਆ ਜਾਵੇਗਾ।”

ਰੂਸ-ਯੂਕ੍ਰੇਨ ਯੁੱਧ ਨੂੰ 24 ਘੰਟਿਆਂ ’ਚ ਜੰਗ ਖ਼ਤਮ ਕਰਨ ਦੇ ਵਾਅਦੇ ’ਤੇ ਟਰੰਪ ਨੇ ਦੱਸਿਆ ਕਿ ਉਸ ਨੇ ਇਹ ਗੱਲ ਵਧਾ-ਚੜ੍ਹਾ ਕੇ ਕਹੀ। ਤਿੰਨ ਸਾਲਾਂ ਤੋਂ ਜੰਗ ਚੱਲ ਰਹੀ ਹੈ। ਉਹ ਸਿਰਫ਼ ਤਿੰਨ ਮਹੀਨੇ ਪਹਿਲਾਂ ਆਏ ਹਨ। ਇਹ ਬਾਇਡਨ ਦੀ ਜੰਗ ਹੈ। ਜੇ ਮੈਂ ਉਸ ਵੇਲੇ ਸੱਤਾ ’ਚ ਹੁੰਦਾ ਤਾਂ ਜੰਗ ਨਾ ਹੁੰਦੀ। ਪੂਤਿਨ-ਜ਼ਲੈਂਸਕੀ ਨਾਲ ਗੱਲ ਜਾਰੀ ਹੈ। ਜਲਦੀ ਹੀ ਸਮਝੌਤਾ ਹੋ ਜਾਵੇਗਾ।

**ਸਰਕਾਰੀ ਖ਼ਰਚੇ:** ਟਰੰਪ ਨੇ ਅੱਗੇ ਦੱਸਿਆ, “ਡੀਪ ਸਟੇਟ ਖ਼ਤਮ ਹੋ ਜਾਵੇਗੀ। ਇਹ DOGE ਦੇ ਮਿਸ਼ਨ ਨਾਲ ਮੇਲ ਖਾਂਦਾ ਹੈ, ਜੋ ਸਰਕਾਰੀ ਖ਼ਰਚਿਆਂ-ਨੌਕਰਸ਼ਾਹੀ ਨੂੰ ਘਟਾਉਣ ’ਤੇ ਕੇਂਦ੍ਰਿਤ ਹੈ। DOGE ਨੇ ਅਰਬਾਂ ਡਾਲਰ ਦੀ ਬਰਬਾਦੀ, ਧੋਖਾਧੜੀ ਅਤੇ ਦੁਰਵਿਵਹਾਰ ਨੂੰ ਰੋਕਿਆ। ਅਸੀਂ ਚਾਹੁੰਦੇ ਹਾਂ ਕਿ ਸਰਕਾਰੀ ਪੈਸਾ ਸਹੀ ਲੋਕਾਂ ਤਕ ਜਾਵੇ।”

**ਬਾਰਡਰ-ਪਰਵਾਸੀ:** ਇਮੀਗ੍ਰੇਸ਼ਨ ਮੁੱਦੇ ਬਾਰੇ ਗੱਲ ਕਰਦਿਆਂ ਟਰੰਪ ਨੇ ਕਿਹਾ ਕਿ ਸਰਹੱਦ ’ਤੇ ਕੰਧ ਬਣਾਈ ਜਾਵੇਗੀ।” ਪਹਿਲੇ ਕਾਰਜਕਾਲ ’ਚ ਸਰਹੱਦ ’ਤੇ ਸੈਂਕੜੇ ਮੀਲ ਦੀਵਾਰ ਬਣਾਈ ਗਈ ਸੀ। ਫ਼ਿਰ ਇਹ ਬੰਦ ਹੋ ਗਿਆ। ਅਸੀਂ ਮੈਕਸੀਕੋ ਸਰਹੱਦ ’ਤੇ ਕੰਧ ਬਣਾਵਾਂਗੇ। ਸਰਹੱਦ ਨੂੰ ਸੁਰੱਖਿਅਤ ਕਰ ਕੇ ਅਸੀਂ ਨਸ਼ਿਆਂ ਦੇ ਸੰਕਟ ਤੋਂ ਬਾਹਰ ਆਵਾਂਗੇ। ਨਾਲ ਹੀ ਦੇਸ ਤੋਂ 2 ਕਰੋੜ ਗ਼ੈਰ-ਕਾਨੂੰਨੀ ਪਰਵਾਸੀਆਂ ਨੂੰ ਬਾਹਰ ਕੱਢਾਂਗੇ।”

**ਸਿੱਖਿਆ ਸੁਧਾਰ:** ਸਕੂਲਾਂ ਦੀ ਚੋਣ ਕਰਨ ਦੀ ਆਜ਼ਾਦੀ ਹੋਵੇਗੀ। ਵਾਊਚਰ ਪ੍ਰਣਾਲੀ ਜਨਤਕ ਸਿੱਖਿਆ ਦੀ ਬਜਾਏ ਪ੍ਰਾਈਵੇਟ ਸਕੂਲਾਂ ’ਚ ਲਾਗੂ ਕੀਤੀ ਜਾਵੇਗੀ। ਇਸ ਨਾਲ ਮਾਪਿਆਂ ਨੂੰ ਆਪਣੇ ਬੱਚਿਆਂ ਦਾ ਸਕੂਲ ਚੁਣਨ ਦੀ ਆਜ਼ਾਦੀ ਮਿਲੇਗੀ। ਓਬਾਮਾ ਕੇਅਰ ਵੀ ਬੰਦ ਹੋ ਜਾਵੇਗਾ। ਇਸ ਨਾਲ ਦਵਾਈਆਂ ਅਤੇ ਸਿਹਤ ਸੇਵਾਵਾਂ ਸਸਤੀਆਂ ਹੋ ਜਾਣਗੀਆਂ।

# ਕੈਨੇਡਾ ਤੋਂ ਅਮਰੀਕਾ ਸਰਹੱਦ ਪਾਰ ਕਰਵਾਉਣ ’ਚ ਮਦਦ ਕਰਨ ਵਾਲੇ ਭਾਰਤੀ ਨੂੰ ਸਜ਼ਾ

**ਨਿਊਯੌਰਕ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਕੈਨੇਡਾ ਤੋਂ ਅੱਠ ਭਾਰਤੀ ਨਾਗਰਿਕਾਂ ਨੂੰ ਅਮਰੀਕਾ ’ਚ ਤਸਕਰੀ ਕਰਨ ਦੇ ਦੋਸ਼ ’ਚ ਇੱਕ 27 ਸਾਲਾ ਭਾਰਤੀ ਵਿਅਕਤੀ ਨੂੰ ਪੰਜ ਮਹੀਨੇ ਦੀ ਕੈਦ ਦੀ ਸਜ਼ਾ ਸੁਣਾਈ ਗਈ ਹੈ। ਕੈਲੇਫ਼ੋਰਨੀਆ ਦੇ ਰਹਿਣ ਵਾਲੇ ਰਜਤ ਨਾਮਕ ਇੱਕ ਭਾਰਤੀ ਵਿਅਕਤੀ ਸਮੇਤ ਤਿੰਨ ਲੋਕਾਂ ’ਤੇ ਮਨੁੱਖੀ ਤਸਕਰੀ ਦਾ ਦੋਸ਼ ਲਗਾਇਆ ਗਿਆ ਸੀ। ਰਜਤ ਨਾਲ ਸਰਹੱਦ ਪਾਰ ਕਰਨ ’ਚ ਸ਼ਾਮਿਲ ਦੋ ਹੋਰਾਂ ’ਚੋਂ ਇੱਕ ਨੂੰ ਚਾਰ ਮਹੀਨੇ ਦੀ ਕੈਦ ਅਤੇ ਦੂਜੇ ਨੂੰ ਛੇ ਮਹੀਨੇ ਦੀ ਸਜ਼ਾ ਸੁਣਾਈ ਗਈ ਹੈ।

ਸਿਐਟਲ ’ਚ ਅਮਰੀਕੀ ਜ਼ਿਲ੍ਹਾ ਅਟਰਨੀ ਦੇ ਦਫ਼ਤਰ ਨੇ 27 ਸਾਲਾ ਭਾਰਤੀ ਵਿਅਕਤੀ ਨੂੰ ਅੱਠ ਭਾਰਤੀ ਨਾਗਰਿਕਾਂ ਨੂੰ ਕੈਨੇਡਾ ਤੋਂ ਅਮਰੀਕਾ ’ਚ ਤਸਕਰੀ ਕਰਨ ’ਚ ਮਦਦ ਕਰਨ ਦੇ ਦੋਸ਼ ’ਚ ਪੰਜ ਮਹੀਨੇ ਦੀ ਕੈਦ ਦੀ ਸਜ਼ਾ ਸੁਣਾਈ ਹੈ। ਰਜਤ ਨੂੰ ਉਸ ਦੀ ਜੇਲ੍ਹ ਦੀ ਸਜ਼ਾ ਤੋਂ ਬਾਅਦ ਤਿੰਨ ਸਾਲਾਂ ਲਈ ਨਿਗਰਾਨੀ ਹੇਠ ਰਿਹਾਈ ’ਤੇ ਰਹਿਣ ਦਾ ਹੁਕਮ ਵੀ ਦਿੱਤਾ ਗਿਆ ਹੈ, ਅਤੇ ਇੰਨਾ ਹੀ ਨਹੀਂ ਜ਼ਿਲ੍ਹਾ ਜੱਜ ਨੇ ਇਹ ਵੀ ਕਿਹਾ ਹੈ ਕਿ ਉਸ ਨੂੰ ਉਸ ਦੀ ਸਜ਼ਾ ਪੂਰੀ ਕਰਨ ਤੋਂ ਬਾਅਦ ਦੇਸ਼ ਨਿਕਾਲਾ ਦਿੱਤਾ ਜਾ ਸਕਦਾ ਹੈ।

ਰਜਤ ਨਾਲ ਸਰਹੱਦ ਪਾਰ ਕਰਨ ’ਚ ਸ਼ਾਮਿਲ ਦੋ ਹੋਰਾਂ ’ਚੋਂ ਇੱਕ ਨੂੰ ਚਾਰ ਮਹੀਨਿਆਂ ਦੀ ਕੈਦ ਅਤੇ ਦੂਜੇ ਨੂੰ ਛੇ ਮਹੀਨੇ ਦੀ ਸਜ਼ਾ ਸੁਣਾਈ ਗਈ। ਇਸ ਮਾਮਲੇ ’ਚ ਇੱਕ ਨੌਜਵਾਨ ਔਰਤ ਵੀ ਸ਼ਾਮਿਲ ਹੈ ਜੋ ਵਿਦਿਆਰਥੀ ਵੀਜ਼ੇ ’ਤੇ ਅਮਰੀਕਾ ਆਈ ਸੀ ਜਿਸ ਵਿਰੁੱਧ ਮੁਕੱਦਮਾ ਜਨਵਰੀ ’ਚ ਸ਼ੁਰੂ ਹੋਵੇਗਾ।

# 8 ਮਈ ਨੂੰ ਜਲਾਲਪੁਰ ਤੋਂ ਹੋਵੇਗੀ ਨਸ਼ਾ ਮੁਕਤੀ ਯਾਤਰਾ ਦੀ ਸ਼ੁਰੂਆਤ,

**ਹੁਸ਼ਿਆਰਪੁਰ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

’ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਤਹਿਤ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਇਕ ਇਤਿਹਾਸਕ ਪਹਿਲ ਕੀਤੀ ਜਾ ਰਹੀ ਹੈ। ਇਸੇ ਕੜੀ ਵਿਚ 8 ਮਈ ਨੂੰ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਅਤੇ ਨੈਸ਼ਨਲ ਕਨਵੀਨਰ ਆਮ ਆਦਮੀ ਪਾਰਟੀ ਅਰਵਿੰਦ ਕੇਜਰੀਵਾਲ ਟਾਂਡਾ ਦੇ ਪਿੰਡ ਜਲਾਲਪੁਰ ਤੋਂ ਨਸ਼ਾ ਮੁਕਤੀ ਯਾਤਰਾ ਦੀ ਸ਼ੁਰੂਆਤ ਕਰਨਗੇ। ਇਸ ਸਬੰਧ ਵਿਚ ਤਿਆਰੀਆਂ ਨੂੰ ਅੰਤਿਮ ਰੂਪ ਦੇਣ ਲਈ ਅੱਜ ਜਲਾਲਪੁਰ ਸਥਿਤ ਸਚਿਨ ਪੈਲੇਸ ਵਿਚ ਇਕ ਅਹਿਮ ਮੀਟਿੰਗ ਕੀਤੀ ਗਈ ਜਿਸ ਦੀ ਪ੍ਰਧਾਨਗੀ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਅਤੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕੀਤੀ।

ਮੀਟਿੰਗ ਵਿਚ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਸਮਾਗਮ ਨਾਲ ਸਬੰਧਤ ਤਿਆਰੀਆਂ ਨੂੰ ਨਿਸ਼ਚਿਤ ਸਮੇਂ ਵਿਚ ਪੂਰਾ ਕਰਨ ਦੇ ਨਿਰਦੇਸ਼ ਦਿੱਤੇ ਗਏ। ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਨੇ ਦੱਸਿਆ ਕਿ ਇਹ ਯਾਤਰਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਉਸ ਵਚਨਬੱਧਤਾ ਦਾ ਹਿੱਸਾ ਹੈ ਜਿਸ ਤਹਿਤ ਸੂਬੇ ਨੂੰ ਨਸ਼ੇ ਦੀ ਚਪੇਟ ਤੋਂ ਬਾਹਰ ਕੱਢਣ ਦਾ ਸੰਕਲਪ ਲਿਆ ਗਿਆ ਹੈ। ਉਨ੍ਹਾਂ ਆਮ ਜਨਤਾ ਨੂੰ ਅਪੀਲ ਕੀਤੀ ਕਿ ਉਹ ਇਸ ਲੋਕ ਅੰਦੋਲਨ ਵਿਚ ਵੱਧ ਚੜ੍ਹ ਕੇ ਹਿੱਸਾ ਲੈਣ ਅਤੇ ਵੱਧ ਤੋਂ ਵੱਧ ਗਿਣਤੀ ਵਿਚ 8 ਮਈ ਨੂੰ ਜਲਾਲਪੁਰ ਪਹੁੰਚਣ। ਡਿਪਟੀ ਕਮਿਸ਼ਨਰ ਨੇ ਜਾਣਕਾਰੀ ਦਿੱਤੀ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ 8 ਮਈ ਨੂੰ ਸਵੇਰੇ 11 ਵਜੇ ਜਲਾਲਪੁਰ ਸਥਿਤ ਸਚਿਨ ਪੈਲੇਸ ਵਿਚ ਲੋਕਾਂ ਨੂੰ ਸੰਬੋਧਨ ਕਰਨਗੇ। ਉਨ੍ਹਾਂ ਦੱਸਿਆ ਕਿ ਇਸ ਇਤਿਹਾਸਕ ਸਮਾਗਮ ਨੂੰ ਸਫ਼ਲ ਬਣਾਉਣ ਲਈ ਪ੍ਰਸਾਸਨ ਵਲੋਂ ਵਿਅਪਕ ਪ੍ਰਬੰਧ ਕੀਤੇ ਜਾ ਰਹੇ ਹਨ ਅਤੇ ਸੁਰੱਖਿਆ, ਟਰੈਫਿਕ ਅਤੇ ਹੋਰ ਵਿਵਸਥਾ ਨੂੰ ਲੈ ਕੇ ਸਾਰੇ ਵਿਭਾਗਾਂ ਨੂੰ ਦਿਸ਼ਾ-ਨਿਰਦੇਸ਼ ਜਾਰੀ ਕਰ ਦਿੱਤੇ ਗਏ ਹਨ। ਇਸ ਮੌਕੇ ਹੋਰ ਪ੍ਰਸ਼ਾਸਨਿਕ ਅਤੇ ਪੁਲਿਸ ਅਧਿਕਾਰੀ ਵੀ ਮੌਜੂਦ ਸਨ।

# ਯੁੱਧ ਨਸ਼ਿਆਂ ਵਿਰੁੱਧ ; ਜਲੰਧਰ ਕਮਿਸ਼ਨਰੇਟ ਪੁਲਿਸ ਵਲੋਂ ਕਾਸੋ ਆਪ੍ਰੇਸ਼ਨ ਤਹਿਤ 4 ਗ੍ਰਿਫ਼ਤਾਰੀਆਂ



**ਜਲੰਧਰ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵਲੋਂ ਸ਼ੁਰੂ ’ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਤਹਿਤ ਕਮਿਸ਼ਨਰੇਟ ਪੁਲਿਸ ਜਲੰਧਰ ਨੇ ਸ਼ਹਿਰ ਦੇ ਪ੍ਰਮੁੱਖ ਖੇਤਰਾਂ ਵਿੱਚ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਨੈੱਟਵਰਕਾਂ ਨੂੰ ਨਿਸ਼ਾਨਾ ਬਣਾਉਂਦੇ ਹੋਏ ਇੱਕ ਵਿਸ਼ੇਸ਼ ਕਾਸੋ ਆਪ੍ਰੇਸ਼ਨ ਚਲਾਇਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਦੱਸਿਆ ਕਿ ਸਬੰਧਤ ਏ.ਸੀ.ਪੀਜ਼ ਦੀ ਨਿਗਰਾਨੀ ਹੇਠ ਸਬੰਧਿਤ ਥਾਣਿਆਂ ਦੀਆਂ ਟੀਮਾਂ ਵਲੋਂ ਇਹ ਆਪ੍ਰੇਸ਼ਨ ਚਲਾਇਆ ਗਿਆ। ਉਨ੍ਹਾਂ ਕਿਹਾ ਕਿ ਇਸ ਆਪ੍ਰੇਸ਼ਨ ਵਿੱਚ ਜਲੰਧਰ ਵਿੱਚ ਡਰੱਗ ਹੌਟਸਪਾਟਾਂ ’ਤੇ ਛਾਪੇਮਾਰੀ ਕੀਤੀ ਗਈ। ਉਨ੍ਹਾਂ ਦੱਸਿਆ ਕਿ ਸ਼ੱਕੀ ਵਿਅਕਤੀਆਂ ਦੇ ਘਰਾਂ ਅਤੇ ਨੇੜਲੇ ਅਹਾਤਿਆਂ ’ਤੇ ਡੂੰਘਾਈ ਨਾਲ ਤਲਾਸ਼ੀ ਲਈ ਗਈ।

ਉਨ੍ਹਾਂ ਦੱਸਿਆ ਕਿ ਇਸ ਕਾਰਵਾਈ ਦੇ ਨਤੀਜੇ ਵਜੋਂ ਪੁਲਿਸ ਸਟੇਸ਼ਨ ਡਿਵੀਜ਼ਨ ਨੰਬਰ 7,8 ਅਤੇ ਰਾਮਾ ਮੰਡੀ ਵਿਖੇ 3 ਐਫ.ਆਈ.ਆਰ ਦਰਜ ਕੀਤੀਆਂ ਗਈਆਂ ਅਤੇ ਚਾਰ ਨੂੰ ਗ੍ਰਿਫ਼ਤਾਰ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਜ਼ਬਤ ਕੀਤੇ ਗਏ ਨਸ਼ੀਲੇ ਪਦਾਰਥਾਂ ਵਿੱਚ 155 ਨਸ਼ੀਲੀਆਂ ਗੋਲੀਆਂ ਅਤੇ 5.30 ਗ੍ਰਾਮ ਹੈਰੋਇਨ ਸ਼ਾਮਲ ਹੈ। ਇਸ ਤੋਂ ਇਲਾਵਾ, ਇੱਕ ਨਸ਼ੇ ਦੇ ਆਦੀ ਵਿਅਕਤੀ ਨੂੰ ਨਸ਼ਾ ਛੁਡਾਊ ਕੇਂਦਰ ਭੇਜਿਆ ਗਿਆ।

ਉਨ੍ਹਾਂ ਦੱਸਿਆ ਕਿ ਸਾਡਾ ਟੀਚਾ ਜਲੰਧਰ ਨੂੰ ਨਸ਼ਾ ਮੁਕਤ ਕਰਨਾ ਹੈ ਅਤੇ ਇਸ ਤਰ੍ਹਾਂ ਦੀਆਂ ਕਾਰਵਾਈਆਂ ਨਸ਼ਿਆਂ ਦੇ ਨੈੱਟਵਰਕ ਨੂੰ ਕਮਜ਼ੋਰ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਸ਼ੁਰੂ ’ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਤਹਿਤ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨ ਲਈ ਅਜਿਹੀ ਛਾਪੇਮਾਰੀ ਜਾਰੀ ਰਹੇਗੀ ਅਤੇ ਕਿਸੇ ਵੀ ਨਸ਼ਾ ਤਸਕਰ ਨੂੰ ਬਖਸ਼ਿਆ ਨਹੀਂ ਜਾਵੇਗੀ।

# ਭਾਰਤ ਤੇ ਪਾਕਿਸਤਾਨ ਸੰਜਮ ਨਾਲ ਕੰਮ ਲੈਣ, ਫੌਜੀ ਟਕਰਾਅ ਮਸਲੇ ਦਾ ਹੱਲ ਨਹੀਂ: ਗੁਟੇਰੇਜ਼

**ਸੰਯੁਕਤ ਰਾਸ਼ਟਰ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸੰਯੁਕਤ ਰਾਸ਼ਟਰ ਦੇ ਸਕੱਤਰ-ਜਨਰਲ ਐਂਟੋਨੀਓ ਗੁਟੇਰੇਜ਼ ਨੇ ਪਹਿਲਗਾਮ ਦਹਿਸ਼ਤੀ ਹਮਲੇ ਦੇ ਹਵਾਲੇ ਨਾਲ ਭਾਰਤ ਤੇ ਪਾਕਿਸਤਾਨ ਵਿਚ ਵਧਦੇ ਫੌਜੀ ਟਕਰਾਅ ’ਤੇ ਫ਼ਿਕਰ ਜਤਾਇਆ ਹੈ। ਯੂਐੱਨ ਮੁਖੀ ਨੇ ਦੋਵਾਂ ਗੁਆਂਢੀ ਮੁਲਕਾਂ ਨੂੰ ‘ਸੰਜਮ ਨਾਲ ਕੰਮ ਲੈਣ ਤੇ ਤਣਾਅ ਘਟਾਉਣ’ ਦਾ ਸੱਦਾ ਦਿੱਤਾ ਹੈ। ਉਨ੍ਹਾਂ ਕਿਹਾ, “ਇਸ ਨਾਜ਼ੁਕ ਮੌਕੇ ’ਤੇ ਫੌਜੀ ਟਕਰਾਅ ਤੋਂ ਬਚਣ ਦੀ ਲੋੜ ਹੈ, ਜੋ ਆਸਾਨੀ ਨਾਲ ਕਾਬੂ ਤੋਂ ਬਾਹਰ ਹੋ ਸਕਦਾ ਹੈ।” ਗੁਟੇਰੇਜ਼ ਨੇ ਇਕ ਸੰਖੇਪ ਬਿਆਨ ਵਿਚ ਦੋਵਾਂ ਮੁਲਕਾਂ ਨੂੰ ਸਲਾਹ ਦਿੱਤੀ ਕਿ ‘ਉਹ ਕੋਈ ਗਲਤੀ ਨਾ ਕਰਨ, ਕਿਉਂਕਿ ਦੋਵਾਂ ਮੁਲਕਾਂ ਦੀਆਂ ਫੌਜਾਂ ਦਾ ਆਹਮੋ ਸਾਹਮਣੇ ਹੋਣਾ ਇਸ ਮਸਲੇ ਦਾ ਕੋਈ ਹੱਲ ਨਹੀਂ ਹੈ।” ਗੁਟੇਰੇਜ਼ ਨੇ ਦੋਵਾਂ ਮੁਲਕਾਂ ਨੂੰ ਪੇਸ਼ਕਸ਼ ਕੀਤੀ ਕਿ ਉਨ੍ਹਾਂ ਦਾ ਦਫ਼ਤਰ ਸ਼ਾਂਤੀ ਦੀ ਬਹਾਲੀ ਵਿਚ ਮਦਦ ਕਰ ਸਕਦਾ ਹੈ।

ਗੁਟੇਰੇਜ਼ ਨੇ ਕਿਹਾ, “ਸੰਯੁਕਤ ਰਾਸ਼ਟਰ ਅਜਿਹੀ ਕਿਸੇ ਵੀ ਪਹਿਲਕਦਮੀ ਦੀ ਹਮਾਇਤ ਲਈ ਤਿਆਰ ਹੈ ਜੋ ਤਣਾਅ ਘਟਾਉਣ, ਕੂਟਨੀਤੀ ਅਤੇ ਸ਼ਾਂਤੀ ਪ੍ਰਤੀ ਨਵੀਂ ਵਚਨਬੱਧਤਾ ਨੂੰ ਉਤਸ਼ਾਹਿਤ ਕਰਦੀ ਹੈ।” ਗੁਟੇਰੇਜ਼ ਦੀ ਇਹ ਟਿੱਪਣੀ ਦੋਵਾਂ ਮੁਲਕਾਂ ਵਿਚ ਬਣੇ ਤਣਾਅ ਨੂੰ ਲੈ ਕੇ ਸੰਯੁਕਤ ਰਾਸ਼ਟਰ ਸਲਾਮਤੀ ਕੌਂਸਲ ਦੀ ਹੋਣ ਵਾਲੀ ਬੰਦ ਕਮਰਾ ਮੀਟਿੰਗ ਤੋਂ ਕੁਝ ਘੰਟੇ ਪਹਿਲਾਂ ਆਈ ਹੈ। ਪਾਕਿਸਤਾਨ, ਜੋ ਯੂਐੱਨਐੱਸਸੀ ਦਾ ਅਸਥਾਈ ਮੈਂਬਰ ਹੈ, ਨੇ ਹੰਗਾਮੀ ਬੈਠਕ ਬੁਲਾਉਣ ਦੀ ਮੰਗ ਕੀਤੀ ਸੀ।



ਗੁਟੇਰੇਜ਼ ਨੇ ਕਿਹਾ, “ਭਾਰਤ ਅਤੇ ਪਾਕਿਸਤਾਨ ਵਿਚਕਾਰ ਤਣਾਅ ਕਈ ਸਾਲਾਂ ਵਿੱਚ ਆਪਣੇ ਸਭ ਤੋਂ ਸਿਖਰਲੇ ਪੱਧਰ ’ਤੇ ਹੈ। ਮੈਂ ਸੰਯੁਕਤ ਰਾਸ਼ਟਰ ਦੇ ਸ਼ਾਂਤੀ ਰੱਖਿਅਕ ਮਿਸ਼ਨਾਂ ਵਿਚ ਪਾਏ ਯੋਗਦਾਨ ਲਈ ਦੋਵਾਂ ਦੇਸ਼ਾਂ ਦੀਆਂ ਸਰਕਾਰਾਂ ਅਤੇ ਲੋਕਾਂ ਦਾ ਬਹੁਤ ਸ਼ੁਕਰਗੁਜ਼ਾਰ ਹਾਂ। ਇਸ ਲਈ ਮੈਨੂੰ ਇਹ ਦੇਖ ਕੇ ਦੁੱਖ ਹੁੰਦਾ ਹੈ ਕਿ ਦੋਵਾਂ ਮੁਲਕਾਂ ਦਾ ਰਿਸ਼ਤਾ ਤਲਖੀ ਦੇ ਸਿਖਰ ’ਤੇ ਪਹੁੰਚ ਗਿਆ ਹੈ।” ਗੁਟੇਰੇਜ਼ ਨੇ ਕਿਹਾ ਕਿ ਉਹ 22 ਅਪਰੈਲ ਨੂੰ ਪਹਿਲਗਾਮ ਵਿੱਚ ਹੋਏ ‘ਭਿਆਨਕ ਦਹਿਸ਼ਤੀ ਹਮਲੇ’ ਕਰਕੇ ਉੱਠੀਆਂ ‘ਭਾਵਨਾਵਾਂ ਨੂੰ ਸਮਝਦੇ ਹਨ ਅਤੇ ਹਮਲੇ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਨੂੰ ਦੁਹਰਾਉਂਦੇ ਹਨ। ਇਸ ਹਮਲੇ ਲਈ ਜ਼ਿੰਮੇਵਾਰ ਲੋਕਾਂ ਨੂੰ ਭਰੋਸੇਯੋਗ ਅਤੇ ਜਾਇਜ਼ ਤਰੀਕਿਆਂ ਨਾਲ ਨਿਆਂ ਦੇ ਕਟਹਿਰੇ ਵਿੱਚ ਲਿਆਂਦਾ ਜਾਣਾ ਚਾਹੀਦਾ ਹੈ।” ਯੂਐੱਨ ਮੁਖੀ ਨੇ ਕਿਹਾ, “ਇਸ ਨਾਜ਼ੁਕ ਮੌਕੇ ’ਤੇ ਫੌਜੀ ਟਕਰਾਅ ਤੋਂ ਬਚਣ ਦੀ ਲੋੜ ਹੈ, ਜੋ ਆਸਾਨੀ ਨਾਲ ਕਾਬੂ ਤੋਂ ਬਾਹਰ ਹੋ ਸਕਦਾ ਹੈ।”

# ਮੰਡੀਆਂ ਵਿੱਚ ਕਣਕ 569541 ਮੀਟਰਿਕ ਟਨ ਦੀ ਖ਼ਰੀਦ ਹੋਈ : ਡਿਪਟੀ ਕਮਿਸ਼ਨਰ

**ਗੁਰਦਾਸਪੁਰ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਗੁਰਦਾਸਪੁਰ ਦੀਆਂ ਮੰਡੀਆਂ ਵਿੱਚ ਕਣਕ ਦੀ ਖ਼ਰੀਦ ਨਿਰਵਿਘਨ ਜਾਰੀ ਹੈ ਅਤੇ ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 569541 ਮੀਟਰਿਕ ਟਨ ਕਣਕ ਦੀ ਖ਼ਰੀਦ ਕੀਤੀ ਜਾ ਚੁੱਕੀ ਹੈ। ਇਸ ਦੇ ਨਾਲ ਹੀ ਬੀਤੀ ਸ਼ਾਮ ਤੱਕ ਕਿਸਾਨਾਂ ਨੂੰ ਖ਼ਰੀਦੀ ਗਈ ਫ਼ਸਲ ਦਾ 1307.39 ਕਰੋੜ ਰੁਪਏ ਭੁਗਤਾਨ ਕੀਤਾ ਜਾ ਚੁੱਕਾ ਹੈ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 582259 ਮੀਟਰਿਕ ਟਨ ਕਣਕ ਦੀ ਆਮਦ ਹੋਈ ਸੀ, ਜਿਸ ਵਿੱਚੋਂ 539941 ਮੀਟਰਿਕ ਟਨ ਕਣਕ ਖ਼ਰੀਦੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਖ਼ਰੀਦੀ ਗਈ ਕਣਕ ਵਿੱਚ ਖ਼ਰੀਦ ਏਜੰਸੀ ਪਨਗਰੇਨ ਨੇ 148121 ਮੀਟਰਿਕ ਟਨ, ਮਾਰਕਫੈੱਡ ਨੇ 150560 ਮੀਟਰਿਕ ਟਨ, ਪਨਸਪ ਨੇ 132496 ਮੀਟਰਿਕ ਟਨ, ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਨੇ 85925 ਮੀਟਰਿਕ ਟਨ ਅਤੇ ਐੱਫ਼.ਸੀ.ਆਈ. ਨੇ 22839 ਮੀਟਰਿਕ ਟਨ ਕਣਕ ਖ਼ਰੀਦੀ ਹੈ। ਇਸ ਤੋਂ ਇਲਾਵਾ 29600 ਮੀਟਰਿਕ ਟਨ ਵਪਾਰੀਆਂ ਵੱਲੋਂ ਖ਼ਰੀਦੀ ਗਈ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕਿਸਾਨਾਂ ਨੂੰ ਖ਼ਰੀਦੀ ਗਈ ਕਣਕ ਦੀ ਅਦਾਇਗੀ ਵੀ ਨਾਲ ਦੀ ਨਾਲ ਕੀਤੀ ਜਾ ਰਹੀ ਹੈ ਅਤੇ ਬੀਤੀ ਸ਼ਾਮ ਤੱਕ 1307.39 ਕਰੋੜ ਰੁਪਏ ਦੀ ਰਾਸ਼ੀ ਦਾ ਭੁਗਤਾਨ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਕੀਤਾ ਜਾ ਚੁੱਕਾ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਮੰਡੀਆਂ ਵਿੱਚ ਕਣਕ ਦੀ ਖ਼ਰੀਦ ਤੋਂ ਬਾਅਦ ਕਣਕ ਦੀ ਲਿਫ਼ਟਿੰਗ ਵੀ ਤੇਜ਼ ਕਰ ਦਿੱਤੀ ਗਈ ਹੈ।

# ਦੁਨੀਆਂ ਦਾ ਅਨੋਖਾ ਯੂਰਪੀਅਨ ਦੇਸ਼ 'ਆਸਟਰੀਆ'

– ਹਰਦੀਪ ਸਿੰਘ ਮਾਨ



ਆਓ ਇਕ ਅਜਿਹੇ ਦੇਸ਼ ਦੀ ਕਲਪਨਾ ਕਰੀਏ ਜਿਸ ਵਿਚ ਧਰਮ-ਨਿਰਪੱਖਤਾ, ਇਨਸਾਨੀ-ਬਰਾਬਰੀ, ਕਾਨੂੰਨ ਦੀ ਪਾਲਣਾਂ, ਮਨੁੱਖੀ ਅਜ਼ਾਦੀ ਅਤੇ ਹਰ ਅਦਾਰੇ ਤੇ ਨਿਯੰਤਰਣ ਹੋਵੇ, ਜਿੱਥੇ ਸਰਕਾਰੀ ਜਾਂ ਗ਼ੈਰ-ਸਰਕਾਰੀ ਅਦਾਰੇ ਰੰਗ, ਨਸਲ, ਮਜ਼੍ਹਬ ਅਤੇ ਵੱਖਰੀ ਦਿੱਖ ਦੇ ਆਧਾਰ ਤੋਂ ਬਿਨਾਂ ਕੰਮ ਕਰਨ। ਜੇ ਦੂਜੇ ਸ਼ਬਦਾਂ ਵਿਚ ਕਹੀਏ, ਇਕ ਆਮ ਨਾਗਰਿਕ ਆਪਣੇ ਦੇਸ਼ ਜਾਂ ਸ਼ਹਿਰ ਤੋਂ ਸ਼ੁੱਧ ਹਵਾ-ਪਾਣੀ, ਸੁਰੱਖਿਅਤ-ਜੀਵਨ, ਰੋਜ਼ਗਾਰ, ਸਰਕਾਰੀ ਸਹੂਲਤਾਂ, ਬੁਨਿਆਦੀ ਹੱਕ, ਸ਼ਾਂਤੀ ਅਤੇ ਇਨਸਾਫ਼ ਦੀ ਉਮੀਦ ਰੱਖਦਾ ਹੈ। ਹੁਣ ਦੇਖਦੇ ਹਾਂ, ਕੀ ਇਹ ਸਾਰੀਆਂ ਖ਼ੂਬੀਆਂ ਆਸਟਰੀਆ ਦੇਸ਼ ਵਿਚ ਹਨ?

ਆਸਟਰੀਆ:

ਆਸਟਰੀਆ, ਸੰਸਾਰ ਦੇ ਨਕਸ਼ੇ ਉੱਪਰ ਇਕ ਛੋਟਾ ਜਿਹਾ ਦਿਸਣ ਵਾਲਾ ਦੇਸ਼ ਅੱਜ ਤੋਂ 92 ਸਾਲ ਪਹਿਲਾਂ ਬਹੁਤ ਵੱਡਾ ਹੁੰਦਾ ਸੀ। ਪੂਰੇ ਦੇ ਪੂਰੇ ਦੇਸ਼ ਚੈਕੋ, ਸਲਾਵਾਕੀਆ, ਹੰਗਰੀ, ਸਲਵੇਨੀਆ, ਲਿਖਤਨਸਟਾਈਨ ਅਤੇ ਕੁਝ ਇਲਾਕੇ ਰੁਮਾਨੀਆ, ਇਟਲੀ, ਪੋਲੈਂਡ ਅਤੇ ਯੂਕਰੇਨ ਦੇ ਆਸਟਰੀਆ ਵਿਚ ਸ਼ਾਮਲ ਸਨ। ਆਸਟਰੀਆ ਵਾਰੇ ਬਹੁਤੇ ਲੋਕਾਂ ਨੂੰ ਜਾਣਕਾਰੀ ਨਾ ਹੋਣ ਕਰਕੇ ਉਹ ਇਸ ਨੂੰ ਆਸਟਰੇਲੀਆ ਨਾਂਵ ਤੇ ਬਦਲ ਦਿੰਦੇ ਹਨ। ਆਸਟਰੀਆ ਦਾ ਖ਼ੇਤਰਫਲ 83,858 ਵਰਗ ਕਿਲੋਮੀਟਰ ਹੈ, ਭਾਵ ਭਾਰਤ ਦਾ ਇਕ ਰਾਜ 'ਅਰੁਣਾਚਲ ਪ੍ਰਦੇਸ਼' ਪੂਰੇ ਆਸਟਰੀਆ ਦੇ ਬਰਾਬਰ ਹੈ। ਆਸਟਰੀਆ ਦੇ 9 ਰਾਜ ਹਨ। 'ਵਿਆਨਾ' ਆਸਟਰੀਆ ਦੀ ਰਾਜਧਾਨੀ ਹੈ। ਆਸਟਰੀਆ ਦੇ ਅੱਠ ਗੁਆਢੀ ਦੇਸ਼ਾਂ ਦੇ ਨਾਮ ਜਰਮਨੀ, ਸਵਿਟਜ਼ਰਲੈਂਡ, ਲਿਖਤਨਸਟਾਈਨ, ਇਟਲੀ, ਸਲਵੇਨੀਆ, ਹੰਗਰੀ, ਸਲਾਵਾਕੀਆ ਅਤੇ ਚੈਕੋ ਹਨ। ਇਸ ਦੇਸ਼ ਦਾ ਕਾਨੂੰਨੀ ਕੋਈ ਧਰਮ ਨਹੀਂ। ਵੈਸੇ, ਆਸਟਰੀਆ ਵਿਚ 78% ਕੈਥੋਲਿਕ, 5% ਪ੍ਰੋਟੈਸਟੈਂਟ, 2% ਮੁਸਲਮ ਧਰਮ ਦੇ ਲੋਕ ਰਹਿੰਦੇ ਹਨ। ਇੱਥੋਂ ਦੀ ਬੋਲੀ ਨੂੰ ਅੰਗ੍ਰੇਜ਼ੀ ਵਿਚ 'ਜਰਮਨ' ਅਤੇ ਜਰਮਨ ਵਿਚ 'ਡੁਚ' ਕਹਿੰਦੇ ਹਨ, ਭਾਵ ਇਸ ਦੇਸ਼ ਨੂੰ ਅੰਗ੍ਰੇਜ਼ੀ ਵਿਚ 'ਆਸਟਰੀਆ' ਅਤੇ ਜਰਮਨ ਜਾਂ ਡੁਚ ਵਿਚ 'ਉਸਟਰਾਹੀਖ਼' ਕਹਿੰਦੇ ਹਨ, ਇਸੇ ਤਰ੍ਹਾਂ ਹੀ ਰਾਜਧਾਨੀ ਨੂੰ ਅੰਗ੍ਰੇਜ਼ੀ ਵਿਚ 'ਵਿਆਨਾ' ਅਤੇ ਜਰਮਨ ਜਾਂ ਡੁਚ ਵਿਚ 'ਵੀਨ' ਕਹਿੰਦੇ ਹਨ।

ਸਰਵੇਖਣਾਂ ਅਨੁਸਾਰ ਆਸਟਰੀਆ ਵਿਚ ਜ਼ਿਆਦਾਤਰ ਮਰਦ 75 ਸਾਲ ਅਤੇ ਔਰਤਾਂ 81 ਸਾਲ ਤੱਕ ਉਮਰ ਭੋਗਦੀਆਂ ਹਨ। ਆਸਟਰੀਆ ਵਿਚ ਸਿਰਫ਼ ਚਾਰ ਰਾਜਨੀਤਿਕ ਪਾਰਟੀਆਂ ਤਾਕਤ ਵਿਚ ਹਨ। ਆਸਟਰੀਅਨ ਨਾਗਰਿਕ ਨੂੰ ਆਮ ਤੌਰ ਤੇ 20% ਟੈਕਸ ਦੇਣਾਂ ਪੈਂਦਾ ਹੈ। ਆਸਟਰੀਆ ਦੀ ਤਰੱਕੀ




ਦਾ ਰਾਜ ਇੱਥੇ ਵੱਡੀ ਗਿਣਤੀ ਵਿਚ ਸੈਲਾਨੀਆਂ ਦਾ ਆਉਣਾਂ ਹੈ। ਸਾਲ ਦੇ 1.5 ਮਿਲੀਅਨ ਸੈਲਾਨੀ ਇੱਕਲੇ ਵਿਆਨਾ ਨੂੰ ਦੇਖਣ ਆਉਂਦੇ ਹਨ ਅਤੇ ਇਹ ਗਿਣਤੀ ਹਰ ਸਾਲ ਵੱਧ ਵੀ ਜਾਂਦੀ ਹੈ। ਆਸਟਰੀਆ ਵੀ ਦੇਸ਼ ਬਾਰੇ ਮਸ਼ਹੂਰੀ ਅਤੇ ਸੈਲਾਨੀਆਂ ਦੀ ਮੰਗਾਂ ਨੂੰ ਪੂਰੀਆਂ ਕਰਨ ਵਿਚ ਕੋਈ ਕਸਰ ਨਹੀਂ ਛੱਡਦਾ। ਇਸ ਦੇਸ਼ ਨੇ ਹਰ ਤਰ੍ਹਾਂ ਦੇ ਮਹਾਨ ਵਿਅਕਤੀ ਪੈਦਾ ਕੀਤੇ ਜਿਵੇਂ ਅਭਿਨੇਤਾ, ਖਿਡਾਰੀ, ਲੇਖਕ, ਸੰਗੀਤਕਾਰ ਵਗੈਰਾ ਵਗੈਰਾ, ਜਿਨ੍ਹਾਂ ਨੇ ਸੰਸਾਰ ਭਰ ਵਿਚ ਆਸਟਰੀਆ ਦਾ ਨਾਮ ਉੱਚਾ ਕੀਤਾ ਅਤੇ ਕਰ ਰਹੇ ਹਨ। ਮਸ਼ਹੂਰ ਅਭਿਨੇਤਾ 'ਆਰਨੋਲਡ ਸਵਾਰਚੇਨੀਗਰ', ਜਿਸ ਨੇ 'ਕਮਾਡੋ' ਅਤੇ 'ਦਾ ਟਰਮੀਨੇਟਰ' ਵਰਗੀਆਂ ਅੰਗ੍ਰੇਜ਼ੀ ਫਿਲਮਾਂ ਵਿਚ ਕੰਮ ਕੀਤਾ ਅਤੇ ਹੁਣ ਵੀ ਉਸ ਦੀਆਂ ਨਵੀਆਂ ਫਿਲਮਾਂ ਆ ਰਹੀਆਂ ਹਨ, ਉਸ ਦਾ ਜਨਮ ਆਸਟਰੀਆ ਦੇ ਇਕ ਸ਼ਹਿਰ 'ਗਰਾਸ' ਵਿਚ ਹੀ ਹੋਇਆ ਹੈ। ਆਸਟਰੀਆ ਦੇ ਇਕ ਸੰਸਾਰ ਪ੍ਰਸਿੱਧ ਖਿਡਾਰੀ ਦਾ ਨਾਮ 'ਹਰਮਨ ਮਾਅਰ' ਹੈ, ਜਿਸ ਨੇ ਸਰਦੀ-ਰੁੱਤ ਦੀਆਂ ਖੇਡਾਂ ਵਿਚ ਆਸਟਰੀਆ ਲਈ ਕਈ ਸੋਨੇ ਦੇ ਤਮਗੇ ਜਿੱਤੇ। ਜਿਸ ਤਰ੍ਹਾਂ ਆਰਨੋਲਡ ਨੂੰ ਲੋਕੀਂ ਪਿਆਰ ਨਾਲ 'ਟਰਮੀਨੇਟਰ' ਕਹਿੰਦੇ ਹਨ, ਉਸੇ ਤਰ੍ਹਾਂ ਹਰਮਨ ਨੂੰ 'ਹਰਮੀਨੇਟਰ' ਕਹਿੰਦੇ ਹਨ।



ਆਬਾਦੀ ਘੱਟ ਹੋਣ ਕਰਕੇ ਹਰ ਆਸਟਰੀਅਨ ਨਾਗਰਿਕਤਾ ਪ੍ਰਾਪਤ ਮਰਦ ਨੂੰ 18 ਤੋਂ 35 ਸਾਲ ਦੀ ਉਮਰ ਦੇ ਵਿਚ 8 ਮਹੀਨੇ ਫ਼ੌਜ ਦੀ ਸਿਖਲਾਈ ਲਈ ਜਾਣਾਂ ਪੈਂਦਾ ਹੈ, ਤਾਂਕਿ ਲੜਾਈ ਲੱਗਣ ਤੇ ਸਾਰੇ ਮਰਦ ਆਪਣੇ ਕੰਮ-ਕਾਰ ਛੱਡ ਕੇ ਦੇਸ਼ ਲਈ ਲੜ੍ਹਨ ਲਈ ਪਹਿਲਾਂ ਤੋਂ ਹੀ ਤਿਆਰ ਰਹਿਣ। ਔਰਤਾਂ ਫ਼ੌਜੀ ਸਿਖਲਾਈ ਜਾਂ ਫ਼ੌਜ ਵਿਚ ਭਰਤੀ ਹੋਣ ਲਈ ਸਵੈ-ਇਛੁਕ ਜਾ ਸਕਦੀਆਂ ਹਨ, ਪਰ ਸਰੀਰਕ ਅਤੇ ਮਾਨਸਿਕ ਤੌਰ ਤੇ ਸੰਪੂਰਨ ਮਰਦਾਂ ਨੂੰ ਕਾਨੂੰਨੀ ਜਾਣਾਂ ਪੈਂਦਾ ਹੈ। ਫ਼ੌਜੀ ਸਿਖਲਾਈ ਦੌਰਾਨ ਸਰਕਾਰੀ ਬਿੱਲ ਮਾਫ਼ ਕਰ ਦਿੱਤੇ ਜਾਂਦੇ ਹਨ ਅਤੇ ਫ਼ੌਜੀ ਦੇ ਖਰਚਿਆਂ ਅਨੁਸਾਰ ਮਾਲੀ ਮਦਦ ਵੀ ਦਿੱਤੀ ਜਾਂਦੀ ਹੈ। ਆਸਟਰੀਆ ਵਿਚ 6 ਤੋਂ 15 ਸਾਲ ਦੀ ਉਮਰ ਦੇ ਬੱਚਿਆਂ ਦਾ ਸਕੂਲੇ ਜਾਣਾਂ ਜ਼ਰੂਰੀ ਹੈ। ਇੱਥੇ ਸਰਕਾਰੀ ਸਕੂਲਾਂ ਦੀ ਪੜ੍ਹਾਈ ਮੁਫ਼ਤ ਹੈ, ਸਿਰਫ਼ ਕਿਤਾਬਾਂ ਦੀ 10% ਕੀਮਤ ਦੇਣੀ ਪੈਂਦੀ ਹੈ, ਪਰ ਉਨੀ ਕੁ ਸਰਕਾਰ ਵਲੋਂ ਵੀ ਮਾਲੀ ਮਦਦ ਮਿਲ ਜਾਂਦੀ ਹੈ। ਯੂਨੀਵਰਸਿਟੀ ਵਿਚ ਪੜ੍ਹਨਾਂ ਵੀ ਇਸੇ ਤਰ੍ਹਾਂ ਹੀ ਹੈ, ਸਰਕਾਰ ਪੜ੍ਹਾਈ ਦਾ ਖ਼ਰਚਾ ਇਕ ਹੱਥ ਦੇ ਕੇ ਦੂਜੇ ਹੱਥ ਲੈ ਲੈਂਦੀ ਹੈ। ਵਿਦਿਆਰਥੀਆਂ ਨੂੰ ਹੋਰ ਬਹੁਤ ਸਾਰੀਆਂ ਸਹੂਲਤਾਂ ਮਿਲਦੀਆਂ ਹਨ, ਜਿਵੇਂ ਜਨਤਕ ਗੱਡੀਆਂ ਦੇ ਪਾਸ ਵਿਚ ਛੋਟ।

ਆਸਟਰੀਆ ਵਿਚ ਪਿਛਲੇ ਕੁਝ ਸਾਲਾਂ ਤੋਂ ਬਹੁਤ ਘੱਟ ਬੱਚੇ ਪੈਦਾ ਕੀਤੇ ਜਾ ਰਹੇ ਹਨ, ਸਾਲ 2001 ਵਿਚ ਪਿਛਲੇ ਸਾਲ ਨਾਲੋਂ 3000 ਬੱਚੇ ਘੱਟ ਪੈਦਾ ਹੋਏ, ਇਸ ਲਈ ਸਰਕਾਰ ਦੇਸ਼ ਦੇ ਭਵਿੱਖ ਲਈ ਬਹੁਤ ਚਿੰਤਕ ਹੈ। ਕਿਉਂਕਿ ਜੇ ਦੇਸ਼ ਦੀ ਆਬਾਦੀ ਵਿਚ ਵਾਧਾ ਨਹੀਂ ਹੁੰਦਾ ਜਾਂ ਬਹੁਤ ਹੌਲੀ ਹੁੰਦਾ ਹੈ ਤਾਂ ਪੈਨਸ਼ਨਾਂ ਕੌਣ ਭਰੇਗਾ? ਚਿੰਤਕਾਂ ਨੂੰ ਡਰ ਹੈ ਕਿ ਜੇ ਆਬਾਦੀ ਵਿਚ ਵਾਧਾ ਨਹੀਂ ਹੋਇਆ ਤਾਂ ਸਾਲ 2035 ਵਿਚ ਪੈਨਸ਼ਨਾਂ ਦੇਣੀਆਂ ਅਸੰਭਵ ਹੋ ਜਾਣਗੀਆਂ। ਇਸੇ ਕਰਕੇ ਵੱਧ ਤੋਂ ਵੱਧ ਬੱਚੇ ਪੈਦਾ ਕਰਨ ਦਾ ਲਾਲਚ ਦਿੱਤਾ ਜਾ ਰਿਹਾ ਹੈ, ਜਿਵੇਂ ਸਰਕਾਰ ਵਲੋਂ ਬੱਚਿਆਂ ਦੇ ਪਾਲਣ-ਪੋਸ਼ਣ ਲਈ ਮਾਲੀ ਮਦਦ ਦੇਣੀ, ਮਾਂ ਕੋਲੋਂ ਬੱਚੇ ਦੇ ਬਾਪ ਦਾ ਨਾਮ ਨਾ ਪੁੱਛਣਾਂ। ਹੋਰ ਵਿਕਸਿਤ ਦੇਸ਼ ਵਾਂਗ ਇੱਥੇ ਵੀ ਬੱਚਿਆਂ ਨੂੰ ਮਾਰਨਾ-ਕੁੱਟਣਾਂ ਕਾਨੂੰਨੀ ਜ਼ੁਲਮ ਹੈ। ਸਕੂਲਾਂ ਵਿਚ ਸਮੇਂ ਸਮੇਂ ਤੇ ਬੱਚਿਆਂ ਦੀ ਸਰੀਰਕ ਅਤੇ ਮਾਨਸਿਕ ਜਾਂਚ ਕੀਤੀ ਜਾਂਦੀ ਹੈ। ਮਾਂ-ਬਾਪ ਨੂੰ ਵੀ ਬੱਚੇ ਦੇ ਪਾਲਣ-ਪੋਸ਼ਣ ਲਈ ਸਰਕਾਰ ਵਲੋਂ ਵੀ ਮਾਲੀ ਮਦਦ ਦੇ ਨਾਲ ਨਾਲ ਸਖ਼ਤ ਹਦਾਇਤਾਂ ਵੀ ਦਿੱਤੀਆਂ ਜਾਂਦੀਆਂ ਹਨ। ਰਾਤਾਂ ਨੂੰ ਛੋਟੀ ਉਮਰ ਦੇ ਬੱਚਿਆਂ ਨੂੰ ਨਾਲ ਲੈ ਕੇ ਘੁੰਮਣਾਂ ਮਨ੍ਹਾਂ ਹੈ। ਹੋਰ ਜੋ ਸਭ ਕੁਝ ਬਾਕੀ ਵਿਕਸਿਤ ਦੇਸ਼ਾਂ ਵਿਚ ਹੁੰਦਾ ਹੈ, ਉਹ ਇੱਥੇ ਵੀ ਹੁੰਦਾ ਹੈ। ਇੱਥੇ ਵੀ ਜਵਾਨ ਮੁੰਡੇ-ਕੁੜੀਆਂ ਨੂੰ ਹੱਦੋਂ ਵੱਧ ਆਜ਼ਾਦੀ ਹੈ। ਸੜਕਾਂ ਤੇ ਨੰਗੇਜ਼ਵਾਦ ਅਤੇ ਮੁੰਡੇ-ਕੁੜੀਆਂ ਦੀਆਂ ਅਸ਼ਲੀਲ ਹਰਕਤਾਂ ਆਮ ਦੇਖਣ 'ਚ ਆਉਂਦੀਆਂ ਹਨ। ਕੁੜੀਆਂ 22 ਸਾਲਾਂ ਦੀਆਂ ਹੋ ਕੇ ਪਰਿਵਾਰ ਨਾਲੋਂ ਵੱਖ ਹੋ ਕੇ ਰਹਿਣ ਲੱਗ ਪੈਂਦੀਆਂ ਹਨ ਅਤੇ ਮੁੰਡੇ 24 ਸਾਲ ਦੇ। ਵਿਆਨਾ ਵਿਚ 44.5% ਲੋਕ ਇੱਕਲੇ ਰਹਿ ਰਹੇ ਹਨ। ਇੱਥੇ ਵੀ ਬੰਦੇ ਬੰਦਿਆਂ ਨਾਲ ਵਿਆਹ ਕਰਵਾਈ ਜਾ ਰਹੇ ਹਨ ਅਤੇ ਔਰਤਾਂ ਔਰਤਾਂ ਨਾਲ। ਅਣ-ਵਿਆਹੇ ਇੱਕਠਿਆਂ ਰਹਿਣ ਦਾ ਰੁਝਾਨ ਵੱਧ ਰਿਹਾ ਹੈ। ਆਸਟਰੀਆ ਵਿਚ ਸਾਲ 2001 ਪੈਦਾ ਹੋਏ ਹਰ ਤੀਜੇ ਬੱਚੇ ਦੇ ਮਾਂ-ਬਾਪ ਅਣ-ਵਿਆਹੇ ਹਨ। ਆਬਾਦੀ: ਇਸ ਦੇਸ਼ ਦੀ ਜਨਸੰਖਿਆ ਸਾਲ 2001 ਦੇ ਸਰਕਾਰੀ ਅੰਕੜਿਆਂ ਅਨੁਸਾਰ 80,65,465 ਸੀ। ਹੈਰਾਨੀ ਦੀ ਗੱਲ ਹੈ ਕਿ ਇਸ ਦੇ ਸਾਰੇ ਹੀ ਰਾਜਾਂ ਵਿਚ ਔਰਤਾਂ ਦੀ ਗਿਣਤੀ ਜ਼ਿਆਦਾ ਹੈ। ਇਕੱਲੇ ਵਿਆਨਾ ਸ਼ਹਿਰ ਵਿਚ ਮਰਦਾਂ ਨਾਲੋਂ 86,000 ਜ਼ਿਆਦਾ ਔਰਤਾਂ ਰਹਿ ਰਹੀਆਂ ਹਨ, ਕੁਝ ਲੋਕਾਂ ਲਈ ਸ਼ਾਇਦ ਇਹ ਸਵਰਗ ਦੀ ਕਲਪਨਾ ਹੋਵੇਗੀ। ਮਰਦਾਂ ਅਤੇ ਔਰਤਾਂ ਦਾ ਵੱਡੀ ਗਿਣਤੀ ਵਿਚ ਇਹ ਅੰਤਰ ਸੰਸਾਰ ਯੁੱਧਾਂ ਵਿਚ ਬਹੁਤੇ ਮਰਦਾਂ ਦਾ ਮਾਰੇ ਜਾਣਾ ਅਤੇ ਵਿਕਸਿਤ ਸਮਾਜ ਵਿਚ ਧੀ-ਪੁੱਤਰ ਨੂੰ ਇਕ ਬਰਾਬਰ ਸਮਝਣਾਂ ਹੈ। ਪਿਛਲੇ ਦਸ ਸਾਲਾਂ ਵਿਚ ਆਸਟਰੀਆ ਦੀ ਆਬਾਦੀ 3.5% ਵਧੀ ਹੈ। ਸਾਰੇ ਆਸਟਰੀਆ ਵਿਚ 9.3% ਲੋਕਾਂ ਕੋਲ ਆਸਟਰੀਅਨ ਨਾਗਰਿਕਤਾ ਨਹੀਂ ਹੈ, ਜੋ ਕਿ ਯੂਰਪੀਅਨ ਯੂਨੀਅਨ ਦੇਸ਼ਾਂ ਨਾਲੋਂ ਸਭ ਤੋਂ ਵੱਧ ਹੈ। ਪ੍ਰਵਾਸੀਆਂ ਵਿਚ ਜ਼ਿਆਦਾ ਯੂਗੋ, ਸਲਾਵੀਅਨ, ਟੁਰਕੀ ਅਤੇ ਪੋਲੈਂਡੀਅਨ ਹਨ। ਅਖ਼ਬਾਰਾਂ ਵੇਚਣ ਦੇ ਕੰਮ ਲਈ ਵਿਸ਼ੇਸ਼ ਵੀਜ਼ੇ ਖੁਲ੍ਹਣ ਕਰਕੇ ਸਾਲ 1980 ਵਿਚ ਭਾਰਤੀਆ ਨੇ ਆਸਟਰੀਆ ਆਉਣਾਂ ਸ਼ੁਰੂ ਕੀਤਾ। ਆਸਟਰੀਆ ਵਿਚ ਸਾਲ 2001 ਵਿਚ 5127 ਭਾਰਤੀ ਨਾਗਰਿਕਤਾ ਵਾਲੇ ਦਰਜ ਸਨ। ਪਿਛਲੇ ਸਾਲ 91 ਭਾਰਤੀ ਬੱਚਿਆਂ ਨੇ ਆਸਟਰੀਆ ਵਿਚ ਜਨਮ ਲਿਆ। 678 ਭਾਰਤੀਆਂ ਨੇ ਸਾਲ 2001 ਵਿਚ ਆਸਟਰੀਅਨ ਪਾਸਪੋਰਟ ਲਏ, ਜਿਨ੍ਹਾਂ ਵਿਚੋਂ ਜ਼ਿਆਦਾਤਰ ਔਰਤਾਂ ਅਤੇ ਬੱਚੇ ਸਨ। ਸਰਕਾਰੀ ਅੰਕੜਿਆਂ ਤੋਂ ਪਤਾ ਲੱਗਦਾ ਹੈ ਕਿ ਆਸਟਰੀਆ ਦੇ ਸਾਰੇ ਰਾਜਾਂ ਵਿਚ ਆਪਣੇ ਭਾਰਤੀ ਹਨ, ਪਰ ਵੱਡੀ ਗਿਣਤੀ, ਸਾਲ 2001 ਵਿਚ 3756 ਭਾਰਤੀ ਨਾਗਰਿਕਤਾ ਵਾਲੇ, ਵਿਆਨਾ ਵਿਚ ਹੀ ਹੈ। ਜੇ ਸਾਰੇ ਆਸਟਰੀਆ ਵਿਚ ਸਾਲ 1979 ਤੋਂ ਲੈ ਕੇ ਸਾਲ 2001 ਤੱਕ ਭਾਰਤੀ ਪਾਸਪੋਰਟਾਂ ਨੂੰ ਦੇ ਕੇ ਆਸਟਰੀਅਨ ਪਾਸਪੋਰਟ ਲੈਣ ਵਾਲਿਆਂ ਦੀ ਗਿਣਤੀ ਦਾ ਕੁਲ ਜੋੜ ਲਾਈਏ ਤਾਂ ਇਹ 5670 ਬਣਦੀ ਹੈ। ਜ਼ਿਆਦਾਤਰ ਪੰਜਾਬ ਅਤੇ ਕੇਰਲਾ ਤੋਂ ਭਾਰਤੀ ਆਸਟਰੀਆ ਵਿਚ ਹਨ। ਦੇਖਣ ਵਿਚ ਆਇਆ ਹੈ ਕਿ ਇੱਥੇ ਹੋਰ ਦੇਸ਼ਾਂ ਦੇ ਨਾਗਰਿਕਾਂ ਨਾਲੋਂ ਭਾਰਤੀਆਂ ਨੂੰ ਵੀਜ਼ੇ ਅਤੇ ਆਸਟਰੀਅਨ ਪਾਸਪੋਰਟ ਸੌਖੇ ਅਤੇ ਛੇਤੀ ਮਿਲ ਜਾਂਦੇ ਹਨ। ਸ਼ਾਇਦ ਇਨ੍ਹਾਂ ਨੂੰ ਭਾਰਤੀਆਂ ਦੇ ਮਿਹਨਤੀ, ਅਮਨਪਸੰਦ ਅਤੇ ਖੁਲ੍ਹੇ ਸੁਭਾਅ ਵਾਰੇ ਪਤਾ ਹੈ। ਸਾਲ 2001 ਵਿਚ 429 ਭਾਰਤੀ ਆਸਟਰੀਆ ਛੱਡ ਕੇ ਚਲੇ ਗਏ। ਸਰਕਾਰੀ ਅੰਕੜਿਆਂ ਅਨੁਸਾਰ ਸਾਲ 1978 ਵਿਚ ਪਹਿਲੀ ਬਾਰ 8 ਭਾਰਤੀਆਂ ਨੇ ਆਸਟਰੀਅਨ ਸਿਆਸੀ-ਪਨਾਹ ਲਈ ਸੀ, ਪਰ ਸਾਲ 2000 ਵਿਚ ਇਹ ਵਧ ਕੇ 2441 ਹੋ ਗਈ। ਸਾਲ 2001 ਵਿਚ 1804 ਭਾਰਤੀ ਸਿਆਸੀ ਪਨਾਹਗੀਰ ਸਨ। ਸਭ ਤੋਂ ਵੱਧ ਇੱਥੇ ਅਫ਼ਗਾਨਿਸਤਾਨ ਅਤੇ ਇਰਾਨ ਤੋਂ ਲੋਕ ਸਿਆਸੀ ਪਨਾਹ ਲਈ ਆਉਂਦੇ ਹਨ। ਵਿਆਨਾ:

ਕਿਉਂਕਿ ਹਰ ਦੇਸ਼ ਦੀ ਰਾਜਧਾਨੀ ਉਸ ਦੇਸ਼ ਦਾ ਕੇਂਦਰੀ ਧੁਰਾ ਹੁੰਦਾ ਹੈ, ਇਸ ਕਰਕੇ 'ਵਿਆਨਾ' ਬਾਰੇ ਵਿਸਥਾਰਪੂਰਕ ਦੱਸਦੇ ਹਾਂ। ਵਿਆਨਾ ਵਿਚ ਰੋਜ਼ਗਾਰ ਦੇ ਸਾਧਨ ਜ਼ਿਆਦਾ ਹੋਣ ਕਰਕੇ ਇੱਥੇ ਸੰਸਾਰ ਦੇ ਸਾਰੇ ਦੇਸ਼ਾਂ ਦੇ ਲੋਕ ਰਹਿੰਦੇ ਹਨ। ਸਾਲ 2001 ਵਿਚ ਸਿਰਫ਼ 6.1% ਨਾਗਰਿਕ ਆਸਟਰੀਆ ਵਿਚ ਬੇਰੁਜ਼ਗਾਰ ਸਨ। ਭਾਵੇਂ ਵਿਆਨਾ ਆਸਟਰੀਆ ਦੇ ਬਾਕੀ ਰਾਜਾਂ ਨਾਲੋਂ ਸਭ ਤੋਂ ਛੋਟਾ ਹੈ, ਪਰ ਰਾਜਧਾਨੀ ਹੋਣ ਕਰਕੇ ਇਸ ਦੀ ਆਬਾਦੀ (15,62,482) ਬਾਕੀ ਰਾਜਾਂ ਨਾਲੋਂ ਜ਼ਿਆਦਾ ਹੈ, ਇਸੇ ਕਰਕੇ ਹੀ ਸਾਰੇ ਰਾਜਾਂ ਨਾਲੋਂ ਵੱਧ ਵਿਆਨਾ ਦੇ 17.7% ਲੋਕਾਂ ਕੋਲ ਆਸਟਰੀਅਨ ਨਾਗਰਿਕਤਾ ਨਹੀਂ ਹੈ।

ਵਿਆਨਾ ਵਿਚ ਜਗ੍ਹਾ ਥੋੜ੍ਹੀ ਅਤੇ ਆਬਾਦੀ ਜ਼ਿਆਦਾ ਹੋਣ ਕਰਕੇ ਜ਼ਿਆਦਾਤਰ ਲੋਕ ਫਲੈਟਾਂ (ਬਿਲਡਿੰਗਾਂ) ਵਿਚ ਰਹਿੰਦੇ ਹਨ, ਸਿਰਫ਼ 8.1% ਲੋਕ ਆਪਣੇ ਘਰਾਂ (ਹਾਊਸ) ਵਿਚ ਰਹਿੰਦੇ ਹਨ। ਵਿਆਨਾ ਦੇ ਫਲੈਟਾਂ ਦੀ ਕੀਮਤ ਲਗਪਗ ਇੰਗਲੈਂਡ ਦੇ ਘਰਾਂ ਜਿੰਨੀ ਹੈ। ਆਸਟਰੀਆ ਵਿਚ ਕੰਮ ਕਰਨ ਵਾਲਿਆਂ ਨੂੰ ਸਾਲ ਦੀਆਂ ਚੌਦਾਂ ਤਨਖ਼ਾਹਾਂ ਮਿਲਦੀਆਂ ਹਨ ਅਤੇ ਸਾਲ ਦੀਆਂ 15 ਸਰਕਾਰੀ ਛੁੱਟੀਆਂ ਹੁੰਦੀਆਂ ਹਨ। ਵਧੇਰੇ ਸਰਕਾਰੀ ਛੁੱਟੀਆਂ ਦੀ ਗਿਣਤੀ ਵਿਚ ਵੀ ਆਸਟਰੀਆ ਮੋਹਰੀ ਦੇਸ਼ਾਂ ਵਿਚ ਆਉਂਦਾ ਹੈ। ਇਸ ਤੋਂ ਇਲਾਵਾ ਕਾਮਾਂ ਤਨਖ਼ਾਹ ਤੇ ਸਾਲ ਵਿਚ ਪੰਜ ਹਫ਼ਤੇ ਦੀਆਂ ਛੁੱਟੀਆਂ ਲੈ ਸਕਦਾ ਹੈ। ਵਿਆਨਾ ਦੀ ਸਫ਼ਾਈ ਦੀ ਗੱਲ ਕਰੀਏ ਤਾਂ ਇੱਥੇ ਹਰ ਤਰ੍ਹਾਂ ਦੇ ਕੂੜੇ ਲਈ ਵੱਖਰਾ ਕੂੜੇਦਾਨ ਹੈ। ਜ਼ਿਆਦਾਤਰ ਬਹੁ-ਮੰਜ਼ਿਲੀ ਇਮਾਰਤਾਂ ਵਿਚ ਦੋ ਤਰ੍ਹਾਂ ਦੇ ਕੂੜੇਦਾਨ ਹੁੰਦੇ ਹਨ। ਇਕ ਵਿਚ ਕਾਗਜ਼ ਅਤੇ ਦੂਸਰੇ ਵਿਚ ਸਭ ਕੁਝ ਸੁੱਟ ਸਕਦੇ ਹੋ। ਬਿਲਡਿੰਗਾਂ ਤੋਂ ਕੁਝ ਦੂਰੀ ਤੇ ਛੇ ਤਰ੍ਹਾਂ ਦੇ ਕੂੜੇਦਾਨ ਰੱਖੇ ਹੁੰਦੇ ਹਨ, ਜਿਨ੍ਹਾਂ ਵਿਚ ਪਲਾਸਟਿਕ, ਫੁੱਲ-ਬੂਟੇ, ਰੰਗੀਨ ਕੱਚ, ਚਿੱਟਾ ਕੱਚ, ਲੋਹਾ ਅਤੇ ਕੱਪੜੇ ਸੁੱਟੇ ਜਾਂਦੇ ਹਨ।

---

ਕਥਾ ਪ੍ਰਵਾਹ

## ਤਿੰਨ ਬਹਾਦਰ ਯੋਧੇ

-ਬਲਦੇਵ ਸਿੰਘ ਸਿੱਧੂ

ਜੇ ਅਸੀਂ ਵਿਸ਼ਵ ਦੇ ਇਤਿਹਾਸ ਦੇ ਪੰਨੇ ਵੇਖੀਏ-ਪੜ੍ਹੀਏ ਤਾਂ ਹਰੇਕ ਦੇਸ਼ ਅਤੇ ਕੌਮ ਦਾ ਇਤਿਹਾਸ ਵੀਰਾਂ-ਬਹਾਦਰਾਂ ਦੀਆਂ ਕਹਾਣੀਆਂ ਨਾਲ ਭਰਿਆ ਹੋਇਆ ਹੈ। ਹਰ ਕਾਲ ਤੇ ਯੁੱਗ ਵਿੱਚ ਅਜਿਹੇ ਸੂਰਮੇ ਹੋਏ ਹਨ ਜਿਨ੍ਹਾਂ ਨੇ ਆਪਣੇ ਸਾਹਸ ਭਰੇ ਕਾਰਨਾਮਿਆਂ ਨਾਲ ਲੋਕਾਂ 'ਚ ਉਤਸ਼ਾਹ ਪੈਦਾ ਕਰ ਕੇ ਉਨ੍ਹਾਂ ਨੂੰ ਪ੍ਰੇਰਨਾ ਦਿੱਤੀ। ਇਹ ਕਹਾਣੀ ਹਜ਼ਾਰਾਂ ਸਾਲ ਪੁਰਾਣੀ ਹੈ। ਕਹਿੰਦੇ ਹਨ ਕਿ ਰੋਮ 'ਤੇ ਟਾਰਕਿਵਨ ਨਾਂ ਦਾ ਰਾਜਾ ਰਾਜ ਕਰਦਾ ਸੀ। ਉਹ ਬਹੁਤ ਹੀ ਜ਼ਾਲਮ ਪ੍ਰਵਿਰਤੀ ਦਾ ਸ਼ਾਸਕ ਸੀ ਜੋ ਜਨਤਾ ਤੋਂ ਭਾਰੀ ਟੈਕਸ ਵਸੂਲ ਕਰਦਾ ਅਤੇ ਉਸ ਆਮਦਨ ਆਮਦਨ ਨੂੰ ਆਪਣੀ ਐਸ਼ੋ-ਇਸ਼ਰਤ 'ਤੇ ਅੰਨ੍ਹੇਵਾਹ ਖਰਚ ਕਰਦਾ ਸੀ। ਲੋਕ ਭਲਾਈ ਨਾਲ ਉਸ ਦਾ ਦੂਰ ਨੇੜੇ ਦਾ ਵਾਸਤਾ ਨਹੀਂ ਸੀ। ਇਸ ਕਰਕੇ ਪਰਜਾ ਉਸ ਦੇ ਤਾਨਾਸ਼ਾਹੀ ਰਵੱਈਏ ਤੋਂ ਪੂਰੀ ਤਰ੍ਹਾਂ ਤੰਗ ਹੋ ਗਈ। ਅੰਤ ਲੋਕਾਂ ਨੇ ਰਾਜੇ ਵਿਰੁੱਧ ਬਗ਼ਾਵਤ ਕਰ ਦਿੱਤੀ। ਰਾਜ ਪਲਟੇ ਤੋਂ ਬਾਅਦ ਪਰਜਾ ਨੇ ਫ਼ੈਸਲਾ ਕੀਤਾ ਕਿ ਦੇਸ਼ ਦਾ ਸ਼ਾਸਨ ਕਿਸੇ ਬਾਦਸ਼ਾਹ ਦੇ ਅਧੀਨ ਨਹੀਂ ਸਗੋਂ ਵਿਦਵਾਨ ਅਤੇ ਬੁੱਧੀਮਾਨ ਲੋਕਾਂ ਦੀ ਇੱਕ ਸਭਾ ਰਾਜ ਦਾ ਪ੍ਰਬੰਧ ਕਰੇਗੀ। ਬਾਦਸ਼ਾਹ ਟਾਰਕਿਵਨ ਦੇ ਮਨ 'ਚ ਰਾਜ ਦੇ ਖੋਹੇ ਜਾਣ ਦਾ ਬਹੁਤ ਦੁੱਖ ਸੀ ਪਰ ਉਹ ਐਨੀ ਆਸਾਨੀ ਨਾਲ ਹਾਰ ਮੰਨਣ ਵਾਲਾ ਨਹੀਂ ਸੀ। ਉਹ ਰਾਜਗੱਦੀ ਦਾ ਬਹੁਤ ਭੁੱਖਾ ਸੀ ਤੇ ਉਸ ਨੂੰ ਪ੍ਰਾਪਤ ਕਰਨ ਲਈ ਕਿਸੇ ਵੀ ਹੱਦ ਤਕ ਜਾ ਸਕਦਾ ਸੀ। ਉਸ ਨੇ ਗੁਆਂਢੀ ਰਾਜੇ ਲਾਰਸ ਪ੍ਰੋਸੇਨ ਤੋਂ ਸਹਾਇਤਾ ਮੰਗੀ। ਟਾਰਕਿਵਨ ਨੇ ਉਸ ਨੂੰ ਭੜਕਾਇਆ ਕਿ ਜਿਵੇਂ ਅੱਜ ਮੇਰਾ ਰਾਜ ਖੋਹ ਲਿਆ ਗਿਆ ਹੈ, ਉਸ ਪ੍ਰਕਾਰ ਹੀ ਦੇਸ਼ ਦੀ ਜਨਤਾ ਕੱਲ੍ਹ ਨੂੰ ਤੈਨੂੰ ਵੀ ਗੱਦੀ ਤੋਂ ਲਾਹ ਸਕਦੀ ਹੈ। ਇਸ ਪ੍ਰਵਿਰਤੀ ਨੂੰ ਰੋਕਣ ਲਈ ਜ਼ਰੂਰੀ ਹੈ ਕਿ ਰੋਮ ਦੀ ਜਨਤਾ ਨੂੰ ਸਬਕ ਸਿਖਾਇਆ ਜਾਵੇ। ਲਾਰਸ ਪ੍ਰੋਸੇਨ ਇਸ ਗੱਲ ਤੋਂ ਬਹੁਤ ਡਰ ਗਿਆ ਅਤੇ ਉਸ ਨੇ ਟਾਰਕਿਵਨ ਦੀ ਸਹਾਇਤਾ ਲਈ ਵਿਸ਼ਾਲ ਸੈਨਾ ਭੇਜ ਦਿੱਤੀ। ਸੈਨਿਕਾਂ ਦੇ ਹੱਥਾਂ 'ਚ ਤਲਵਾਰਾਂ ਅਤੇ ਬਰਛੇ ਚਮਕ ਰਹੇ ਸਨ ਤੇ ਉਨ੍ਹਾਂ ਦੇ ਕਦਮਾਂ ਦੀ ਧੂੜ ਅਸਮਾਨ ਵੱਲ ਉੱਡਦੀ ਸਾਫ਼ ਵਿਖਾਈ ਦੇ ਰਹੀ ਸੀ। ਉਹ ਰਸਤੇ 'ਚ ਆਉਂਦੇ ਪਿੰਡ ਨੂੰ ਲੁੱਟਣ ਤੋਂ ਬਾਅਦ ਅੱਗ ਲਾ ਦਿੰਦੇ ਸਨ। ਇਸ ਤਰ੍ਹਾਂ ਪਿੰਡਾਂ ਦੇ ਲੋਕ ਡਰਦੇ ਹੋਏ ਜਿੰਨਾ ਵੀ ਸਾਮਾਨ ਲਿਜਾ ਸਕਦੇ ਸਨ, ਉਸ ਨੂੰ ਲੈ ਕੇ ਰੋਮ ਵੱਲ ਭੱਜਣ ਲੱਗੇ। ਸਭ ਦੀਆਂ ਅੱਖਾਂ 'ਚ ਡਰ ਸਾਫ਼ ਦਿਖਾਈ ਦੇ ਰਿਹਾ ਸੀ। ਉਹ ਡਿੱਗਦੇ-ਢਹਿੰਦੇ ਰੋਮ ਵੱਲ ਭੱਜ ਰਹੇ ਸਨ। ਰੋਮ ਦਾ ਸੁੰਦਰ ਸ਼ਹਿਰ ਟਾਈਬਰ, ਟਾਈਬਰ ਨਦੀ ਦੇ ਕਿਨਾਰੇ ਵਸਿਆ ਹੋਇਆ ਸੀ ਅਤੇ ਸ਼ਹਿਰ ਵਿੱਚ ਪ੍ਰਵੇਸ਼ ਹੋਣ ਲਈ ਨਦੀ 'ਤੇ ਇੱਕ ਲੱਕੜ ਦਾ ਜ਼ਬਰਦਸਤ ਪੁਲ਼ ਬਣਿਆ ਹੋਇਆ ਸੀ। ਉਹ ਪੁਲ਼ ਆਪਣੇ ਸਮੇਂ ਦਾ ਕਲਾ ਦਾ ਉੱਤਮ ਨਮੂਨਾ ਸੀ ਤੇ ਲੋਕ ਦੂਰੋਂ-ਦੂਰੋਂ ਉਸ ਨੂੰ ਵੇਖਣ ਲਈ ਆਉਂਦੇ ਸਨ। ਉਸ ਪੁਲ਼ ਦੀ ਇੱਕ ਖ਼ਾਸੀਅਤ ਇਹ ਸੀ ਕਿ ਉਹ ਐਨਾ ਤੰਗ ਸੀ ਕਿ ਉਸ ਉੱਤੇ ਇੱਕ ਵਾਰ ਜ਼ਿਆਦਾ ਤੋਂ ਜ਼ਿਆਦਾ ਤਿੰਨ ਆਦਮੀ 'ਕੱਠੇ ਖੜ੍ਹੇ ਹੋ ਸਕਦੇ ਸਨ। ਨਦੀ ਦੇ ਇੱਕ ਪਾਸੇ ਰੋਮ ਅਤੇ ਦੂਜੇ ਪਾਸੇ ਜੈਨਿਕੁਲਮ ਦਾ ਕਿਲ੍ਹਾ ਸੀ। ਉਹ ਕਿਲ੍ਹਾ ਵੈਰੀਆਂ ਨੂੰ ਰੋਕਣ ਲਈ ਬਣਾਇਆ ਗਿਆ ਸੀ। ਕਿਲ੍ਹੇ ਦੇ ਸੈਨਿਕਾਂ ਨੇ ਸ਼ੋਰ ਦੀ ਆਵਾਜ਼ ਸੁਣੀ ਤਾਂ ਉਹ ਬਾਹਰ ਆ ਗਏ। ਹਜ਼ਾਰਾਂ ਦੀ ਗਿਣਤੀ 'ਚ ਲੋਕਾਂ ਨੇ ਰੋ-ਰੋ ਕੇ ਸਾਰਾ ਹਾਲ ਸੁਣਾਇਆ ਕਿ ਕਿਸ ਤਰ੍ਹਾਂ ਉਨ੍ਹਾਂ ਨੂੰ ਲੁੱਟਿਆ ਗਿਆ ਤੇ ਸੰਪਤੀ ਮਚਾ ਦਿੱਤੀ ਗਈ। ਉਨ੍ਹਾਂ ਨੇ ਸੈਨਿਕਾਂ ਤੋਂ ਸੁਰੱਖਿਆ ਲਈ ਬੇਨਤੀ ਕੀਤੀ। ਇਹ ਸਾਰਾ ਹਾਲ ਸੁਣ ਕੇ ਕਿਲ੍ਹੇ ਦੇ ਸੈਨਾਪਤੀ ਨੇ ਕਿਹਾ, "ਹੁਣ ਤੁਹਾਨੂੰ ਡਰਨ ਦੀ ਕੋਈ ਲੋੜ ਨਹੀਂ ਹੈ। ਪੁਲ਼ ਨੂੰ ਪਾਰ ਕਰਦੇ ਹੋਏ ਸ਼ਹਿਰ 'ਚ ਚਲੇ ਜਾਓ। ਸ਼ਹਿਰ ਦੇ ਚਾਰੇ ਪਾਸੇ ਘੇਰਾਬੰਦੀ ਬਹੁਤ ਮਜ਼ਬੂਤ ਹੈ। ਤੁਸੀਂ ਲੋਕ ਅੰਦਰ ਜਾ ਕੇ ਪੂਰੀ ਤਰ੍ਹਾਂ ਸੁਰੱਖਿਅਤ ਰਹੋਗੇ। ਅਸੀਂ ਵੈਰੀਆਂ ਨਾਲ ਮੁਕਾਬਲਾ ਕਰਾਂਗੇ।"

ਇਸ ਤਰ੍ਹਾਂ ਪਿੰਡਾਂ ਦੇ ਲੋਕ ਬੇਫ਼ਿਕਰ ਹੋ ਕੇ ਪੁਅ ਰਾਹੀਂ ਰੋਮ ਦੀ ਮਜ਼ਬੂਤ ਬਣੀ ਹੋਈ ਚਾਰਦੀਵਾਰੀ 'ਚ ਪਹੁੰਚ ਗਏ ਤੇ ਉੱਥੋਂ ਦੇ ਲੋਕਾਂ ਨੂੰ ਹੱਡ-ਬੀਤੀ ਸੁਣਾਉਣ ਲੱਗੇ। ਇਸ ਦੇ ਦੂਜੇ ਪਾਸੇ ਜੈਨਿਕੁਲਮ ਕਿਲ੍ਹੇ ਦੇ ਸੈਨਿਕਾਂ ਨੇ ਜਦੋਂ ਦੁਸ਼ਮਣਾਂ ਦੇ ਕਦਮਾਂ ਨਾਲ ਆਸਮਾਨ ਵੱਲ ਉੱਡਦੀ ਹੋਈ ਧੂੜ ਵੇਖੀ ਤਾਂ ਖ਼ਤਰੇ ਦਾ ਅਲਾਰਮ ਵਜਾਉਂਦੇ ਹੋਏ ਸਭ ਨੂੰ ਸੁਚੇਤ ਰਹਿਣ ਦੇ ਨਿਰਦੇਸ਼ ਦੇ ਦਿੱਤੇ। ਰੋਮ ਦੇ ਨਿਵਾਸੀ ਆਪਣੀਆਂ ਛੱਤਾਂ ਉੱਪਰ ਖੜ੍ਹੇ ਹੋ ਕੇ ਦੁਸ਼ਮਣ ਦੀ ਸੈਨਾ ਨੂੰ ਵੇਖਣ ਲੱਗੇ। ਜ਼ਿਆਦਾਤਰ ਲੋਕਾਂ ਦੀਆਂ ਅੱਖਾਂ 'ਚ ਦਹਿਸ਼ਤ ਦੇ ਚਿੰਨ੍ਹ ਸਾਫ਼ ਦਿਖਾਈ ਦੇ ਰਹੇ ਸਨ ਤੇ ਕੁਝ ਕੁ ਪੂਰੇ ਜੋਸ਼ ਨਾਲ ਗੱਲਾਂ ਕਰਨ ਲੱਗੇ। ਦੁਸ਼ਮਣ ਦੀ ਸੈਨਾ ਨਜ਼ਦੀਕ ਪਹੁੰਚਣ 'ਤੇ ਕਿਲ੍ਹੇ ਦੇ ਸੈਨਿਕਾਂ ਨੇ ਉਨ੍ਹਾਂ 'ਤੇ ਹਮਲਾ ਬੋਲ ਦਿੱਤਾ। ਦੋਵਾਂ ਵਿਚਕਾਰ ਘਮਸਾਨ ਯੁੱਧ ਛਿੜ ਪਿਆ। ਇਹ ਕਹਾਣੀ ਸੁਣ ਕੇ ਪ੍ਰਧਾਨ ਮੰਤਰੀ ਕੁਝ ਸਮਾਂ ਚਿੰਤਾ ਦੀ ਸਥਿਤੀ 'ਚ ਘੁੰਮਦੇ ਰਹੇ ਅਤੇ ਫਿਰ ਯਕਦਮ ਬੋਲ ਪਏ, "ਰੋਮ ਵਿੱਚ ਪ੍ਰਵੇਸ਼ ਹੋਣ ਲਈ ਇੱਕ ਹੀ ਰਸਤਾ ਹੈ ਤੇ ਉਹ ਲੱਕੜ ਦਾ ਪੁਲ਼ ਹੈ। ਜੇ ਉਸ ਪੁਲ਼ ਨੂੰ ਕਿਸੇ ਤਰੀਕੇ ਨਾਲ ਕੱਟ ਦਿੱਤਾ ਜਾਵੇ ਤਾਂ ਵੈਰੀ ਸ਼ਹਿਰ 'ਚ ਨਹੀਂ ਆ ਸਕਦਾ।" ਸਾਰੇ ਇਸ ਦਲੀਲ ਨਾਲ ਸਹਿਮਤ ਹੋ ਗਏ ਪਰ ਇਹ ਕੰਮ ਇੰਨਾ ਆਸਾਨ ਨਹੀਂ ਸੀ। ਸਿਰ 'ਤੇ ਕਫ਼ਨ ਬੰਨ੍ਹ ਕੇ ਹੀ ਇਹ ਕੰਮ ਹੋ ਸਕਦਾ ਸੀ। ਇਸ ਲਈ ਸਭ ਤੋਂ ਵੱਡੀ ਮੁਸ਼ਕਲ ਇਹ ਸੀ ਕਿ ਪੁਲ਼ ਨੂੰ ਕੱਟਦੇ ਸਮੇਂ ਵੈਰੀ ਸੈਨਾ ਨੂੰ ਬਾਹਰ ਰੋਕਣਾ ਬਹੁਤ ਜ਼ਰੂਰੀ ਸੀ ਅਤੇ ਇਹ ਕੰਮ ਕਹਿਣ ਨਾਲੋਂ ਕਰਨਾ ਬਹੁਤ ਔਖਾ ਸੀ। ਵੈਰੀ ਦੀ ਵਿਸ਼ਾਲ ਸੈਨਾ ਨੂੰ ਪੁਲ਼ ਕੱਟਣ ਤਕ ਬਾਹਰ ਰੋਕ ਕੇ ਕਿਵੇਂ ਰੱਖਿਆ ਜਾ ਸਕਦਾ ਹੈ? ਇੱਕ ਤਰ੍ਹਾਂ ਇਹ ਸੂਲੀ ਦੀ ਉਹ ਛਾਲ ਸੀ ਜਿਸ ਨਾਲ ਕੁਰਬਾਨ ਹੋਣਾ ਬਿਲਕੁਲ ਤੈਅ ਸੀ। ਉਸ ਸਮੇਂ ਹੀ ਅਚਾਨਕ ਸਭਾ 'ਚੋਂ ਇੱਕ ਸ਼ੇਰ ਵਾਂਗ ਗਰਜਵੀਂ ਆਵਾਜ਼ ਆਈ ਕਿ 'ਦੁਸ਼ਮਣਾਂ ਨੂੰ ਮੈਂ ਰੋਕਾਂਗਾ'। ਭੀੜ ਨੂੰ ਚੀਰ ਕੇ ਜੋ ਆਦਮੀ ਬਾਹਰ ਆਇਆ, ਉਸ ਦਾ ਨਾਂ ਹੋਰੇਸ਼ਸ ਸੀ। ਉਹ ਬਹੁਤ ਹੀ ਕੱਦਾਵਰ ਤੇ ਸੋਹਣਾ ਨੌਜਵਾਨ ਸੀ। ਉਸ ਨੇ ਕਈ ਲੜਾਈਆਂ ਵਿੱਚ ਬੜੀ ਬਹਾਦਰੀ ਵਿਖਾਈ ਸੀ ਤੇ ਭਾਰੀ ਤੋਂ ਭਾਰੀ ਆਫ਼ਤ ਆਉਣ 'ਤੇ ਵੀ ਨਹੀਂ ਸੀ ਘਬਰਾਉਂਦਾ। ਇਸ ਤਰ੍ਹਾਂ ਉਸ ਨੌਜਵਾਨ ਦਾ ਹੌਸਲਾ ਵੇਖਦੇ ਹੋਏ ਪ੍ਰਧਾਨ ਮੰਤਰੀ ਨੇ ਬੜੀ ਹੈਰਾਨੀ ਨਾਲ ਪੁੱਛਿਆ, "ਨੌਜਵਾਨ। ਤੁਸੀਂ ਇਹ ਕੰਮ ਇਕੱਲੇ ਕਿਵੇਂ ਕਰੋਗੇ?" "ਮੈਨੂੰ ਦੋ ਹੋਰ ਅਜਿਹੇ ਬਹਾਦਰਾਂ ਦੀ ਲੋੜ ਹੈ ਜਿਨ੍ਹਾਂ ਨੂੰ ਜ਼ਿੰਦਗੀ ਦੀ ਪਰਵਾਹ ਨਾ ਹੋਵੇ। ਇਸ ਲਈ ਕਿਉਂਕਿ ਪੁਲ਼ 'ਤੇ ਇੱਕ ਬਰਾਬਰ ਸਿਰਫ਼ ਤਿੰਨ ਹੀ ਸੈਨਿਕ ਖੜ੍ਹੇ ਹੋ ਸਕਦੇ ਹਨ। ਅਸੀਂ ਤਿੰਨ ਪੁਲ਼ ਦੇ ਕਿਨਾਰੇ 'ਤੇ ਖੜ੍ਹੇ ਹੋਏ ਵੈਰੀਆਂ ਨੂੰ ਰੋਕਾਂਗੇ ਅਤੇ ਇਧਰ ਆਪ ਪੁਲ਼ ਨੂੰ ਕੱਟਣਾ ਸ਼ੁਰੂ ਕਰ ਦੇਣਾ।" ਉਸ ਨੌਜਵਾਨ ਨੇ ਬੜੀ ਵਜ਼ਨਦਾਰ ਦਲੀਲ ਦਿੱਤੀ।

ਇਸ ਤੋਂ ਕੁਝ ਸਮੇਂ ਬਾਅਦ ਹੀ ਜੈਨਿਕੁਲਮ ਦਾ ਕਿਲ੍ਹਾ ਢਹਿ-ਢੇਰੀ ਹੋ ਗਿਆ ਅਤੇ ਵੈਰੀ ਦੀ ਸੈਨਾ ਰੋਮ ਵਿੱਚ ਦਾਖ਼ਲ ਹੋਣ ਲਈ ਅੱਗੇ ਵਧਣ ਲੱਗੀ। ਦੁਸ਼ਮਣ ਦੇ ਸੈਨਾਪਤੀ ਨੂੰ ਉਸ ਸਮੇਂ ਬੜੀ ਹੈਰਾਨੀ ਹੋਈ, ਜਦੋਂ ਉਸ ਨੇ ਵੇਖਿਆ ਕਿ ਸਿਰਫ਼ ਤਿੰਨ ਸੈਨਿਕ ਐਨੀ ਵਿਸ਼ਾਲ ਸੈਨਾ ਨੂੰ ਰੋਕਣ ਲਈ ਖੜ੍ਹੇ ਹਨ। ਥੋੜ੍ਹਾ ਜਿਹਾ ਅੱਗੇ ਵਧਣ 'ਤੇ ਉਸ ਨੂੰ ਅਸਲੀ ਗੱਲ ਸਮਝ ਆਈ ਕਿ ਹਜ਼ਾਰਾਂ ਰੋਮ ਵਾਸੀ ਪੁਲ਼ ਨੂੰ ਕੱਟਣ ਲੱਗੇ ਹੋਏ ਹਨ। ਉਸ ਨੇ ਆਪਣੇ ਸੈਨਿਕਾਂ ਨੂੰ ਆਦੇਸ਼ ਦਿੱਤਾ ਕਿ ਪੁਲ 'ਤੇ ਖੜ੍ਹੇ ਤਿੰਨਾਂ ਸੈਨਿਕਾਂ ਨੂੰ ਛੇਤੀ ਤੋਂ ਛੇਤੀ ਮਾਰ ਕੇ ਪੁਲ਼ ਨੂੰ ਟੁੱਟਣ ਤੋਂ ਬਚਾਓ। ਉਨ੍ਹਾਂ ਦੇ ਤਿੰਨ ਸੈਨਿਕ ਅੱਗੇ ਵਧੇ। ਹੋਰੇਸ਼ਸ ਅਤੇ ਉਸ ਦੇ ਸਾਥੀਆਂ ਦੇ ਬਰਛੇ ਚਮਕੇ ਅਤੇ ਸੈਨਾ ਦੇ ਤਿੰਨ ਸੈਨਿਕ ਤੜਫਦੇ ਹੋਏ ਹੇਠਾਂ ਡਿੱਗ ਪਏ। ਲੋਕ ਛੱਤਾਂ 'ਤੇ ਦੂਰ ਖੜ੍ਹੇ ਸ਼ੋਰ ਮਚਾ-ਮਚਾ ਕੇ ਆਪਣੇ ਬਹਾਦਰਾਂ ਦਾ ਹੌਸਲਾ ਵਧਾ ਰਹੇ ਸਨ। ਇੱਕ ਵਾਰ ਫਿਰ ਵੈਰੀ ਦੀ ਸੈਨਾ ਦੇ ਤਿੰਨ ਸੈਨਿਕ ਅੱਗੇ ਆਏ ਅਤੇ ਹੋਰੇਸ਼ਸ ਨੇ ਜਾਨ ਦੀ ਬਾਜ਼ੀ ਲਾ ਕੇ ਇੱਕ ਨੂੰ ਨਦੀ ਵਿੱਚ ਸੁੱਟ ਦਿੱਤਾ ਅਤੇ ਬਾਕੀ ਦੋਵਾਂ ਨੂੰ ਮਾਰ ਮੁਕਾਇਆ। ਪੁਲ਼ ਦੇ ਕੱਟੇ ਜਾਣ ਕਾਰਨ ਪਿੱਛੇ ਭਾਰੀ ਸ਼ੋਰ ਸੁਣਾਈ ਦੇ ਰਿਹਾ ਸੀ। ਦੁਸ਼ਮਣ ਦੇ ਸੈਨਾਪਤੀ ਦੀ ਬੁਖਲਾਹਟ ਪਲ-ਪਲ ਵਧਦੀ ਜਾ ਰਹੀ ਸੀ ਕਿਉਂਕਿ ਤਦ ਤਕ ਪੁਲ਼ ਦਾ ਬਹੁਤ ਸਾਰਾ ਹਿੱਸਾ ਵੱਢਿਆ ਜਾ ਚੁੱਕਾ ਸੀ ਰੋਮ ਦੇ ਸੈਨਾਪਤੀ ਨੇ ਬਹਾਦਰ ਸੈਨਿਕਾਂ ਨੂੰ ਕਿਹਾ, "ਹੁਣ ਤੁਸੀਂ ਵਾਪਸ ਪਰਤ ਆਓ ਕਿਉਂਕਿ ਪੁਲ਼ ਟੁੱਟ ਕੇ ਡਿੱਗਣ ਵਾਲਾ ਹੈ।" ਇਹ ਆਵਾਜ਼ ਸੁਣਦੇ ਹੀ ਹਰਮੀ ਨਿਯਸ ਅਤੇ ਸਪੂਰਿਯਸ ਦੌੜ ਕੇ ਪੁਲ਼ ਦੇ ਦੂਜੇ ਪਾਸੇ ਪਹੁੰਚ ਗਏ। ਹੋਰੇਸ਼ਸ 'ਕੱਲਾ ਰਹਿ ਗਿਆ ਸੀ। ਲੋਕਾਂ ਨੇ ਸ਼ੋਰ ਮਚਾਉਂਦੇ ਹੋਏ ਕਿਹਾ, "ਹੋਰੇਸ਼ਸ! ਤੁਸੀਂ ਵੀ ਵਾਪਸ ਆ ਜਾਓ। ਹੁਣ ਅਸੀਂ ਖਤਰੇ ਤੋਂ ਬਾਹਰ ਹੋ ਗਏ ਹਾਂ।" ਹੋਰੇਸ਼ਸ ਕਿੱਥੇ ਮੰਨਣ ਵਾਲਾ ਸੀ? ਉਸ ਨੇ ਜਵਾਬ ਦਿੰਦੇ ਹੋਏ ਕਿਹਾ, "ਜਦੋਂ ਤਕ ਪੁਲ਼ ਦਾ ਆਖ਼ਰੀ ਟੁੱਕੜਾ ਟੁੱਟ ਕੇ ਨਦੀ 'ਚ ਨਹੀਂ ਡਿੱਗਦਾ, ਤਦ ਤਕ ਮੈਂ ਪਿੱਛੇ ਨਹੀਂ ਹਟਾਂਗਾ।" ਹੁਣ ਉਹ ਇਕੱਲਾ ਹੀ ਤਿੰਨ-ਤਿੰਨ ਸੈਨਿਕਾਂ ਦਾ ਮੁਕਾਬਲਾ ਕਰ ਰਿਹਾ ਸੀ। ਦੁਸ਼ਮਣ ਦਾ ਸੈਨਾਪਤੀ ਹੋਰੇਸ਼ਸ ਦਾ ਇਹ ਬਹਾਦਰੀ ਭਰਿਆ ਕਾਰਨਾਮਾ ਵੇਖਦੇ ਹੋਏ ਦੰਦਾਂ ਹੇਠਾਂ ਉਂਗਲ ਦੇ ਕੇ ਖੜ੍ਹਾ ਸੀ। ਰੋਮ ਦੀ ਪਰਜਾ ਨਾਅਰੇ ਲਾ ਰਹੀ ਸੀ, "ਹੋਰੇਸ਼ਸ ਜ਼ਿੰਦਾਬਾਦ! ਹੋਰੇਸ਼ਸ ਜ਼ਿੰਦਾਬਾਦ!" ਤਦ ਉਸ ਸਮੇਂ ਭਾਰੀ ਹਿਲਜੁਲ ਨਾਲ ਪੁਲ਼ ਟੁੱਟ ਕੇ ਨਦੀ 'ਚ ਡਿੱਗ ਪਿਆ। ਇਹ ਵੇਖਦੇ ਹੋਏ ਹੋਰੇਸ਼ਸ ਨੇ ਨਦੀ ਵਿੱਚ ਛਾਲ ਮਾਰ ਦਿੱਤੀ। ਰੋਮ ਦੇ ਨਿਵਾਸੀ ਅਸਮਾਨ ਵੱਲ ਨਜ਼ਰਾਂ ਕਰਕੇ ਹੋਰੇਸ਼ਸ ਦੀ ਜ਼ਿੰਦਗੀ ਦੀ ਸਲਾਮਤੀ ਲਈ ਪ੍ਰਾਰਥਨਾ ਕਰ ਰਹੇ ਸਨ। ਇੱਥੋਂ ਤਕ ਕਿ ਪ੍ਰਧਾਨ ਮੰਤਰੀ ਤੇ ਸੈਨਾਪਤੀ ਨੇ ਵੀ ਉਸ ਬਹਾਦਰ ਦੇ ਪ੍ਰਾਣ ਰੱਖਿਆ ਲਈ ਪ੍ਰਾਰਥਨਾ ਕੀਤੀ। ਹੋਰੇਸ਼ਸ ਨੇ ਸਰੀਰ 'ਤੇ ਲੋਹੇ ਦਾ ਭਾਰੀ ਕਵਚ ਪਹਿਨਿਆ ਹੋਇਆ ਸੀ। ਉਸ ਨੂੰ ਤੈਰਨ 'ਚ ਤਕਲੀਫ਼ ਹੋ ਰਹੀ ਸੀ। ਅਚਾਨਕ ਉਹ ਪਾਣੀ 'ਚ ਗੁੰਮ ਹੋ ਗਿਆ। ਰੋਮਨ ਚਿੰਤਾ 'ਚ ਡੁੱਬ ਗਏ। ਕੀ ਟਾਈਬਰ ਨਦੀ ਨੇ ਰੋਮ ਦੇ ਬਹਾਦਰ ਯੋਧੇ ਦੀ ਕੀਮਤ ਵਸੂਲ ਕਰ ਲਈ? ਕੀ ਦੇਸ਼ ਦੇ ਰੱਖਿਅਕ ਦੀ ਰੱਖਿਆ ਟਾਈਬਰ ਨਦੀ ਨਹੀਂ ਕਰੇਗੀ? ਤਦ ਸਭ ਨੇ ਵੇਖਿਆ ਕਿ ਅਚਾਨਕ ਹੋਰੇਸ਼ਸ ਨਦੀ ਦੇ ਕਿਨਾਰੇ 'ਤੇ ਬਾਹਰ ਆ ਗਿਆ। ਲੋਕਾਂ ਦੀਆਂ ਖ਼ੁਸ਼ੀ ਦਾ ਕੋਈ ਟਿਕਾਣਾ ਨਾ ਰਿਹਾ।


ਉਨ੍ਹਾਂ ਨੇ ਹੋਰੇਸ਼ਸ ਨੂੰ ਮੋਢਿਆਂ ਉੱਤੇ ਚੁੱਕ ਲਿਆ ਅਤੇ ਉਸ ਦੀ ਜੈ, ਜੈਕਾਰ ਕਰਨ ਲੱਗੇ।

---



## ਤੁਹਾਡੀ ਰਸੋਈ

### ਸ਼ਕਰਕੰਦੀ ਦੇ ਗੁਲਾਬ ਜਾਮੁਨ



**ਸਮੱਗਰੀ**

- ਸ਼ਕਰਕੰਦੀ ਅੱਧਾ ਕਿੱਲੋ
- ਖੰਡ 500 ਗ੍ਰਾਮ
- ਮੈਦਾ ਅੱਧਾ ਕੱਪ
- ਸੋਡਾ ਬਾਈਕਾਰਬ ਅੱਧਾ ਛੋਟਾ ਚੱਮਚ
- ਦੇਸੀ ਘਿਓ 1 ਵੱਡਾ ਚੱਮਚ
- ਸੌਂਗੀ (ਕਿਸ਼ਮਿਸ਼) ਥੋੜ੍ਹੀ ਜਿਹੀ
- ਤੇਲ ਤਲਣ ਲਈ

**ਵਿਧੀ**

ਸ਼ਕਰਕੰਦੀ ਨੂੰ ਘੱਟ ਪਾਣੀ ਪਾ ਕੇ ਪ੍ਰੈਸ਼ਰ ਕੁੱਕਰ 'ਚ ਉਬਾਲ ਕੇ ਛਿੱਲ ਲਓ। ਕਿਸੇ ਭਾਂਡੇ 'ਚ ਪਾਣੀ ਤੇ ਖੰਡ ਮਿਲਾ ਕੇ ਇਕ ਤਾਰ ਦੀ ਚਾਸ਼ਨੀ ਬਣਾਓ। ਸੋਡੇ ਤੇ ਮੈਦੇ ਨੂੰ ਇਕੱਠਿਆਂ ਛਾਣ ਲਓ ਤੇ ਥੋੜ੍ਹਾ ਜਿਹਾ ਘਿਓ ਪਾ ਕੇ ਉਸ ਨੂੰ ਉੱਬਲੀ ਸ਼ਕਰਕੰਦੀ ਨਾਲ ਗੁੰਨ੍ਹ ਲਓ। ਹੁਣ ਇਸ ਦੇ ਛੋਟੇ-ਛੋਟੇ ਪੇੜੇ ਬਣਾਓ ਤੇ ਹਰ ਪੇੜੇ 'ਚ ਇਕ-ਇਕ ਸੌਂਗੀ (ਕਿਸ਼ਮਿਸ਼) ਰੱਖ ਦਿਓ। ਕੜਾਹੀ 'ਚ ਤੇਲ ਗਰਮ ਕੇ ਇਨ੍ਹਾਂ ਨੂੰ ਸੁਨਹਿਰਾ ਭੂਰਾ ਹੋਣ ਤਕ ਤਲ ਲਓ ਤੇ ਇਕ ਤਾਰ ਦੀ ਚਾਸ਼ਨੀ 'ਚ ਪਾਉਂਦੇ ਜਾਓ। ਸ਼ਕਰਕੰਦੀ ਦੇ ਗੁਲਾਬ ਜਾਮੁਨ ਤਿਆਰ ਹਨ, ਤੁਸੀਂ ਇਨ੍ਹਾਂ ਨੂੰ ਗਰਮ ਤੇ ਠੰਡਾ ਦੋਵੇਂ ਤਰੀਕੇ ਨਾਲ ਪਰੋਸ ਸਕਦੇ ਹੋ।

### ਅਦਰਕ ਅਤੇ ਗਾਜਰ ਦਾ ਸੂਪ

**ਸਮੱਗਰੀ**

- 5 ਗਾਜਰਾਂ
- 2 ਇੰਚ ਲੰਬਾ ਅਦਰਕ ਦਾ ਟੁਕੜਾ
- 2 ਪਿਆਜ਼
- 1 ਕੱਪ ਸਬਜ਼ੀਆਂ ਦਾ ਸ਼ੋਰਬਾ
- ਇਕ ਤਿਹਾਈ ਕੱਪ ਸੰਤਰੇ ਦਾ ਰਸ
- ਨਮਕ ਸਵਾਦ ਅਨੁਸਾਰ
- 2 ਚਮਚ ਪੀਸੀ ਕਾਲੀ ਮਿਰਚ
- 2 ਚਮਚ ਆਲਿਵ ਆਇਲ



**ਵਿਧੀ**

ਪੈਨ ਲਓ ਅਤੇ ਉਸ 'ਚ ਤੇਲ ਗਰਮ ਕਰੋ। ਇਸ 'ਚ ਕੱਟੇ ਹੋਏ ਪਿਆਜ਼ ਅਤੇ ਪੀਸਿਆ ਅਦਰਕ ਪਾ ਕੇ ਦੋ ਮਿੰਟ ਦੇ ਲਈ ਮੱਧਮ ਅੱਗ 'ਤੇ ਪਕਾ ਲਓ। ਇਸ 'ਚ ਸਬਜ਼ੀਆਂ ਦਾ ਸ਼ੋਰਬਾ ਪਾਓ ਅਤੇ ਅੱਗ ਨੂੰ ਮੱਧਮ ਕਰ ਦਿਓ, ਇਸ ਨੂੰ 25-30 ਮਿੰਟ ਦੇ ਲਈ ਪੱਕਣ ਦਿਓ ਤਾਂ ਕਿ ਸੂਪ ਗਾੜ੍ਹਾ ਹੋ ਜਾਏ। ਇਸ ਦੇ ਬਾਅਦ ਇਸ 'ਚ ਸੰਤਰੇ ਦਾ ਰਸ ਪਾਓ ਅਤੇ 2-3 ਮਿੰਟ ਦੇ ਲਈ ਮੱਧਮ ਅੱਗ 'ਤੇ ਪਕਾਓ ਅਤੇ ਫਿਰ ਗੈਸ ਬੰਦ ਕਰ ਦਿਓ। ਹੁਣ ਇਸ ਤਿਆਰ ਸੂਪ ਨੂੰ ਇਕ ਬਾਊਲ 'ਚ ਪਾਓ ਅਤੇ ਉਸ 'ਚ ਨਮਕ ਅਤੇ ਕਾਲੀ ਮਿਰਚ ਛਿੜਕ ਕੇ ਪਰੋਸੋ।

### ਘਰੇਲੂ ਟਿਪਸ

ਮਾਹਵਾਰੀ ਤਕਲੀਫ ਤੇ ਦਰਦ ਨਾਲ ਆਉਣੀ : 2 ਚਮਚ ਅਜਵਾਇਣ 2 ਕੱਪ ਪਾਣੀ ਵਿਚ ਪਾ ਕੇ ਉਬਾਲੋ। ਇਕ ਕੱਪ ਬਾਕੀ ਰੱਖ ਲਵੋ। ਇਸ ਵਿਚ ਗੁੜ ਮਿਲਾ ਕੇ ਸਵੇਰੇ ਖਾਲੀ ਪੇਟ ਚਾਹ ਵਾਂਗ ਪੀਓ। ਇਹ ਨੁਸਖਾ ਰੋਜ਼ਾਨਾ ਸਵੇਰੇ-ਸ਼ਾਮ 3 ਦਿਨ ਕਰੋ। ਆਮ ਤੌਰ 'ਤੇ 3 ਮਾਹਵਾਰੀਆਂ ਤਕ ਇਹ ਤਜਰਬਾ ਕਰਨਾ ਠੀਕ ਰਹਿੰਦਾ ਹੈ। ਮਾਹਵਾਰੀ ਆਉਣ ਤੋਂ 3 ਦਿਨ ਪਹਿਲਾਂ ਇਹ ਤਜਰਬਾ ਕਰਨ ਨਾਲ ਮਾਹਵਾਰੀ ਸਮੇਂ 'ਤੇ ਖੁੱਲ੍ਹ ਕੇ ਆਉਂਦੀ ਹੈ।


ਪੇਟ 'ਚ ਗੈਸ : ਅਜਵਾਇਣ ਦੇ ਨਾਲ ਹਰੜ ਤੇ ਕਾਲਾ ਲੂਣ ਲੈਣ ਨਾਲ ਪੇਟ ਫੁੱਲਣ, ਪੇਟ ਦਰਦ, ਡਕਾਰਾਂ ਆਦਿ ਤੋਂ ਤੁਰੰਤ ਆਰਾਮ ਮਿਲਦਾ ਹੈ।

### ਘਰੇਲੂ ਟਿਪਸ

ਸਿਰ ਦੇ ਵਾਲ ਝੜਨੇ : ਬੋਹੜ ਦੇ ਪੱਤਿਆਂ ਨੂੰ ਪੀਸ ਲਵੋ ਅਤੇ ਅਲਸੀ ਦੇ ਤੇਲ ਵਿਚ ਪਕਾਓ। ਪੱਤਿਆਂ ਦੇ ਸੜ ਜਾਣ 'ਤੇ ਤੇਲ ਛਾਣ ਕੇ ਰੱਖ ਲਵੋ। ਇਸ ਤੇਲ ਦੀ ਮਾਲਿਸ਼ ਕਰਨ ਨਾਲ ਕੁਝ ਹੀ ਦਿਨਾਂ ਵਿਚ ਵਾਲ ਝੜਨੇ ਰੁਕ ਜਾਣਗੇ ਅਤੇ ਝੜੇ ਹੋਏ ਵਾਲਾਂ ਦੀ ਥਾਂ 'ਤੇ ਨਵੇਂ ਵਾਲ ਉੱਗਣ ਲੱਗਣਗੇ। ਦੇਸੀ ਘਿਓ ਵਿਚ ਬਾਦਾਮ ਦੀਆਂ 4-5 ਗਿਰੀਆਂ ਪੀਸ ਕੇ ਪਾਓ ਅਤੇ ਇੰਨੀਆਂ ਉਬਾਲੋ ਕਿ ਗਿਰੀਆਂ ਦੇ ਟੁਕੜੇ ਸੜ ਜਾਣ। ਹੁਣ ਘਿਓ ਨੂੰ ਛਾਣ ਕੇ ਸ਼ੀਸ਼ੀ ਵਿਚ ਭਰ ਲਵੋ। ਇਸ ਘਿਓ ਨੂੰ ਕੋਸਾ ਕਰਕੇ ਸਿਰ 'ਤੇ ਮਾਲਿਸ਼ ਕਰਨ ਨਾਲ ਵਾਲਾਂ ਦਾ ਝੜਨਾ ਰੁਕਦਾ ਹੈ ਅਤੇ ਦਿਮਾਗੀ ਕਮਜ਼ੋਰੀ ਵੀ ਦੂਰ ਹੁੰਦੀ ਹੈ।

# ਸਪਲਾਈ ਚੇਨ ਟੁੱਟਣ ਮਗਰੋਂ ਨਸ਼ੇ ਕਰਨ ਦੇ ਇਲਾਜ ਲਈ ਨਸ਼ੇ ਦੇ ਆਦੀਆਂ ਦੀ ਵਧਣ ਵਾਲੀ ਗਿਣਤੀ ਲਈ ਨਸ਼ਾ ਮੁਕਤੀ ਕੇਂਦਰਾਂ 'ਚ ਤਿਆਰੀਆਂ ਮੁਕੰਮਲ: ਡਾ. ਪ੍ਰੀਤੀ ਯਾਦਵ

## ਨਸ਼ਾ ਤਸਕਰਾਂ ਦਾ ਖੁਰਾ ਖੋਜ ਮਿਟਾਉਣ ਲਈ ਪਟਿਆਲਾ ਪੁਲਿਸ ਤਤਪਰ: ਵਰੁਣ ਸ਼ਰਮਾ



**ਪਟਿਆਲਾ, 8 ਮਈ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਕਿਹਾ ਹੈ ਕਿ ਨਸ਼ਿਆਂ ਦੀ ਸਪਲਾਈ ਚੇਨ ਟੁੱਟਣ ਮਗਰੋਂ ਨਸ਼ੇ ਦੇ ਆਦੀਆਂ ਦੀ ਇਲਾਜ ਕਰਵਾਉਣ ਲਈ ਵਧਣ ਵਾਲੀ ਗਿਣਤੀ ਮੁਤਾਬਕ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪੰਜਾਬ ਸਰਕਾਰ ਦੇ ਹੁਕਮਾਂ ਮੁਤਾਬਕ ਲੋੜੀਂਦੀਆਂ ਤਿਆਰੀਆਂ ਮੁਕੰਮਲ ਹਨ। ਡਿਪਟੀ ਕਮਿਸ਼ਨਰ ਨੇ ਅੱਜ ਇੱਥੇ ਜ਼ਿਲ੍ਹਾ ਨਸ਼ਾ ਮੁਕਤੀ ਤੇ ਪੁਨਰਵਾਸ ਸੁਸਾਇਟੀ ਦੀ ਬੈਠਕ ਦੀ ਪ੍ਰਧਾਨਗੀ ਕਰਦਿਆਂ ਕਿਹਾ ਕਿ ਜ਼ਿਲ੍ਹੇ ਦੇ ਸਾਰੇ ਨਸ਼ਾ ਮੁਕਤੀ ਕੇਂਦਰਾਂ ਨੂੰ ਹੁਨਰ ਵਿਕਾਸ ਦੇ ਕੇਂਦਰਾਂ ਵਜੋਂ ਵੀ ਵਿਕਸਤ ਕੀਤਾ ਜਾ ਰਿਹਾ ਹੈ।

ਇਸ ਮੌਕੇ ਉਨ੍ਹਾਂ ਦੇ ਨਾਲ ਮੌਜੂਦ ਜ਼ਿਲ੍ਹਾ ਪੁਲਿਸ ਮੁਖੀ ਵਰੁਣ ਸ਼ਰਮਾ ਨੇ ਕਿਹਾ ਕਿ ਪਟਿਆਲਾ ਪੁਲਿਸ ਨਸ਼ਾ ਤਸਕਰਾਂ ਦਾ ਖੁਰਾ ਖੋਜ ਮਿਟਾਉਣ ਲਈ ਪੂਰੀ ਤਰ੍ਹਾਂ ਤਤਪਰ ਹੈ ਤੇ ਪੁਲਿਸ ਵੱਲੋਂ ਸਪਲਾਈ ਚੇਨ ਤੋੜੇ ਜਾਣ ਕਰਕੇ ਨਸ਼ਾ ਮੁਕਤੀ ਲਈ ਵੱਧ ਲੋਕ ਅੱਗੇ ਆਉਣਗੇ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਇਸ ਮਾਮਲੇ 'ਚ ਪੂਰੀ ਸਪੱਸ਼ਟ ਹੈ ਕਿ ਨਸ਼ੇ ਛੱਡਣ ਦੇ ਚਾਹਵਾਨਾਂ ਦਾ ਉਨ੍ਹਾਂ ਦੇ ਪੁਨਰਵਾਸ ਦੇ ਅਖੀਰ ਤੱਕ ਫਾਲੋਅਪ ਕੀਤਾ ਜਾਵੇਗਾ ਤਾਂ ਕਿ ਉਹ ਦੁਬਾਰਾ ਨਸ਼ਿਆਂ ਦੀ ਦਲਦਲ 'ਚ ਨਾ ਜਾਣ। ਇਸ ਲਈ ਜ਼ਿਲ੍ਹਾ ਮੈਡੀਕਲ ਕਮਿਸ਼ਨਰ ਤੇ ਸਾਕੇਤ ਨਸ਼ਾ ਮੁਕਤੀ ਤੇ ਪੁਨਰਵਾਸ ਕੇਂਦਰ ਸਮੇਤ ਸਿਵਲ ਸਰਜਨ ਦੀ ਅਗਵਾਈ ਹੇਠ ਐਸ.ਐਮ.ਓਜ ਦੀਆਂ ਟੀਮਾਂ ਪੂਰੀ ਲਗਨ ਨਾਲ ਇਸ ਜਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣਾ ਯਕੀਨੀ ਬਣਾਉਣ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਵਿੱਢੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ 8 ਮਈ ਤੋਂ ਕੱਢੀ ਜਾ ਰਹੀ ਨਸ਼ਾ ਮੁਕਤੀ ਯਾਤਰਾ ਪਿੰਡ-ਪਿੰਡ ਤੱਕ ਲਿਜਾਈ ਜਾਵੇਗੀ।

ਡਾ. ਪ੍ਰੀਤੀ ਯਾਦਵ ਨੇ ਜ਼ਿਲ੍ਹੇ ਦੇ ਤਿੰਨ ਸਰਕਾਰੀ ਮਾਡਲ ਨਸ਼ਾ ਮੁਕਤੀ ਕੇਂਦਰਾਂ, ਸਾਕੇਤ ਹਸਪਤਾਲ, ਮਾਡਲ ਡੀ ਐਡਿਕਸ਼ਨ ਸੈਂਟਰ ਰਾਜਿੰਦਰਾ ਹਸਪਤਾਲ ਤੇ ਸਿਵਲ ਹਸਪਤਾਲ ਰਾਜਪੁਰਾ, 7 ਪ੍ਰਾਈਵੇਟ ਨਸ਼ਾ ਮੁਕਤੀ ਕੇਂਦਰਾਂ ਸਮੇਤ ਰੈਡ ਕਰਾਸ ਦੇ ਸਾਕੇਤ ਪੁਨਰਵਾਸ ਕੇਂਦਰ, 9 ਪ੍ਰਾਈਵੇਟ ਪੁਨਰਵਾਸ ਕੇਂਦਰਾਂ ਅਤੇ 32 ਓਟ ਕਲੀਨਿਕਾਂ ਦੀ ਕਾਰਗੁਜ਼ਾਰੀ ਦਾ ਵੀ ਮੁਲੰਕਣ ਵੀ ਕੀਤਾ।

ਉਨ੍ਹਾਂ ਕਿਹਾ ਕਿ ਜੇਕਰ ਸਰਕਾਰੀ ਨਸ਼ਾ ਮੁਕਤੀ ਤੇ ਪੁਨਰਵਾਸ ਕੇਂਦਰਾਂ ਵਿਖੇ ਕੋਈ ਬੈਡ ਖਾਲੀ ਨਾ ਹੋਵੇ ਤਾਂ ਪ੍ਰਾਈਵੇਟ ਫੈਸਿਲਟੀ ਨਾਲ ਸੰਪਰਕ ਕਰਕੇ ਬੈਡ ਮੁਹਈਆ ਕਰਵਾਇਆ ਜਾਵੇ। ਉਨ੍ਹਾਂ ਨੇ ਕਿਹਾ ਕਿ ਲੋਕ ਨਸ਼ਿਆਂ ਬਾਰੇ ਸੁਚੇਤ ਰਹਿਣ ਤੇ ਲੋੜ ਪੈਣ 'ਤੇ ਸਾਕੇਤ ਹਸਪਤਾਲ ਦੀ ਸਹਿਯੋਗੀ ਹੈਲਪਲਾਈਨ 0175-2213385 ਨਾਲ ਸੰਪਰਕ ਕਰਕੇ ਲੋਕ ਇਸ ਤੋਂ ਵੀ ਮਦਦ ਲੈ ਸਕਦੇ ਹਨ।

ਇਸ ਮੌਕੇ ਏ.ਡੀ.ਸੀ. ਇਸ਼ਾ ਸਿੰਗਲ, ਐਸ.ਪੀ ਵੈਭਵ ਚੌਧਰੀ, ਸਿਵਲ ਸਰਜਨ ਡਾ. ਜਗਪਾਲਇੰਦਰ ਸਿੰਘ, ਜ਼ਿਲ੍ਹਾ ਮੈਡੀਕਲ ਕਮਿਸ਼ਨਰ ਡਾ. ਜਸਵਿੰਦਰ ਸਿੰਘ, ਸਾਕੇਤ ਹਸਪਤਾਲ ਦੇ ਪ੍ਰਾਜੈਕਟ ਡਾਇਰੈਕਟਰ ਪਰਮਿੰਦਰ ਕੌਰ ਮਨਚੰਦਾ, ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਜੋਬਨਦੀਪ ਕੌਰ ਚੀਮਾ, ਡੈਡੀਕੇਟਿਡ ਬ੍ਰਦਰਜ਼ ਦੇ ਸਕੱਤਰ ਹਰਪ੍ਰੀਤ ਸਿੰਘ ਸੰਧੂ, ਜਨ ਹਿਤ ਸੰਮਤੀ ਤੋਂ ਵਿਨੋਦ ਸ਼ਰਮਾ ਤੇ ਵੀ.ਐਸ ਆਹਲੂਵਾਲੀਆ, ਪਟਿਆਲਾ ਸ਼ੋਸ਼ਲ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਵਿਜੇ ਗੋਇਲ, ਡਾ. ਸਿਖ਼ਾ ਗੋਇਲ, ਡਾ. ਰੂਬੀ ਗੁਪਤਾ, ਡਾ. ਅਭਿਨਵ ਸ਼ਰਮਾ, ਇੰਸਪੈਕਟਰ ਸਰਪ੍ਰੀਤ ਕੌੜਾ ਤੇ ਹੋਰ ਅਧਿਕਾਰੀ ਮੌਜੂਦ ਸਨ।

# ਜੇਈਈ ਮੇਨਜ਼ 2025 'ਚ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੀ ਕਾਮਯਾਬੀ 'ਤੇ ਸਨਮਾਨ ਸਮਾਰੋਹ



**ਪਟਿਆਲਾ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਦੀ ਰਹਿਨੁਮਾਈ ਹੇਠ ਸੰਜੀਵ ਸ਼ਰਮਾ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਦੀ ਅਗਵਾਈ ਵਿੱਚ ਪਟਿਆਲਾ ਵਿਖੇ ਜੇਈਈ ਮੇਨਜ਼ 2025 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵੱਖ ਵੱਖ ਸਕੂਲਾਂ ਦੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਅਧਿਆਪਕਾਂ ਲਈ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਸਮਾਰੋਹ ਦੌਰਾਨ ਵਿਦਿਆਰਥੀਆਂ ਨੂੰ ਡੀਈਓ ਪਟਿਆਲਾ ਸੰਜੀਵ ਸ਼ਰਮਾ ਅਤੇ ਡਿਪਟੀ ਡੀਈਓ ਰਵਿੰਦਰਪਾਲ ਸ਼ਰਮਾ ਵੱਲੋਂ ਸਨਮਾਨਿਤ ਕੀਤਾ ਗਿਆ।

ਇਸ ਮੌਕੇ 'ਤੇ ਜ਼ਿਲ੍ਹਾ ਮੈਂਟਰ ਫਿਜ਼ਿਕਸ ਮਨਦੀਪ ਕੌਰ ਅੰਟਾਲ ਨੇ ਵਿਦਿਆਰਥੀਆਂ ਦਾ ਨਿਰੰਤਰ ਉਤਸ਼ਾਹ ਵਧਾਉਣ ਲਈ ਜ਼ਿਲ੍ਹਾ ਸਿੱਖਿਆ ਅਫ਼ਸਰ ਪਟਿਆਲਾ ਅਤੇ ਸਮੂਹ ਟੀਮ ਦਾ ਧੰਨਵਾਦ ਵੀ ਕੀਤਾ। ਜ਼ਿਲ੍ਹਾ ਨੋਡਲ ਇੰਚਾਰਜ ਦੌਲਤ ਰਾਮ ਲੈਕਚਰਾਰ ਨੇ ਦੱਸਿਆ ਕਿ ਜ਼ਿਲ੍ਹੇ ਦੇ ਮੈਰੀਟੋਰੀਅਸ ਸਕੂਲ ਦੇ 18 ਵਿਦਿਆਰਥੀਆਂ, ਸਕੂਲ ਆਫ਼ ਐਮੀਨੈਂਸ ਦੇ 5 ਵਿਦਿਆਰਥੀਆਂ ਦੇ ਸਮੇਤ 32 ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ।

ਸੰਜੀਵ ਸ਼ਰਮਾ ਡੀਈਓ ਪਟਿਆਲਾ ਨੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਇਸ ਸਫਲਤਾ ਲਈ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਇਹ ਬੱਚੇ ਜੇਈਈ ਐਡਵਾਂਸ ਵਿੱਚ ਵੀ ਲਾਜਵਾਬ ਨਤੀਜੇ ਦੇਣਗੇ।

ਡਿਪਟੀ ਡੀਈਓ ਰਵਿੰਦਰਪਾਲ ਸ਼ਰਮਾ ਨੇ ਸਫਲਤਾ ਦਾ ਸਿਹਰਾ ਸਾਰੀ ਸਿੱਖਿਆ ਟੀਮ ਨੂੰ ਦਿੱਤਾ ਅਤੇ ਸਾਥੀ ਟੀਮ ਦੀ ਭੂਮਿਕਾ ਦੀ ਵੀ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ ਕਿ ਇਹ ਪ੍ਰਾਪਤੀ ਪਟਿਆਲਾ ਦੇ ਸਰਕਾਰੀ ਸਕੂਲਾਂ ਦੀ ਨਿਰੰਤਰ ਅਕਾਦਮਿਕ ਉੱਤਮਤਾ ਅਤੇ ਵਚਨਬੱਧਤਾ ਦਾ ਨਤੀਜਾ ਹੈ। ਡਿਪਟੀ ਡੀਈਓ ਰਵਿੰਦਰਪਾਲ ਸ਼ਰਮਾ ਨੇ ਕਿਹਾ ਕਿ ਜੇਈਈ ਮੇਨਜ਼ ਪ੍ਰੀਖਿਆ ਪਾਸ ਕਰਕੇ ਸਰਕਾਰੀ ਸਕੂਲਾਂ ਦਾ ਮਾਣ ਵੀ ਵਧਾਇਆ ਹੈ। ਸਮਾਰੋਹ ਵਿੱਚ ਵਿਸ਼ੇਸ਼ ਤੌਰ 'ਤੇ ਸੰਦੀਪ ਕੁਮਾਰ, ਰਮਨਦੀਪ ਕੌਰ, ਸਟੇਟ ਟੀਮ ਮੈਂਬਰ, ਦਿਨੇਸ਼ ਕੁਮਾਰ ਲੈਕਚਰਾਰ, ਕ੍ਰਿਸ਼ਨ ਵੋਹਰਾ, ਮੰਜੂ, ਮਨਪ੍ਰੀਤ ਸਿੰਘ, ਗਗਨਦੀਪ ਬਾਂਸਲ ਅਤੇ ਅੰਜਲੀ ਵੀ ਮੌਜੂਦ ਰਹੇ।

# ਪ੍ਰਸ਼ਾਸਨ ਨੇ ਭਾਰੀ ਪੁਲਿਸ ਫੋਰਸ ਨਾਲ ਲਿਆ ਗਰੀਨ ਫੀਲਡ ਪ੍ਰੋਜੈਕਟ ਅਧੀਨ ਬਣਨ ਵਾਲੇ ਹਾਈਵੇ ਲਈ ਜ਼ਮੀਨ ਦਾ ਕਬਜ਼ਾ



**ਮਾਛੀਵਾੜਾ ਸਾਹਿਬ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਛੀਵਾੜਾ ਨਜ਼ਦੀਕ ਰਾਹੋ ਰੋਡ ਤੇ ਸਵੇਰ ਤਤਸਾਰ ਹੀ ਭਾਰੀ ਮਾਤਰਾ ਵਿੱਚ ਪੁੱਜੀ ਫੋਰਸ ਨੂੰ ਦੇਖ ਲੋਕ ਦੰਗ ਰਹਿ।ਲੁਧਿਆਣਾ ਰੋਪੜ ਗ੍ਰੀਨ ਫੀਲਡ ਪ੍ਰੋਜੈਕਟ ਅਧੀਨ ਨਾਲ ਬਣਨ ਵਾਲੇ ਨਵੇਂ ਹਾਈਵੇਅ ਲਈ ਪ੍ਰਸ਼ਾਸਨ ਨੇ ਅੱਜ ਤੜਕਸਾਰ ਹੀ ਜ਼ਮੀਨ ਤੇ ਕਬਜ਼ਾ ਕਰਾਉਣ ਦਾ ਕੰਮ ਸ਼ੁਰੂ ਕਰ ਦਿੱਤਾ। ਜਦੋਂ ਤਾਈ ਲੋਕ ਸੁੱਤੇ ਪਏ ਉੱਠ ਕੇ ਘਰਾਂ ਤੋਂ ਬਾਹਰ ਆਉਂਦੇ ਉਨੇ ਸਮੇਂ ਤੱਕ ਪ੍ਰਸ਼ਾਸਨ ਨੇ ਜਮੀਨ ਐਕਵਾਇਰ ਕਰਨ ਦਾ ਕੰਮ ਸ਼ੁਰੂ ਕਰ ਦਿੱਤਾ ਦਿਨ ਚੜ੍ਹਦੇ ਨਾਲ ਹੀ ਭਾਰੀ ਗਿਣਤੀ ਵਿੱਚ ਪੁਲਿਸ ਫੋਰਸ ਦੇ ਨਾਲ ਪ੍ਰਸ਼ਾਸ਼ਨਿਕ ਅਤੇ ਐਨ ਐਚ ਏ ਆਈ ਦੇ ਅਧਿਕਾਰੀਆਂ ਨਾਲ ਬਲਾਕ ਦੇ ਪਿੰਡ ਗੁਰੂਗੜ੍ਹ ਤੋਂ ਸ਼ੁਰੂ ਹੋਕੇ ਜ਼ਮੀਨਾਂ ਦਾ ਕਬਜ਼ਾ ਲੈਣ ਦਾ ਕੰਮ ਸ਼ੁਰੂ ਕਰ ਦਿੱਤਾ।

ਇਸ ਮੋਕੇ ਪੁਲਿਸ ਫੋਰਸ ਦੀ ਅਗਵਾਈ ਐਸ ਪੀ ਡੀ ਖੰਨਾ ਪਵਨਜੀਤ ਕਰ ਰਹੇ ਸਨ ਜਦਕਿ ਪ੍ਰਸ਼ਾਸ਼ਨਿਕ ਅਧਿਕਾਰੀਆਂ ਦੀ ਅਗਵਾਈ ਐਸ ਡੀ ਐਮ ਰਜਨੀਸ਼ ਅਰੋੜਾ ਕਰ ਰਹੇ ਸਨ ਇਸ ਸੰਬੰਧੀ ਗੱਲਬਾਤ ਕਰਦਿਆਂ ਐਸ ਡੀ ਐਮ ਰਜਨੀਸ਼ ਅਰੋੜਾ ਨੇ ਕਿਹਾ ਕਿ ਇਸ ਪ੍ਰੋਜੈਕਟ ਲਈ ਅੱਜ ਸਰਕਾਰ ਵੱਲੋਂ ਜਾਰੀ ਹੁਕਮਾ ਅਨੁਸਾਰ ਐਨ ਐਚ ਏ ਆਈ ਨੂੰ ਜ਼ਮੀਨਾ ਦੀ ਨਿਸ਼ਾਨਦੇਹੀ ਕਰਵਾ ਕੇ ਕਬਜ਼ਾ ਲਿਆ ਗਿਆ ਉਨ੍ਹਾਂ ਕਿਹਾ ਕਿ ਖਾਲੀ ਪਈ ਜ਼ਮੀਨਾ ਦਾ ਹੀ ਕਬਜ਼ਾ ਲਿਆ ਜਾ ਰਿਹਾ ਹੈ ਜੇਕਰ ਕਿਸੇ ਕਿਸਾਨ ਦੀ ਫਸਲ ਖੜੀ ਹੈ ਤਾ ਉਸਨੂੰ ਬਿਲਕੁਲ ਵੀ ਛੇੜਿਆ ਨਹੀਂ ਜਾ ਰਿਹਾ ਨਾ ਹੀ ਮਾਣਯੋਗ ਅਦਾਲਤ ਵੱਲੋਂ ਸਟੇਅ ਅਰਡਾਰ ਕੀਤੀਆ ਜ਼ਮੀਨਾਂ ਨਾਲ ਕੋਈ ਵੀ ਛੇੜਛਾੜ ਨਹੀਂ ਕੀਤੀ ਜਾ ਰਹੀ ਹੈ। ਉਹਨਾਂ ਦੱਸਿਆ ਕਿ ਅੱਜ਼ ਸਾਰਾ ਦਿਨ ਚੱਲਣ ਵਾਲੀ ਇਸ ਮੁਹਿੰਮ ਤਹਿਤ ਗੁਰੂਗੜ੍ਹ, ਮਾਣੇਵਾਲ, ਮਾਛੀਵਾੜਾ ਸਾਹਿਬ, ਬੁਰਜ ਕੱਚਾ, ਰਤੀਪੁਰ, ਸਹਿਜੋ ਮਾਜਰਾ, ਨੂਰਪੁਰ ਆਦਿ ਪਿੰਡਾਂ ਵਿੱਚ ਨੈਸ਼ਨਲ ਹਾਈਵੇ ਲਈ ਕਬਜ਼ਾ ਲਿਆ ਜਾਵੇਗਾ ਇਸ ਮੌਕੇ ਪੁਲਿਸ ਜ਼ਿਲ੍ਹਾ ਖੰਨਾ ਦੇ ਐਸ ਪੀ ਡੀ ਪਵਨਜੀਤ ਨੇ ਦੱਸਿਆ ਕਿ ਜ਼ਮੀਨ ਅਕਵਾਇਰ ਕਰਨ ਵਾਲੇ ਸਾਡੇ ਇਲਾਕੇ ਵਿੱਚ ਸ਼ਾਨਤੀ ਪੂਰਵਕ ਸਥਿਤੀ ਹੈ ਆਮ ਲੋਕ ਪ੍ਰਸ਼ਾਸ਼ਨ ਦਾ ਸਹਿਯੋਗ ਕਰ ਰਹੇ ਹਨ ਇਸ ਮੌਕੇ ਸਮਰਾਲਾ ਡੀ ਐਸ ਪੀ ਤਰਲੋਚਨ ਸਿੰਘ, ਨਾਇਬ ਤਹਿਸੀਲਦਾਰ ਰਾਜੇਸ ਕੁਮਾਰ ਅਹੂਜਾ, ਮਾਛੀਵਾੜਾ ਦੇ ਥਾਣਾ ਮੁਖੀ ਹਰਵਿੰਦਰ ਸਿੰਘ , ਸਮਰਾਲਾ ਥਾਣਾ ਮੁਖੀ ਪਵਿੱਤਰ ਸਿੰਘ ਅਤੇ ਹੋਰ ਕਈ ਪੁਲਿਸ ਅਤੇ ਪ੍ਰਸ਼ਾਸਨਿਕ ਅਧਿਕਾਰੀ ਮੌਜੂਦ ਸਨ।

# ਉਦਾਸੀ ਸੰਪਰਦਾ ਸਿੱਖ ਪੰਥ ਦਾ ਅਟੁੱਟ ਅੰਗ:ਠਾਕੁਰ ਦਲੀਪ ਸਿੰਘ

**ਲੁਧਿਆਣਾ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਗੁਰੂ ਨਾਨਕ ਨਾਮ ਲੇਵਾ ਦੀ ਰੰਗ ਬਿਰੰਗੀ ਫੁਲਵਾੜੀ ਦੇ ਰੰਗ-ਬਿਰੰਗੇ ਫੁੱਲ ਕਈ ਸੰਪ੍ਰਦਾਵਾਂ ਦੇ ਰੂਪ ਵਿੱਚ ਹਨ. ਜੋ ਸਾਰੇ ਹੀ ਗੁਰੂ ਨਾਨਕ ਪੰਥੀ ਸਿੱਖ ਹਨ। ਇਹਨਾਂ ਹੀ ਸੰਪਰਦਾਵਾਂ ਵਿੱਚੋਂ ਇੱਕ ਨਾਨਕ ਪੰਥੀਆਂ ਦੀ ਉਦਾਸੀ ਸੰਪਰਦਾ÷ ਹੈ ਜੋ ਪਰਮ ਪੂਜ ਅਤੇ ਮਹਾ ਤਪੱਸਵੀ ਭਗਵਾਨ ਸ੍ਰੀ ਚੰਦ ਜੀ ਤੋਂ ਸ਼ੁਰੂ ਹੁੰਦੀ ਹੈ। ਇਸ ਸੰਪ੍ਰਦਾ ਨੇ ਸਿੱਖੀ ਅਤੇ ਗੁਰਬਾਣੀ ਦਾ ਸਭ ਤੋਂ ਵੱਧ ਪ੍ਰਚਾਰ ਕੀਤਾ। ਉਦਾਸੀ ਸਿੱਖਾਂ ਨੇ ਆਪਣੇ ਹੱਥੀਂ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਅਤੇ ਪੋਥੀਆਂ ਲਿਖੀਆਂ। ਉਦਾਸੀ ਸੰਪ੍ਰਦਾ ਦੇ ਸੇਵਕਾਂ ਨੇ ਬਿਨਾਂ ਕਿਸੇ ਤਨਖਾਹ ਤੋਂ ਥਾਂ ਥਾਂ ਤੇ ਜਾ ਕੇ ਧਾਰਮਿਕ ਇਤਿਹਾਸਿਕ ਅਸਥਾਨਾਂ ਨੂੰ ਸੰਭਾਲਿਆ, ਉੱਥੇ ਗੁਰਦੁਆਰੇ ਬਣਾਏ, ਸੇਵਾ ਕੀਤੀ ਅਤੇ ਸਿੱਖੀ ਦਾ ਪ੍ਰਚਾਰ ਕੀਤਾ। ਪਰੰਤੂ, ਅੱਜ ਵੱਡੇ ਇਤਿਹਾਸਕ ਗੁਰਦੁਆਰਿਆਂ ਉੱਤੇ ਕਾਬਜ ਧੜਾ ਅਤੇ ਕੱਟੜ ਪੰਥੀ ਅਖੌਤੀ ਸਿੱਖ ਸਿੱਖ ਪੰਥ ਦਾ ਸਭ ਤੋਂ ਵੱਧ ਪ੍ਰਚਾਰ ਕਰਨ ਵਾਲੇ ਇਹਨਾਂ ਉਦਾਸੀ ਸਿੱਖਾਂ ਬਾਰੇ ਕਹਿੰਦੇ ਹਨ ਇਹ 'ਸਿੱਖ' ਹੀ ਨਹੀਂ ਹਨ।ਭਗਵਾਨ ਸ੍ਰੀ ਚੰਦ ਅਤੇ ਉਦਾਸੀਆਂ ਦਾ ਵਿਰੋਧ ਕਰਨ ਵਾਲੇ ਕੱਟੜ ਪੰਥੀ ਅੰਮ੍ਰਿਤਧਾਰੀਆਂ ਨੂੰ ਇਹ ਵਿਚਾਰਨ ਦੀ ਲੋੜ ਹੈ ਕਿ ਭਗਵਾਨ ਸ੍ਰੀ ਚੰਦ ਦਾ ਹਰ ਪ੍ਰਕਾਰ ਦਾ ਸਤਿਕਾਰ ਤਾਂ ਦੂਸਰੀ ਪਾਤਸ਼ਾਹੀ ਤੋਂ ਲੈ ਕੇ ਛੇਵੀਂ ਪਾਤਿਸ਼ਾਹੀ ਤੱਕ, ਪੰਜੇ ਸਤਿਗੁਰੂ ਸਾਹਿਬਾਨ ਕਰਦੇ ਰਹੇ ਹਨ। ਹਰ ਸਾਲ ਉਹਨਾਂ ਨੂੰ ਭੇਟਾ ਦਿੰਦੇ ਰਹੇ। ਇਥੋਂ ਤੱਕ ਕਿ ਛੇਵੇਂ ਪਾਤਿਸ਼ਾਹ ਗੁਰੂ ਹਰਗੋਬਿੰਦ ਸਾਹਿਬ ਜੀ ਨੇ ਤਾਂ ਆਪਣੇ ਵੱਡੇ ਸਪੁੱਤਰ ਗੁਰਦਿੱਤਾ ਨੂੰ ਵੀ ਭਗਵਾਨ ਸ੍ਰੀ ਚੰਦ ਦੇ ਅਰਪਣ ਕਰ ਦਿੱਤਾ ਸੀ। ਸ੍ਰੀ ਗੁਰਦਿੱਤਾ ਜੀ, ਭਗਵਾਨ ਸ੍ਰੀ ਚੰਦ ਜੀ ਦੇ ਪਹਿਲੇ ਵੱਡੇ ਸੇਵਕ ਹੋਏ ਅਤੇ ਉਦਾਸੀਨ ਮੱਤ ਦੇ ਪਹਿਲੇ ਗੱਦੀ ਨਸ਼ੀਨ ਵੀ ਹੋਏ। ਪੂਜਯ ਸ੍ਰੀ ਗੁਰਦਿੱਤਾ ਜੀ ਦੇ ਸਪੁੱਤਰ ਹਰਿ ਰਾਏ ਜੀ ਹੋਏ, ਜੋ ਕਿ ਸਿੱਖ ਪੰਥ ਦੇ ਸੱਤਵੇਂ ਗੁਰੂ ਬਣੇ। ਭਾਵ, ਉਦਾਸੀ ਮੱਤ ਦੇ ਪਹਿਲੇ ਸ੍ਰੀ ਮਹੰਤ ਦੇ ਸਪੁੱਤਰ ਹਰਿ ਰਾਏ ਜੀ ਨੂੰ ਗੁਰੂ ਹਰਗੋਬਿੰਦ ਸਾਹਿਬ ਜੀ ਨੇ ਆਪਣੀ ਗੁਰਗੱਦੀ ਦਿੱਤੀ। ਇਸ ਤੋਂ ਇਹ ਬਹੁਤ ਪ੍ਰਤੱਖ ਹੋ ਜਾਂਦਾ ਹੈ ਕਿ ਜਦੋਂ ਪੂਜਯ ਸ੍ਰੀ ਗੁਰਦਿੱਤਾ ਜੀ, ਉਦਾਸੀਨ ਸੰਪਰਦਾ ਦੇ ਬਾਨੀ ਭਗਵਾਨ ਸ੍ਰੀ ਚੰਦ ਜੀ ਦੇ ਗੱਦੀ ਨਸ਼ੀਨ ਮਹੰਤ ਵੀ ਸਨ, ਅਤੇ ਉਹਨਾਂ ਦੇ ਸਪੁੱਤਰ ਹਰਿ ਰਾਏ ਜੀ ਵੀ ਤਾਂ ਉਦਾਸੀ ਹੀ ਸਨ। ਫਿਰ, ਗੁਰੂ ਜੀ ਨੇ ਇੱਕ ਉਦਾਸੀ ਸ੍ਰੀ ਮਹੰਤ ਦੇ ਉਦਾਸੀ ਸਪੁੱਤਰ ਨੂੰ ਗੱਦੀ ਦਿੱਤੀ ਤਾਂ ਉਦਾਸੀ ਸਿੱਖ ਪੰਥ ਤੋਂ ਵੱਖਰੇ ਕਿਵੇਂ ਕੀਤੇ ਜਾ ਸਕਦੇ ਹਨ। ਗੁਰੂ ਹਰਗੋਬਿੰਦ ਸਾਹਿਬ ਜੀ ਦੇ ਹੋਰ ਸਪੁੱਤਰ ਵੀ ਸਨ ਅਤੇ ਹੋਰ ਪੋਤਰੇ ਵੀ ਹੈਗੇ ਸਨ। ਪਰ ਗੁਰੂ ਜੀ ਨੇ ਗੁਰਦਿੱਤਾ ਜੀ (ਉਦਾਸੀਆਂ ਦੇ ਸ੍ਰੀ ਮਹੰਤ) ਦੇ ਸਪੁੱਤਰ ਨੂੰ ਹੀ ਗੱਦੀ ਕਿਉਂ ਦਿੱਤੀ।

ਭਗਵਾਨ ਸ੍ਰੀ ਚੰਦ ਜੀ ਦਾ ਵਿਰੋਧ ਅਤੇ ਉਦਾਸੀ ਸੰਪਰਦਾ ਦਾ ਵਿਰੋਧ ਅੰਗਰੇਜ਼ਾਂ ਦੀ ਬਣਾਈ ਸਿੰਘ ਸਭਾ ਦੇ ਪ੍ਰਭਾਵ ਹੇਠ ਹੀ ਆਰੰਭ ਹੋਇਆ ਹੈ। ਕਿਉਂਕਿ ਈਸਾਈ ਅੰਗਰੇਜ਼, ਸਿੱਖ ਪੰਥ ਨੂੰ ਘਟਾ ਕੇ ਆਪਸ ਵਿੱਚ ਪਾਟਕ ਪਵਾ ਕੇ, ਲੜਾ ਕੇ ਸਮਾਪਤ ਕਰਨਾ ਚਾਹੁੰਦੇ ਸਨ ਅਤੇ ਸਾਰੇ ਸਿੱਖਾਂ ਨੂੰ ਸਮਾਪਤ ਕਰ ਕੇ ਈਸਾਈ ਬਣਾਉਣਾ ਚਾਹੁੰਦੇ ਸਨ। ਸਿੱਖ ਪੰਥ ਨੂੰ ਸਮਾਪਤ ਕਰਨ ਦੇ ਲਕਸ਼ ਨੂੰ ਪੂਰਾ ਕਰਨ ਵਾਸਤੇ ਅੰਗਰੇਜ਼ਾਂ ਨੇ ਜੋ ਲਾਹੌਰ ਸਿੰਘ ਸਭਾ ਬਣਾਈ ਉਸ ਰਾਹੀਂ ਐਸਾ ਇੱਕ ਪ੍ਰਚਾਰ ਕਰ ਦਿੱਤਾ ਉਦਾਸੀ, ਸਿੱਖ ਹੀ ਨਹੀਂ ਹੈਗੇ।

# ਨਸ਼ਿਆਂ ਦੇ ਦੂਰ ਪ੍ਰਭਾਵ ਤੋਂ ਬਚਾਉਣ ਲਈ ਇੱਕ ਪੈਦਲ ਰੈਲੀ ਦਾ ਆਯੋਜਨ



**ਪਟਿਆਲਾ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭੇਡਵਾਲ ਦੁਆਰਾ ਸਿੱਖਿਆ ਵਿਭਾਗ ਪੰਜਾਬ ਅਤੇ ਡਿਪਟੀ ਕਮਿਸ਼ਨਰ ਪਟਿਆਲਾ ਦੇ ਆਦੇਸ਼ ਅਨੁਸਾਰ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਦੂਰ ਪ੍ਰਭਾਵ ਤੋਂ ਬਚਾਉਣ ਲਈ ਇੱਕ ਪੈਦਲ ਰੈਲੀ ਦਾ ਆਯੋਜਨ ਕੀਤਾ ਗਿਆ। ਸਕੂਲ ਲੈਕਚਰਾਰ ਸਰਦਾਰ ਤਰਨਜੀਤ ਸਿੰਘ ਸਿੱਧੂ ਨੇ ਦੱਸਿਆ ਕਿ ਪ੍ਰਿੰਸੀਪਲ ਸ੍ਰੀਮਤੀ ਗੁਰਦੀਪ ਕੌਰ ਦੁਆਰਾ ਇਸ ਰੈਲੀ ਨੂੰ ਝੰਡੀ ਦੇ ਕੇ ਰਵਾਨਾ ਕੀਤਾ ਗਿਆ ਅਤੇ ਲੈਕਚਰਾਰ ਡਾਕਟਰ ਪ੍ਰਵੀਨ ਬੇਗਮ ਦੀ ਅਗਵਾਈ ਵਿੱਚ ਇਹ ਰੈਲੀ ਭੇਡਵਾਲ ਸਕੂਲ ਤੋਂ ਸ਼ੁਰੂ ਹੋ ਕੇ ਆਲੇ ਦੁਆਲੇ ਦੇ ਪਿੰਡਾਂ ਵਿੱਚ ਦੀ ਹੁੰਦੀ ਹੋਈ ਦੁਬਾਰਾ ਸਕੂਲ ਵਿੱਚ ਆ ਕੇ ਹੀ ਸਮਾਪਤ ਹੋਈ।

# ਸਰਕਾਰੀ ਸਕੂਲ ਸੰਧੂ ਪੱਤੀ ਵਿਖੇ ਕਰਵਾਏ ਗਏ ਅੰਗਰੇਜ਼ੀ ਭਾਸ਼ਾ ਦੇ ਸੁੰਦਰ ਲਿਖਤ ਮੁਕਾਬਲੇ




**ਬਰਨਾਲਾ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਬਰਨਾਲਾ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੰਧੂ ਪੱਤੀ ਬਰਨਾਲਾ ਵਿਖੇ ਸਕੂਲ ਪ੍ਰਿੰਸੀਪਲ ਰਜੇਸ਼ ਕੁਮਾਰ ਦੀ ਅਗਵਾਈ ਵਿੱਚ ਵਿਦਿਆਰਥੀਆਂ ਦੇ ਅੰਗਰੇਜ਼ੀ ਵਿਸ਼ੇ ਦੇ ਸੁੰਦਰ ਲਿਖਤ ਮੁਕਾਬਲੇ ਕਰਵਾਏ ਗਏ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਅੰਗਰੇਜ਼ੀ ਵਿਸ਼ੇ ਦੀ ਅਧਿਆਪਕਾ ਮੈਡਮ ਹਰਪ੍ਰੀਤ ਕੌਰ ਨੇ ਦੱਸਿਆ ਕਿ ਸੁੰਦਰ ਲਿਖਤ ਮੁਕਾਬਲੇ ਬੱਚਿਆਂ ਦੇ ਵਿਅਕਤੀਗਤ ਵਿਕਾਸ ਅਤੇ ਅਕਾਦਮਿਕ ਜੀਵਨ ਦੋਹਾਂ ਵਿਚ ਮਦਦਗਾਰ ਹੁੰਦੇ ਹਨ। ਪ੍ਰਿੰਸੀਪਲ ਰਾਜੇਸ਼ ਕੁਮਾਰ ਨੇ ਕਿਹਾ ਕਿ ਲਿਖਤ ਮੁਕਾਬਲੇ ਰਾਹੀਂ ਵਿਦਿਆਰਥੀਆਂ ਦੀ ਲਿਖਤ ਸੁੰਦਰ, ਪੜ੍ਹਨਯੋਗ ਅਤੇ ਸਾਫ ਬਣਦੀ ਹੈ। ਉਨ੍ਹਾਂ ਕਿਹਾ ਕਿ ਜਦੋਂ ਵਿਦਿਆਰਥੀ ਕਿਸੇ ਮੁਕਾਬਲੇ ਵਿੱਚ ਹਿੱਸਾ ਲੈਂਦੇ ਹਨ ਅਤੇ ਜਿੱਤਦੇ ਹਨ, ਤਾਂ ਉਹਨਾਂ ਦੇ ਆਤਮ ਵਿਸ਼ਵਾਸ @ਚ ਵੀ ਵਾਧਾ ਹੁੰਦਾ ਹੈ ਅਤੇ ਲਿਖਤ ਮੁਕਾਬਲੇ ਭਾਸ਼ਾ ਅਤੇ ਲਿਖਾਈ ਪ੍ਰਤੀ ਰੁਚੀ ਪੈਦਾ ਕਰਦੇ ਹਨ, ਜਿਸ ਨਾਲ ਵਿਦਿਆਰਥੀ ਭਾਸ਼ਾ ਵਿੱਚ ਹੋਰ ਵੀ ਮਾਹਿਰ ਬਣਦੇ ਹਨ। ਇਹਨਾਂ ਮੁਕਾਬਲਿਆਂ ਵਿੱਚ ਮਿਡਲ ਵਰਗ ਵਿੱਚ ਰਮਨਦੀਪ ਕੌਰ, ਖੁਸ਼ਰੀਤ ਕੌਰ ਤੇ ਅਮਨਜੀਤ ਕੌਰ ਨੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਿਲ ਕੀਤਾ।

ਹਾਈ ਸਕੂਲ ਵਰਗ ਵਿੱਚ ਜਸਲੀਨ ਕੌਰ , ਟਵਿੰਕਲ ਤੇ ਕੋਮਲਪ੍ਰੀਤ ਕੌਰ ਨੇ ਕ੍ਰਮਵਾਰ ਪਹਿਲਾ, ਦੂਜਾ ਤੇ ਤੀਜਾ ਸਥਾਨ ਹਾਸਿਲ ਕੀਤਾ। ਇਸ ਮੌਕੇ ਸਕੂਲ ਅਧਿਆਪਕ ਜਸਪ੍ਰੀਤ ਸਿੰਘ, ਰੁਪਿੰਦਰ ਸਿੰਘ, ਸੰਜੀਵ ਵਧਵਾ , ਮੈਡਮ ਅਨੁਪਮਾ, ਸੁਨੀਤਾ ਰਾਣੀ, ਤਰਨਜੀਤ ਕੌਰ, ਹਨਦੀਪ ਕੌਰ ਆਦਿ ਹਾਜ਼ਰ ਰਹੇ।

# ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਵਿਖੇ ਨੈਕਟਰ ਫੂਡਜ਼ ਦਾ ਪਲੇਸਮੈਂਟ ਕੈਂਪ ਅੱਜ

**ਪਟਿਆਲਾ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਵੱਲੋਂ ਅੱਜ ਸਵੇਰੇ 10 ਵਜੇ ਤੋਂ ਦੁਪਹਿਰ 1 ਵਜੇ ਤੱਕ ਨੈਕਟਰ ਫੂਡਜ਼ ਵੱਲੋਂ ਟੈਲੀ ਕਾਲਰ, ਬੈਕ ਆਫ਼ਿਸ, ਐਡਮਿਨ, ਲੇਬਰ ਦੀਆਂ ਅਸਾਮੀਆਂ ਲਈ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ।

ਇਸ ਬਾਰੇ ਵਧੇਰੇ ਜਾਣਕਾਰੀ ਦਿੰਦਿਆਂ ਡਿਪਟੀ ਡਾਇਰੈਕਟਰ ਜ਼ਿਲ੍ਹਾ ਰੋਜ਼ਗਾਰ ਉਤਪਤੀ ਹੁਨਰ ਵਿਕਾਸ ਅਤੇ ਸਿਖਲਾਈ ਬਿਊਰੋ ਮੇਜਰ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਨੈਕਟਰ ਫੂਡਜ਼ ਵੱਲੋਂ ਟੈਲੀ ਕਾਲਰ, ਬੈਕ ਆਫ਼ਿਸ ਤੇ ਐਡਮਿਨ, ਲੇਬਰ ਦੀ ਅਸਾਮੀਆਂ ਲਈ ਉਮੀਦਵਾਰਾਂ ਦੀ ਮੰਗ ਕੀਤੀ ਗਈ ਹੈ, ਜਿਨ੍ਹਾਂ ਉਮੀਦਵਾਰਾਂ ਕੋਲ ਦਸਵੀਂ/ਬਾਰ੍ਹਵੀਂ ਦੀ ਯੋਗਤਾ ਹੋਵੇ ਉਹ ਇਸ ਅਸਾਮੀ ਲਈ ਇੰਟਰਵਿਊ ਦੇ ਸਕਦੇ ਹਨ। ਜਿਨ੍ਹਾਂ ਉਮੀਦਵਾਰਾਂ ਦੀ ਉਮਰ 18-40 ਸਾਲ ਹੋਵੇ ਅਤੇ ਪੁਰਸ਼/ਮਹਿਲਾ ਦੋਵੇਂ ਇਸ ਪਲੇਸਮੈਂਟ ਕੈਂਪ ਵਿੱਚ ਭਾਗ ਲੈ ਸਕਦੇ ਹਨ। ਨੌਕਰੀ ਦੇ ਚਾਹਵਾਨ ਉਮੀਦਵਾਰ ਇਸ ਪਲੇਸਮੈਂਟ ਕੈਂਪ ਵਿੱਚ ਭਾਗ ਲੈਣ ਲਈ ਆਪਣੀ ਯੋਗਤਾ ਦੇ ਸਾਰੇ ਸਰਟੀਫਿਕੇਟ, ਉਨ੍ਹਾਂ ਦੀਆਂ ਫੋਟੋਕਾਪੀਆਂ ਅਤੇ ਰਜ਼ਿਊਮੇ ਨਾਲ ਲੈ ਕੇ ਸਵੇਰੇ 10 ਵਜੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਬਲਾਕ ਡੀ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਨੇੜੇ ਸੇਵਾ ਕੇਂਦਰ, ਪਟਿਆਲਾ ਵਿਖੇ ਪਹੁੰਚ ਕੇ ਇਸ ਕੈਂਪ ਵਿੱਚ ਹਿੱਸਾ ਲੈ ਸਕਦੇ ਹਨ। ਇਸ ਸਬੰਧੀ ਵਧੇਰੇ ਜਾਣਕਾਰੀ ਲਈ ਦਫ਼ਤਰ ਦੇ ਹੈਲਪ ਲਾਈਨ ਨੰਬਰ 98776-10877 ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਪੰਜਾਬ ਕੋਲ ਇੱਕ ਵੀ ਬੂੰਦ ਫਾਲਤੂ ਪਾਣੀ ਨਹੀਂ: ਬਾਜਵਾ

**ਚੰਡੀਗੜ੍ਹ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਕਾਂਗਰਸ ਦੇ ਸੀਨੀਅਰ ਆਗੂ ਅਤੇ ਪੰਜਾਬ ਵਿਧਾਨ ਸਭਾ ਵਿਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਕਿਹਾ ਕਿ ਪੰਜਾਬ ਕੋਲ ਇੱਕ ਵੀ ਬੂੰਦ ਫਾਲਤੂ ਪਾਣੀ ਨਹੀਂ ਹੈ ਉਹ ਕਿਸੇ ਨੂੰ ਵੀ ਸੂਬੇ ਦਾ ਪਾਣੀ ਨਹੀਂ ਦੇਣ ਦੇਣਗੇ। ਇਸ ਗੱਲ ਦਾ ਪ੍ਰਗਟਾਵਾ ਸ੍ਰੀ ਬਾਜਵਾ ਨੇ ਪੰਜਾਬ ਵਿਧਾਨ ਸਭਾ ਦੇ ਵਿਸ਼ੇਸ਼ ਸੈਸ਼ਨ ਤੋਂ ਪਹਿਲਾਂ ਵਿਧਾਨ ਸਭਾ ਦੇ ਬਾਹਰ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵੱਲੋਂ ਆਪਣੇ ਬੱਚਿਆਂ ਦੇ ਭਵਿੱਖ ਨੂੰ ਸੁਰੱਖਿਅਤ ਕਰਨ ਲਈ ਪਾਣੀਆਂ ਦੀ ਲੜਾਈ ਲੜੀ ਜਾ ਰਹੀ ਹੈ।

# ਸ਼੍ਰੀ ਸਨਾਤਨ ਧਰਮ ਮਹਾਂਵੀਰ ਦਲ ਨੇ ਨਾਭਾ ਦਿਹਾਤੀ ਦੀ ਮਾਨਤਾ ਕੀਤੀ ਰੱਦ



**ਨਾਭਾ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼੍ਰੀ ਸਨਾਤਨ ਧਰਮ ਮਹਾਂਵੀਰ ਦਲ ਰਜਿ. ਵੱਲੋਂ ਨਾਭਾ ਦਿਹਾਤੀ ਦੀ ਮਾਨਤਾ ਰੱਦ ਕਰ ਦਿੱਤੀ ਗਈ ਹੈ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ, ਸ਼੍ਰੀ ਸਨਾਤਨ ਧਰਮ ਮਹਾਵੀਰ ਦਲ ਦੇ ਰਾਸ਼ਟਰੀ ਮੁਖੀ ਮਹੰਤ ਸਵਰੂਪ ਬਿਹਾਰੀ ਸ਼ਰਨ ਵੱਲੋਂ ਇੱਕ ਪੱਤਰ ਜਾਰੀ ਕੀਤਾ ਗਿਆ ਸੀ, ਜਿਸ ਵਿੱਚ ਜ਼ਿਲ੍ਹਾ ਪਟਿਆਲਾ ਮੁਖੀ ਡਾ. ਸਤਪਾਲ ਅਗਰਵਾਲ ਨੂੰ ਇਸ ਬਾਰੇ ਸੂਚਿਤ ਕੀਤਾ ਗਿਆ ਸੀ, ਜਿਸ ਵਿੱਚ ਕਿਹਾ ਗਿਆ ਸੀ ਨਾਭਾ ਦਿਹਾਤੀ, ਜਿਸ ਦੇ ਮੁਖੀ ਮੋਹਨ ਲਾਲ ਗੋਇਲ ਹਨ, ਦੀ ਮਾਨਤਾ ਤੁਰੰਤ ਰੱਦ ਕੀਤੀ ਜਾਂਦੀ ਹੈ ਅਤੇ ਇਹ ਵੀ ਦੱਸਿਆ ਜਾਂਦਾ ਹੈ ਕਿ ਮੋਹਨ ਲਾਲ ਗੋਇਲ ਦਾ ਸ਼੍ਰੀ ਸਨਾਤਨ ਧਰਮ ਮਹਾਵੀਰ ਦਲ ਨਾਲ ਕਿਸੇ ਵੀ ਤਰ੍ਹਾਂ ਦਾ ਕੋਈ ਸਬੰਧ ਨਹੀਂ ਹੈ। ਉਨ੍ਹਾਂ ਕਿਹਾ ਕਿ ਇਸ ਪੱਤਰ ਰਾਹੀਂ ਇਹ ਵੀ ਸੂਚਿਤ ਕੀਤਾ ਜਾਂਦਾ ਹੈ ਕਿ ਮੋਹਨ ਲਾਲ ਦਲ ਦੇ ਨਾਮ @ਤੇ ਕੋਈ ਗਤੀਵਿਧੀ ਨਹੀਂ ਕਰਨਗੇ ਅਤੇ ਨਾ ਹੀ ਕਿਸੇ ਕਿਸਮ ਦਾ ਫੰਡ ਇਕੱਠਾ ਕਰਨਗੇ। ਜੇਕਰ ਕੋਈ ਫੰਡ ਇਕੱਠਾ ਕਰਨ ਜਾਂ ਗਤੀਵਿਧੀ ਸਾਹਮਣੇ ਆਉਂਦੀ ਹੈ, ਤਾਂ ਉਸ @ਤੇ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਨਾਭਾ ਦੇ ਪ੍ਰਧਾਨ ਅਮਰਦੀਪ ਆਹੂਜਾ ਵੀ ਹਾਜ਼ਰ ਸਨ।

# ਪੰਜਾਬੀ ਮਾਂ ਬੋਲੀ ਅਤੇ ਸ਼ਿਵ ਕੁਮਾਰ ਬਟਾਲਵੀ ਨੂੰ ਸਮਰਪਿਤ ਪ੍ਰੋਗਰਾਮ 18 ਮਈ ਨੂੰ

**ਸ੍ਰੀ ਆਨੰਦਪੁਰ ਸਾਹਿਬ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਮਨੁੱਖੀ ਅਧਿਕਾਰ ਸੰਗਠਨ ਸ੍ਰੀ ਅਨੰਦਪੁਰ ਸਾਹਿਬ ਯੂਨਿਟ ਵੱਲੋਂ ਪੰਜਾਬੀ ਮਾਂ ਬੋਲੀ ਅਤੇ ਸ਼ਿਵ ਕੁਮਾਰ ਬਟਾਲਵੀ ਨੂੰ ਸਮਰਪਿਤ ਪ੍ਰੋਗਰਾਮ 18 ਮਈ ਨੂੰ ਕਰਵਾਇਆ ਜਾ ਰਿਹਾ ਹੈ। ਪੰਜਾਬ ਮਨੁੱਖੀ ਅਧਿਕਾਰ ਸੰਗਠਨ ਸ੍ਰੀ ਅਨੰਦਪੁਰ ਸਾਹਿਬ ਯੂਨਿਟ ਦੀ ਹੋਈ ਮੀਟਿੰਗ ਤੋਂ ਬਾਅਦ ਜਾਣਕਾਰੀ ਦਿੰਦਿਆਂ ਯੂਨਿਟ ਦੇ ਸਰਪ੍ਰਸਤ ਸੀਨੀਅਰ ਐਡਵੋਕੇਟ ਪਾਖਰ ਸਿੰਘ ਭੱਠਲ ਅਤੇ ਪ੍ਰਧਾਨ ਸਰਬਜੀਤ ਸਿੰਘ ਰੈਣੂੰ ਨੇ ਦੱਸਿਆ ਕਿ 18 ਮਈ ਦਿਨ ਐਤਵਾਰ ਨੂੰ ਦੁਪਹਿਰ ਤਿੰਨ ਵਜੇ ਵਿਰਾਸਤ ਏ ਖਾਲਸਾ ਦੇ ਆਡੀਟੋਰੀਅਮ ਵਿੱਚ ਪੰਜਾਬੀ ਮਾਂ ਬੋਲੀ ਅਤੇ ਬਿਰਹਾ ਦੇ ਸੁਲਤਾਨ ਸ਼ਿਵ ਕੁਮਾਰ ਬਟਾਲਵੀ ਨੂੰ ਸਮਰਪਿਤ ਪ੍ਰੋਗਰਾਮ ਕਰਵਾਇਆ ਜਾ ਰਿਹਾ ਹੈ ਜਿਸ ਵਿੱਚ ਸਿੱਖਿਆ ਮੰਤਰੀ ਪੰਜਾਬ ਸ. ਹਰਜੋਤ ਸਿੰਘ ਬੈਂਸ ਮੁੱਖ ਮਹਿਮਾਨ ਵੱਜੋਂ ਸ਼ਮੂਲੀਅਤ ਕਰਨਗੇ। ਉਹਨਾਂ ਦੱਸਿਆ ਕਿ ਪੰਜਾਬ ਮਨੁੱਖੀ ਅਧਿਕਾਰ ਸੰਗਠਨ ਮਨੁੱਖੀ ਹੱਕਾਂ ਦੀ ਰਾਖੀ ਲਈ ਪਿਛਲੇ ਲੰਬੇ ਸਮੇਂ ਤੋਂ ਇਲਾਕੇ ਵਿੱਚ ਕੰਮ ਕਰ ਰਿਹਾ ਹੈ।

ਇਸ ਸਮੇਂ ਦੌਰਾਨ ਯੂਨਿਟ ਵੱਲੋਂ 500 ਤੋਂ ਵੱਧ ਕੇਸਾਂ ਦਾ ਨਿਪਟਾਰਾ ਕੀਤਾ ਜਾ ਚੁੱਕਾ ਹੈ।ਉਹਨਾਂ ਦੱਸਿਆ ਕਿ 18 ਮਈ ਨੂੰ ਕਰਵਾਏ ਜਾ ਰਹੇ ਇਸ ਪ੍ਰੋਗਰਾਮ ਦਾ ਮੰਤਵ ਜਿੱਥੇ ਲੋਕਾਂ ਨੂੰ ਪੰਜਾਬੀ ਮਾਂ ਬੋਲੀ ਨਾਲ ਪਿਆਰ ਕਰਨ ਦਾ ਸੁਨੇਹਾ ਦੇਣਾ ਹੈ ਉੱਥੇ ਨਾਲ ਹੀ ਇਲਾਕਾ ਵਾਸੀਆਂ ਨੂੰ ਉਹਨਾਂ ਦੇ ਮਨੁੱਖੀ ਹੱਕਾਂ ਬਾਰੇ ਜਾਗਰੂਕ ਕਰਨਾ ਵੀ ਹੈ। ਇਸ ਮੌਕੇ ਸੀਨੀਅਰ ਐਡਵੋਕੇਟ ਪਾਖਰ ਸਿੰਘ ਭੱਠਲ, ਸਮਾਜ ਸੇਵੀ ਕੁਲਦੀਪ ਸਿੰਘ ਨੰਬਰਦਾਰ, ਸਮਾਜ ਸੇਵੀ ਰਸ਼ਵਿੰਦਰ ਸਿੰਘ, ਹਰਮੇਸ਼ ਚੌਧਰੀ, ਸਾਬਕਾ ਬੈਂਕ ਅਫਸਰ ਉੱਘੇ ਸਮਾਜ ਸੇਵੀ ਆਤਮਾ ਸਿੰਘ ਘੱਟੀਵਾਲ, ਡਾਕਟਰ ਵਿਸ਼ਾਲ ਭਾਟੀਆ, ਭਾਗ ਸਿੰਘ, ਠੇਕੇਦਾਰ ਕਰਨੈਲ ਸਿੰਘ ਬਜਰੂੜ, ਨੰਬਰਦਾਰ ਰਾਮ ਕਿਸ਼ਨ, ਨੰਬਰਦਾਰ ਮਹਿੰਦਰ ਸਿੰਘ, ਡਾਕਟਰ ਮਨਜੀਤ ਸਿੰਘ, ਅਜੀਤ ਸਿੰਘ, ਜਸਪ੍ਰੀਤ ਸਿੰਘ ਅਰੋੜਾ, ਸੇਵਾ ਸਿੰਘ ਹਾਜ਼ਰ ਸਨ।

# ਬਰਨਾਲਾ ਵਿਖੇ ਕੌਮੀ ਲੋਕ ਅਦਾਲਤ 10 ਮਈ ਨੂੰ

**ਬਰਨਾਲਾ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਕੌਮੀ ਕਾਨੂੰਨੀ ਸੇਵਾਵਾਂ ਅਥਾਰਟੀ, ਨਵੀਂ ਦਿੱਲੀ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ ਨਗਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ 10 ਮਈ 2025 ਨੂੰ ਕੌਮੀ ਲੋਕ ਅਦਾਲਤ ਦਾ ਆਯੋਜਨ ਕੀਤਾ ਜਾ ਰਿਹਾ ਹੈ। ਕੌਮੀ ਲੋਕ ਅਦਾਲਤ ਵਿੱਚ ਦੋ ਧਿਰਾਂ ਦਾ ਆਪਸੀ ਰਜਾਮੰਦੀ ਨਾਲ ਝਗੜਿਆਂ ਦਾ ਨਿਪਟਾਰਾਕੀਤਾ ਜਾਂਦਾ ਹੈ।

ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ - ਸਹਿਤ- ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਰਨਾਲਾ ਸ੍ਰੀ ਬੀ.ਬੀ.ਐਸ. ਤੇਜੀ ਵਲੋਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਕੌਮੀ ਲੋਕ ਅਦਾਲਤ ਵਿੱਚ 138 ਐਨ.ਆਈ.ਐਕਟ, ਬੈਂਕ ਰਿਕਵਰੀ ਕੇਸ, ਲੇਬਰ ਕੇਸ, ਜਗੰਲਾਤ ਵਿਭਾਗ ਦੇ ਕੇਸ, ਬਿਜਲੀ, ਪਾਣੀ, ਸੀਵਰੇਜ, ਵਾਟਰ ਸਪਲਾਈ, ਹਾਉਸ ਟੈਕਸ ਆਦੀ ਸਾਰੇ ਤਰ੍ਹਾਂ ਦੇ ਕੇਸਾਂ ਦਾ ਵੀ ਨਿਪਟਾਰਾ ਆਪਸੀ ਰਜ਼ਾਮੰਦੀ ਨਾਲ ਕੀਤਾ ਜਾਂਦਾ ਹੈ। ਉਹਨਾਂ ਕਿਹਾ ਕਿ ਮਿਤੀ 10.05.2025 ਨੂੰ ਕੌਮੀ ਲੋਕ ਅਦਾਲਤ, ਜ਼ਿਲ੍ਹਾ ਕਚਹਿਰੀਆਂ ਬਰਨਾਲਾ ਵਿਖੇ ਲਗਾਈ ਜਾਵੇਗੀ।

ਮਾਨਯੋਗ ਜਿਲ੍ਹਾ ਅਤੇ ਸੈਸ਼ਨ ਜੱਜ਼, ਬਰਨਾਲਾ ਜੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸ਼੍ਰੀ ਮਦਨ ਲਾਲ,ਪੀ.ਸੀ.ਐਸ, ਮਾਨਯੋਗ ਸਿਵਲ ਜੱਜ (ਸੀਨੀਅਰ ਡੀਵੀਜ਼ਨ) ਸੀ.ਜੇ.ਐਮ -ਕਮ- ਸਕੱਤਰ, ਜ਼ਿਲ੍ਹਾ ਕਾਨੂੰਨੀਸੇਵਾਵਾਂ ਅਥਾਰਟੀ, ਬਰਨਾਲਾ ਨੇ ਲੀਡ ਬੈਂਕ ਮੈਨੇਜਰ, ਇੰਸੋਰੈਸ ਕੰਪਨੀ ਦੇ ਵਕੀਲਾਂ ਨਾਲ ਕੌਮੀ ਲੋਕ ਅਦਾਲਤ ਸੰਬਧੀ ਮੀਟਿੰਗ ਕੀਤੀ।

ਮੀਟਿੰਗ ਦੌਰਾਨ ਅਧਿਕਾਰੀਆਂ ਨੂੰ ਕੌਮੀ ਲੋਕ ਅਦਾਲਤ ਵਿੱਚ ਵੱਧ ਤੋਂ ਵੱਧ ਕੇਸ ਰੱਖਣ ਲਈ ਕਿਹਾ ਗਿਆ ਤਾਂ ਜੋ ਵੱਧ ਤੋਂ ਵੱਧ ਕੇਸਾਂ ਦਾ ਨਿਪਟਾਰਾ ਆਪਸੀ ਰਾਜੀਨਾਮੇ ਰਾਹੀਂ ਹੋ ਸਕੇ।

ਉਨ੍ਹਾਂ ਦੱਸਿਆ ਕਿ ਜਿਹੜੇ ਮਾਮਲਿਆਂ ਦਾ ਨਿਪਟਾਰਾ ਲੋਕ ਅਦਾਲਤਾਂ ਵਿੱਚ ਹੋ ਜਾਂਦਾ ਹੈ, ਉਹਨਾਂ ਖਿਲਾਫ ਅੱਗੇ ਅਪੀਲ ਨਹੀ ਪਾਈ ਜਾ ਸਕਦੀ ਅਤੇ ਲੋਕ ਅਦਾਲਤਾਂ ਰਾਹੀਂ ਕੇਸਾਂ ਦਾ ਨਿਪਟਾਰਾ ਛੇਤੀ ਅਤੇ ਦੋਸਤਾਨਾ ਤਰੀਕੇ ਨਾਲ ਹੁੰਦਾ ਹੈ। ਉਨ੍ਹਾਂ ਕਿਹਾ ਕਿ ਲੋਕ ਅਦਾਲਤਾਂ ਵਿੱਚ ਲਏ ਗਏ ਫੈਸਲਿਆਂ ਨੂੰ ਦਿਵਾਨੀ ਕੋਰਟ ਦੀ ਡਿਕਰੀ ਵਾਲੀ ਮਾਨਤਾ ਪ੍ਰਾਪਤ ਹੈ।

## ਯੁੱਧ ਨਸ਼ਿਆਂ ਵਿਰੁੱਧ ਨੂੰ ਜਮੀਨੀ ਪੱਧਰ 'ਤੇ ਪਹੁੰਚਾਉਣ ਲਈ ਨਸ਼ਾ ਮੁਕਤੀ ਯਾਤਰਾ 7 ਤੋਂ : ਏ.ਡੀ.ਸੀ

# ਵਧੀਕ ਡਿਪਟੀ ਕਮਿਸ਼ਨਰਾਂ ਇਸ਼ਾ ਸਿੰਗਲ ਤੇ ਨਵਰੀਤ ਕੌਰ ਸੇਖੋਂ ਵੱਲੋਂ ਐਸ.ਡੀ.ਐਮਜ, ਬੀ.ਡੀ.ਪੀ.ਓਜ, ਕਾਰਜ ਸਾਧਕ ਅ.ਫਸਰਾਂ ਨਾਲ ਬੈਠਕ

**ਪਟਿਆਲਾ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਵਧੀਕ ਡਿਪਟੀ ਕਮਿਸ਼ਨਰ ਨਵਰੀਤ ਕੌਰ ਸੇਖੋਂ ਤੇ ਇਸ਼ਾ ਸਿੰਗਲ ਐਸ.ਡੀ.ਐਮਜ ਤੇ ਹੋਰ ਅਧਿਕਾਰੀਆਂ ਨਾਲ ਬੈਠਕ ਕਰਦੇ ਹੋਏ।

ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਵਿੱਢੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਜਮੀਨੀ ਪੱਧਰ ਤੱਕ ਪ੍ਰੁੱਜਦਾ ਕਰਨ ਤੇ ਆਮ ਲੋਕਾਂ ਨੂੰ ਨਸ਼ਿਆਂ ਤੇ ਨਸ਼ਾ ਤਸਕਰਾਂ ਵਿਰੁੱਧ ਲਾਮਬੰਦ ਕਰਨ ਲਈ ਨਸ਼ਾ ਮੁਕਤੀ ਯਾਤਰਾ 8 ਮਈ ਤੋਂ ਸ਼ੁਰੂ ਹੋ ਰਹੀ ਹੈ। ਇਸ ਯਾਤਰਾ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਕੀਤੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ ਇਸ਼ਾ ਸਿੰਗਲ ਤੇ ਨਵਰੀਤ ਕੌਰ ਸੇਖੋਂ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਤੇ ਐਸ.ਐਸ.ਪੀ ਵਰੁਣ ਸ਼ਰਮਾ ਦੀ ਦੇਖ-ਰੇਖ ਹੇਠ ਪਿੰਡਾਂ ਤੇ ਵਾਰਡਾਂ ਦੇ ਪਹਿਰੇਦਾਰਾਂ ਨੂੰ ਨਾਲ ਲੈਕੇ ਹਰ ਪਿੰਡ, ਕਸਬੇ ਤੇ ਸ਼ਹਿਰਾਂ ਦੇ ਵਾਰਡਾਂ ਤੱਕ ਪਹੁੰਚਿਆ ਜਾਵੇਗਾ।

ਦੋਵੇਂ ਏ.ਡੀ.ਸੀਜ ਨੇ ਦੱਸਿਆ ਕਿ ਹਲਕਾ ਵਿਧਾਇਕ ਸਾਹਿਬਾਨ ਦੀ ਅਗਵਾਈ ਹੇਠ ਹਰੇਕ ਹਲਕੇ ਦੇ ਪਿੰਡ ਤੇ ਸ਼ਹਿਰ ਦੀ ਹਰ ਵਾਰਡ ਵਿੱਚ 8 ਮਈ ਤੋਂ 14 ਮਈ ਤੱਕ ਪ੍ਰੁੱਜਣ ਲਈ ਨਸ਼ਾ ਮੁਕਤੀ ਮਾਰਚ ਦੇ ਪ੍ਰੋਗਰਾਮ ਉਲੀਕੇ ਗਏ ਹਨ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਹਲਕਿਆਂ ਦੇ ਵਿਧਾਇਕ ਤੇ ਉਨ੍ਹਾਂ ਦੇ ਨੁਮਾਇੰਦੇ, ਸਰਪੰਚ, ਕੌਂਸਲਰ, ਬੀ.ਡੀ.ਪੀ.ਓਜ, ਐਸ.ਐਮ.ਓਜ, ਥਾਣਿਆਂ ਤੇ ਪੁਲਿਸ ਚੌਕੀਆਂ ਦੇ ਮੁਖੀ ਇਸ ਨਸ਼ਾ ਮੁਕਤੀ ਮਾਰਚ ਦੀ ਪ੍ਰਧਾਨਗੀ ਕਰਨਗੇ। ਉਨ੍ਹਾਂ ਦੱਸਿਆ ਕਿ ਪਹਿਲੇ ਪੜਾਅ ਹੇਠ ਪਟਿਆਲਾ ਸ਼ਹਿਰੀ, ਪਟਿਆਲਾ ਦਿਹਾਤੀ, ਰਾਜਪੁਰਾ, ਘਨੌਰ, ਸਨੌਰ, ਨਾਭਾ, ਸਮਾਣਾ ਤੇ ਸ਼ੁਤਰਾਣਾ ਹਲਕੇ ਦੇ ਪਿੰਡਾਂ ਤੇ ਵਾਰਡਾਂ ਵਿੱਚ ਨਸ਼ਾ ਮੁਕਤੀ ਮਾਰਚ ਜਾਵੇਗਾ। ਇਸ ਦੌਰਾਨ ਲੋਕਾਂ ਤੇ ਖਾਸ ਕਰਕੇ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਕੇ ਪੰਜਾਬ ਸਰਕਾਰ ਦੀ ਇਸ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਨਾਲ ਜੋੜਿਆ ਜਾਵੇਗਾ। ਨਵਰੀਤ ਕੌਰ ਸੇਖੋਂ ਤੇ ਇਸ਼ਾ ਸਿੰਗਲ ਨੇ ਦੱਸਿਆ ਕਿ ਇਸ ਦੌਰਾਨ ਲੋਕਾਂ ਤੋਂ ਫੀਡਬੈਕ ਹਾਸਲ ਕਰਕੇ ਇਲਾਕੇ ਦੇ ਨਸ਼ਾ ਤਸਕਰਾਂ ਦੀ ਸੂਹ ਲੈ ਕੇ ਉਨ੍ਹਾਂ ਨੂੰ ਕਾਬੂ ਕੀਤਾ ਜਾਵੇਗਾ ਅਤੇ ਜਿਹੜੇ ਵਿਅਕਤੀ ਨਸ਼ਿਆਂ ਦੀ ਲਤ ਦਾ ਸ਼ਿਕਾਰ ਹਨ, ਉਨ੍ਹਾਂ ਦੇ ਇਲਾਜ ਤੇ ਪੁਨਰਵਾਸ ਲਈ ਉਨ੍ਹਾਂ ਨੂੰ ਨਸ਼ਾ ਮੁਕਤੀ ਤੇ ਪੁਨਰਵਾਸ ਕੇਂਦਰਾਂ ਵਿੱਚ ਦਾਖਲ ਕਰਵਾਇਆ ਜਾਵੇਗਾ।

ਵਧੀਕ ਡਿਪਟੀ ਕਮਿਸ਼ਨਰਾਂ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਨਸ਼ਿਆਂ ਦੀ ਅਲਾਮਤ ਦੇ ਖਾਤਮੇ ਲਈ ਬਹੁ ਪਰਤੀ ਨੀਤੀ ਬਣਾਈ ਹੈ, ਜਿਸ ਨੂੰ ਕਾਮਯਾਬ ਕਰਨ ਲਈ ਆਮ ਲੋਕਾਂ ਦਾ ਸਹਿਯੋਗ ਬਹੁਤ ਜਰੂਰੀ ਹੈ। ਉਨ੍ਹਾਂ ਕਿਹਾ ਕਿ ਇਸ ਲਈ ਪਿੰਡਾਂ ਦੇ ਪਹਿਰੇਦਾਰ ਤੇ ਵਾਰਡ ਡਿਫੈਂਸ ਕਮੇਟੀਆਂ ਦਾ ਗਠਨ ਪਟਿਆਲਾ ਜ਼ਿਲ੍ਹੇ ਵਿੱਚ ਕਰ ਦਿੱਤਾ ਗਿਆ ਹੈ, ਜਿਨ੍ਹਾਂ ਨੂੰ ਇਸ ਨਸ਼ਾ ਮੁਕਤੀ ਮਾਰਚ ਵਿੱਚ ਨਾਲ ਲੈਕੇ ਘਰ-ਘਰ ਇਸ ਲਹਿਰ ਨੂੰ ਪਹੁੰਚਾਏ ਜਾਣ ਦੀ ਯੋਜਨਾ ਹੈ। ਇਸ ਮੌਕੇ ਸਮੂਹ ਐਸ.ਡੀ.ਐਮਜ, ਬੀ.ਡੀ.ਪੀ.ਓਜ, ਕਾਰਜ ਸਾਧਕ ਅਫ਼ਸਰਾਂ ਸਮੇਤ ਹੋਰ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।

# ਸ਼ਿਵ ਮੰਦਿਰ ਸੂਲਰ ਵਿੱਚ ਦੁਰਗਾ ਮਾਤਾ ਜੀ ਦੀ ਮੂਰਤੀ ਸਥਾਪਨਾ ਕੀਤੀ



**ਪਟਿਆਲਾ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਟੀਮ ਹਿਊਮਨ ਸਰਵਿਸ ਸੋਸਾਇਟੀ ਵਲੋਂ ਸੂਲਰ ਪਟਿਆਲਾ (ਸ਼ਿਵ ਮੰਦਿਰ) ਵਿੱਚ ਦੁਰਗਾ ਮਾਤਾ ਜੀ ਦੀ ਮੂਰਤੀ ਸਥਾਪਨਾ ਮੌਕੇ ਤੇ ਮਾਤਾ ਜੀ ਦਾ ਆਸ਼ਿਰਵਾਦ ਪ੍ਰਾਪਤ ਕੀਤਾ ਗਿਆ। ਇਸ ਮੌਕੇ ਤੇ ਹਵਨ ਯੱਗ ਕੀਤਾ ਗਿਆ, ਵਿਧੀ ਵਿਧਾਨ ਨਾਲ ਦੁਰਗਾ ਮਾਤਾ ਜੀ ਦੀ ਮੂਰਤੀ ਸਥਾਪਨਾ ਕੀਤੀ ਗਈ ਅਤੇ ਮੰਦਿਰ ਕਮੇਟੀ ਵੱਲੋਂ ਅਤੁੱਟ ਭੰਡਾਰਾ ਵਰਤਾਇਆ ਗਿਆ। ਪੰਜਾਬ ਪ੍ਰਧਾਨ ਜਤਿੰਦਰ ਸ਼ਰਮਾ ਨੇ ਦੱਸਿਆ ਕਿ ਮੰਦਿਰ ਵਿੱਚ ਆਉਣ ਵਾਲੇ ਸਾਰੇ ਭਗਤਾਂ ਦਿਲ ਦੀਆਂ ਮੁਰਾਦਾ ਪੂਰੀਆਂ ਹੁੰਦੀਆਂ ਹਨ। ਇਸ ਮੌਕੇ ਤੇ ਭਾਰੀ ਗਿਣਤੀ ਵਿੱਚ ਭਗਤਾਂ ਨੇ ਪਹੁੰਚ ਕੇ ਮਾਤਾ ਰਾਣੀ ਦਾ ਆਸ਼ਿਰਵਾਦ ਪ੍ਰਾਪਤ ਕੀਤਾ। ਇਸ ਮੌਕੇ ਤੇ ਚੇਅਰਪਰਸਨ ਪੰਜਾਬ ਵਰਸ਼ਾ ਗੋਇਲ, ਨੰਦਾ ਜੀ, ਵੰਦਨਾ ਸ਼ਰਮਾ, ਕਿਰਨ ਠਾਕੁਰ, ਪੰਡਿਤ ਵੇਦ ਪ੍ਰਕਾਸ਼ ਭੱਟ, ਪਰਮਜੀਤ ਸਿੰਘ ਚੌਹਾਨ, ਸਤਿਆ ਸ਼ਰਮਾ, ਮੋਨੀਕਾ ਰਾਣੀ, ਕੀਰਤਨ ਮੰਡਲੀ ਮੈਂਬਰ ਤੇ ਭਾਰੀ ਗਿਣਤੀ ਵਿੱਚ ਸ਼ਰਧਾਲੂ ਮੌਜੂਦ ਰਹੇ।

# ਜਲੰਧਰ ਕਮਿਸ਼ਨਰੇਟ ਪੁਲਿਸ ਨੇ ਅੰਨ੍ਹੇ ਕਤਲ ਕੇਸ ਦੀ ਗੁੱਥੀ ਸੁਲਝਾਈ, ਅਪਰਾਧ 'ਚ ਸ਼ਾਮਲ ਮੁਲਜ਼ਮ ਗ੍ਰਿਫ਼ਤਾਰ



**ਜਲੰਧਰ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਜਲੰਧਰ ਕਮਿਸ਼ਨਰੇਟ ਪੁਲਿਸ ਨੇ ਸਥਾਨਕ ਮੋਤਾ ਸਿੰਘ ਨਗਰ ਵਿੱਚ ਹੋਏ ਇੱਕ ਬਜ਼ੁਰਗ ਔਰਤ ਦੇ ਕਤਲ ਕੇਸ ਦੀ ਗੁੱਥੀ ਸੁਲਝਾਉਂਦਿਆਂ ਇਸ ਅਪਰਾਧ ਵਿੱਚ ਸ਼ਾਮਲ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ ਹੈ।

ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭੀਮ ਸੈਨ ਦੁੱਗਲ ਪੁੱਤਰ ਸਵਰਗੀ ਸੰਤ ਪ੍ਰਕਾਸ਼ ਵਾਸੀ ਐਚ.ਨੰਬਰ 325, ਮੋਤਾ ਸਿੰਘ ਨਗਰ, ਜਲੰਧਰ ਦੇ ਬਿਆਨ 'ਤੇ ਐਫ.ਆਈ.ਆਰ. ਨੰਬਰ 73 ਮਿਤੀ 02.05.2025, 103(1) ਬੀ.ਐਨ.ਐਸ. ਅਧੀਨ ਥਾਣਾ ਡਿਵੀਜ਼ਨ ਨੰਬਰ 6, ਜਲੰਧਰ ਵਿਖੇ ਦਰਜ ਕੀਤੀ ਗਈ ਸੀ। ਸ਼ਿਕਾਇਤਕਰਤਾ ਨੇ ਦੱਸਿਆ ਸੀ ਕਿ 01.05.2025 ਨੂੰ ਉਹ ਬਾਜ਼ਾਰ ਗਿਆ ਹੋਇਆ ਸੀ ਅਤੇ ਉਸਦੀ 69 ਸਾਲਾ ਪਤਨੀ ਵਿਨੋਦ ਕੁਮਾਰੀ, ਘਰ ਵਿੱਚ ਇਕੱਲੀ ਸੀ। ਵਾਪਸ ਆਉਣ 'ਤੇ ਉਸਨੇ ਵਾਰ-ਵਾਰ ਦਰਵਾਜ਼ੇ ਦੀ ਘੰਟੀ ਵਜਾਈ ਪਰ ਕੋਈ ਜਵਾਬ ਨਾ ਮਿਲਣ ਕਰਕੇ ਉਹ ਕੰਧ ਟੱਪ ਕੇ ਘਰ ਵਿੱਚ ਦਾਖ਼ਲ ਹੋਇਆ ਅਤੇ ਆਪਣੀ ਪਤਨੀ ਨੂੰ ਬੈੱਡਰੂਮ ਦੇ ਫਰਸ਼ 'ਤੇ ਮ੍ਰਿਤਕ ਪਿਆ ਦੇਖਿਆ। ਉਸਦੀਆਂ ਸੋਨੇ ਦੀਆਂ ਚੂੜੀਆਂ, ਅੰਗੂਠੀਆਂ ਅਤੇ ਮੋਬਾਇਲ ਫੋਨ ਗਾਇਬ ਸਨ, ਜੋ ਕਿ ਲੁੱਟ ਦੇ ਇਰਾਦੇ ਨੂੰ ਦਰਸਾਉਂਦਾ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਜਲੰਧਰ ਪੁਲਿਸ ਦੇ ਸੀ.ਆਈ.ਏ ਸਟਾਫ਼ ਨੇ ਤਕਨੀਕੀ ਖੁਫੀਆ ਜਾਣਕਾਰੀ, ਸੀ.ਸੀ.ਟੀ.ਵੀ. ਫੁਟੇਜ ਅਤੇ ਭਰੋਸੇਯੋਗ ਸਰੋਤਾਂ ਦੀ ਮਦਦ ਨਾਲ ਸ਼ੱਕੀ ਨੂੰ ਕਾਬੂ ਕੀਤਾ। ਮੁਲਜ਼ਮ ਦੀ ਪਛਾਣ ਕਾਰਤਿਕ ਵੱਲਭ ਰੈਡੀ (21) ਪੁੱਤਰ ਰਮਨ ਵੱਲਭ ਰੈਡੀ ਵਜੋਂ ਹੋਈ ਹੈ, ਜੋ ਕਿ ਵਿਸ਼ਾਖਾਪਟਨਮ, ਆਂਧਰਾ ਪ੍ਰਦੇਸ਼ ਦਾ ਰਹਿਣ ਵਾਲਾ ਹੈ ਅਤੇ 4 ਮਈ, 2025 ਨੂੰ ਗ੍ਰਿਫ਼ਤਾਰ ਕੀਤਾ ਗਿਆ।

ਉਨ੍ਹਾਂ ਅਗੇ ਦੱਸਿਆ ਕਿ ਪੁੱਛਗਿੱਛ ਦੌਰਾਨ ਸ਼ੱਕੀ ਨੇ ਕਬੂਲ ਕੀਤਾ ਕਿ ਉਸ ਨੇ ਇੱਕ ਬਜ਼ੁਰਗ ਵਿਅਕਤੀ ਨੂੰ ਔਰਤ ਨੂੰ ਇਕੱਲੀ ਛੱਡ ਕੇ ਘਰੋਂ ਨਿਕਲਦੇ ਦੇਖਿਆ ਸੀ।

ਮੌਕਾ ਦੇਖਦਿਆਂ ਉਹ ਕੰਧ ਟੱਪ ਕੇ ਘਰ ਵਿੱਚ ਦਾਖ਼ਲ ਹੋਇਆ, ਪੀੜਤਾ ਨੂੰ ਲੁੱਟਿਆ ਅਤੇ ਫਿਰ ਚੋਰੀ ਕੀਤੇ ਗਹਿਣੇ ਅਤੇ ਫੋਨ ਲੈ ਕੇ ਭੱਜਣ ਤੋਂ ਪਹਿਲਾਂ ਉਸਦਾ ਕਤਲ ਕਰ ਦਿੱਤਾ।

ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਕਿਹਾ ਕਿ ਜਲੰਧਰ ਪੁਲਿਸ ਕਾਨੂੰਨ ਵਿਵਸਥਾ ਬਣਾਈ ਰੱਖਣ ਲਈ ਵਚਨਬੱਧ ਹੈ ਅਤੇ ਅਜਿਹੀਆਂ ਅਪਰਾਧਿਕ ਗਤੀਵਿਧੀਆਂ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

# ਸ਼੍ਰੋਮਣੀ ਕਮੇਟੀ ਵੱਲੋਂ ਰਾਜੋਆਣਾ ਦੀ ਪਟੀਸ਼ਨ ਵਾਪਸੀ ਬਾਰੇ ਪ੍ਰਕਿਰਿਆ ਸ਼ੁਰੂ

## ਸ਼੍ਰੋਮਣੀ ਕਮੇਟੀ ਦੀ ਰਾਸ਼ਟਰਪਤੀ ਕੋਲ ਪਾਈ ਪਟੀਸ਼ਨ 'ਤੇ ਕੇਂਦਰ ਵੱਲੋਂ ਕਾਰਵਾਈ ਤੋਂ ਟਾਲ-ਮਟੋਲ; ਰਾਜੋਆਣਾ ਸ਼ੁਰੂ ਤੋਂ ਕਰ ਰਿਹੈ ਪਟੀਸ਼ਨ ਦਾ ਵਿਰੋਧ, ਕੀਤੀ ਵਾਪਸੀ ਦੀ ਮੰਗ



**ਅੰਮ੍ਰਿਤਸਰ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਬਲਵੰਤ ਸਿੰਘ ਰਾਜੋਆਣਾ ਦੀ ਫਾਂਸੀ ਦੀ ਸਜ਼ਾ ਮੁਆਫ਼ੀ ਸਬੰਧੀ ਪਟੀਸ਼ਨ ਵਾਪਸ ਲੈਣ ਬਾਰੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (SGPC) ਵੱਲੋਂ ਸਿੱਖ ਜਥੇਬੰਦੀਆਂ ਨਾਲ ਮੀਟਿੰਗਾਂ ਕਰ ਕੇ ਵਿਚਾਰ ਲੈਣ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ। ਕੁਝ ਦਿਨ ਪਹਿਲਾਂ ਹੀ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਪਟਿਆਲਾ ਜੇਲ੍ਹ ਵਿਚ ਬੰਦ ਰਾਜੋਆਣਾ ਨੂੰ ਮਿਲ ਕੇ ਆਏ ਸਨ।

ਇਸ ਸਬੰਧ ਵਿੱਚ ਅੱਜ ਐਡਵੋਕੇਟ ਧਾਮੀ ਵੱਲੋਂ ਸਿੱਖ ਧਾਰਮਿਕ ਜਥੇਬੰਦੀਆਂ ਦੇ ਪ੍ਰਤੀਨਿਧਾਂ ਨਾਲ ਇੱਕ ਮੀਟਿੰਗ ਵੀ ਕੀਤੀ ਗਈ ਹੈ। ਮੀਟਿੰਗ ਤੋਂ ਬਾਅਦ ਮੀਡੀਆ ਨਾਲ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਸਮੂਹ ਸਿੱਖ ਜੱਥੇਬੰਦੀਆਂ ਦੇ ਪ੍ਰਤੀਨਿਧਾਂ ਦੀ ਇਸ ਸਬੰਧੀ ਮੀਟਿੰਗ ਤੇਜਾ ਸਿੰਘ ਸਮੁੰਦਰੀ ਹਾਲ ਵਿੱਚ ਸੱਦੀ ਜਾਵੇਗੀ।


ਇਸ ਦੌਰਾਨ ਉਹ ਫੈਡਰੇਸ਼ਨਾਂ ਤੇ ਹੋਰ ਸਿੱਖ ਵਿਦਵਾਨਾਂ ਨਾਲ ਵੀ ਮੀਟਿੰਗਾਂ ਕਰਨਗੇ। ਉਨ੍ਹਾਂ ਦੱਸਿਆ ਕਿ ਭਾਈ ਰਾਜੋਆਣਾ ਦਾ ਕਹਿਣਾ ਹੈ ਕਿ ਉਸ ਦੀ ਫਾਂਸੀ ਦੀ ਸਜ਼ਾ ਮੁਆਫ਼ੀ ਸਬੰਧੀ ਦਾਇਰ ਕੀਤੀ ਹੋਈ ਪਟੀਸ਼ਨ ਨੂੰ ਵਾਪਸ ਲੈ ਲਿਆ ਜਾਵੇ। ਗ਼ੌਰਤਲਬ ਹੈ ਕਿ ਰਾਜੋਆਣਾ ਵੱਲੋਂ ਸ਼ੁਰੂ ਤੋਂ ਹੀ ਇਸ ਪਟੀਸ਼ਨ ਦਾ ਵਿਰੋਧ ਕੀਤੇ ਜਾਣ ਦੀਆਂ ਖ਼ਬਰਾਂ ਹਨ। ਉਨ੍ਹਾਂ ਕਿਹਾ ਕਿ ਇਹ ਇਕ ਕੌਮੀ ਮੁੱਦਾ ਹੈ ਅਤੇ ਉਹ ਇਸ ਮੁੱਦੇ 'ਤੇ ਸਮੁੱਚੀ ਸਿੱਖ ਕੌਮ ਦੀ ਰਾਇ ਲੈਣਾ ਚਾਹੁੰਦੇ ਹਨ। ਐਡਵੋਕੇਟ ਧਾਮੀ ਨੇ ਕਿਹਾ ਕਿ ਇਸ ਤੋਂ ਬਾਅਦ ਹੀ ਇਸ ਬਾਰੇ ਕੋਈ ਅਗਲਾ ਫੈਸਲਾ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਇਸ ਪਟੀਸ਼ਨ ਸਬੰਧੀ ਕੋਈ ਅਗਲੇਰੀ ਕਾਰਵਾਈ ਨਹੀਂ ਕੀਤੀ ਜਾ ਰਹੀ। ਦੱਸਣਯੋਗ ਹੈ ਕਿ ਇਸ ਸਬੰਧ ਵਿੱਚ ਸ਼੍ਰੋਮਣੀ ਕਮੇਟੀ ਵੱਲੋਂ ਭਾਰਤ ਦੇ ਰਾਸ਼ਟਰਪਤੀ ਕੋਲ ਫਾਂਸੀ ਦੀ ਸਜ਼ਾ ਮੁਆਫ਼ੀ ਸਬੰਧੀ ਪਟੀਸ਼ਨ ਦਾਇਰ ਕੀਤੀ ਗਈ ਸੀ।

ਇਸ ਸਬੰਧ ਵਿੱਚ ਸ਼੍ਰੋਮਣੀ ਕਮੇਟੀ ਵੱਲੋਂ ਸਰਕਾਰ ਕੋਲੋਂ ਮੁਲਾਕਾਤ ਲਈ ਵੀ ਸਮਾਂ ਮੰਗਿਆ ਗਿਆ ਸੀ ਪਰ ਸਰਕਾਰ ਵੱਲੋਂ ਇਸ ਸਬੰਧੀ ਕੋਈ ਹਾਂ-ਪੱਖੀ ਹੁੰਗਾਰਾ ਨਹੀਂ ਭਰਿਆ ਗਿਆ।

# ਮਾਨਸਾ ਦੇ ਨੌਜਵਾਨ ਦਾ ਕੈਨੇਡਾ ਦੇ ਸਰੀ 'ਚ ਗੋਲੀਆਂ ਮਾਰ ਕੇ ਕਤਲ

## ਸੱਤ ਸਾਲ ਪਹਿਲਾਂ ਰੁਜ਼ਗਾਰ ਲਈ ਗਿਆ ਸੀ ਕੈਨੇਡਾ



**ਮਾਨਸਾ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਕਰੀਬ ਸਾਢੇ ਸੱਤ ਸਾਲ ਪਹਿਲਾਂ ਰੁਜ਼ਗਾਰ ਲਈ ਕੈਨੇਡਾ ਗਏ ਮਾਨਸਾ ਦੇ ਗੱਭਰੂ ਲਵਦੀਪ ਸਿੰਘ (27) ਦਾ ਕੈਨੇਡਾ ਦੇ ਸਰੀ ਵਿੱਚ ਕੁਝ ਵਿਅਕਤੀਆਂ ਨੇ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਹੈ। ਇਹ ਘਟਨਾ 29 ਅਪਰੈਲ ਦੀ ਹੈ, ਪਰ ਮਾਨਸਾ ਬੈਠੇ ਉਸ ਦੇ ਪਰਿਵਾਰ ਨੂੰ ਇਸ ਦਾ ਪਤਾ ਬੀਤੇ ਦਿਨੀਂ ਲੱਗਿਆ। ਪਰਿਵਾਰ ਮੁਤਾਬਕ ਨੌਜਵਾਨ ਦੀ ਨਾ ਕਿਸੇ ਨਾਲ ਕੋਈ ਰੰਜਿਸ਼ ਸੀ ਤੇ ਨਾ ਕੋਈ ਝਗੜਾ। ਉਸ ਦਾ ਕਤਲ ਕਿਉਂ ਕੀਤਾ ਗਿਆ, ਇਹ ਅਜੇ ਤੱਕ ਬੁਝਾਰਤ ਬਣਿਆ ਹੋਇਆ ਹੈ।

ਲਵਦੀਪ ਸਿੰਘ ਐਂਪਲਾਈਜ਼ ਫੈਡਰੇਸ਼ਨ ਬਿਜਲੀ ਬੋਰਡ (ਪਹਿਲਵਾਨ ਗਰੁੱਪ) ਦੇ ਸੂਬਾ ਪ੍ਰਧਾਨ ਬਲਦੇਵ ਸਿੰਘ ਮੰਢਾਲੀ ਦਾ ਲੜਕਾ ਸੀ, ਜੋ ਸਰੀ (ਕੈਨੇਡਾ) ਵਿਖੇ ਟਰਾਲਾ ਚਲਾਉਂਦਾ ਸੀ। ਲਵਦੀਪ ਦੇ ਪਿਤਾ ਬਲਦੇਵ ਸਿੰਘ ਮੰਢਾਲੀ ਵਾਸੀ ਮਾਨਸਾ ਦੇ ਦੱਸਿਆ ਕਿ ਉਨ੍ਹਾਂ ਦਾ ਪੁੱਤਰ ਕਰੀਬ ਸਾਢੇ ਸੱਤ ਸਾਲ ਪਹਿਲਾਂ ਕੈਨੇਡਾ ਗਿਆ ਸੀ। 29 ਮਈ ਨੂੰ ਉਹ ਸਰੀ ਤੋਂ ਟਰਾਂਟੋ ਵੱਲ ਜਾ ਰਿਹਾ ਸੀ ਕਿ ਰਾਹ ਵਿਚ ਕੁਝ ਦੋਸਤਾਂ ਕੋਲ ਰੁਕ ਗਿਆ। ਸਵੇਰੇ ਜਦੋਂ ਉਹ ਸਰੀ ਵਿਚ ਸੈਰ ਕਰ ਰਿਹਾ ਸੀ ਤਾਂ ਕੁਝ ਅਣਪਛਾਤਿਆਂ ਨੇ ਉਸ 'ਤੇ ਗੋਲੀਆਂ ਚਲਾ ਕੇ ਉਸ ਦਾ ਕਤਲ ਕਰ ਦਿੱਤਾ। ਉਨ੍ਹਾਂ ਦੱਸਿਆ ਕਿ ਲਵਦੀਪ ਸਿੰਘ ਤੇ ਉਨ੍ਹਾਂ ਦੇ ਹੋਰ ਪਰਿਵਾਰਕ ਮੈਂਬਰ ਵੀ ਕੈਨੇਡਾ ਵਸਦੇ ਹਨ ਤੇ ਲਵਦੀਪ ਸਿੰਘ ਟਰਾਲਾ ਚਲਾਉਂਦਾ ਸੀ। ਪਰਿਵਾਰ ਮੁਤਾਬਕ ਉਸ ਦੀ ਕਿਸੇ ਨਾਲ ਕੋਈ ਦੁਸ਼ਮਣੀ ਤੇ ਰੰਜਿਸ਼ ਨਹੀਂ ਸੀ। ਉਸ ਦਾ ਕਤਲ ਕਿਸੇ ਰੰਜਿਸ਼ ਕਾਰਨ ਜਾਂ ਕਿਸੇ ਲੁੱਟ ਦੀ ਨੀਅਤ ਨਾਲ ਕੀਤਾ ਗਿਆ, ਇਹ ਹਾਲੇ ਤੱਕ ਕੁਝ ਵੀ ਨਹੀਂ ਪਤਾ। ਉਨ੍ਹਾਂ ਕੈਨੇਡਾ ਸਰਕਾਰ ਤੋਂ ਇਸ ਦੀ ਜਾਂਚ ਤੇ ਕਾਤਲਾਂ ਖਿਲਾਫ਼ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ।

ਦੱਸਿਆ ਜਾ ਰਿਹਾ ਹੈ ਕਿ ਕੈਨੇਡਾ ਪੁਲੀਸ ਨੇ ਇਸ ਮਾਮਲੇ ਵਿਚ ਕੁਝ ਵਿਅਕਤੀਆਂ ਨੂੰ ਵੀ ਗ੍ਰਿਫ਼ਤਾਰ ਕੀਤਾ ਹੈ। ਬਲਦੇਵ ਸਿੰਘ ਮੰਢਾਲੀ ਨੇ ਦੱਸਿਆ ਕਿ ਉਥੋਂ ਦੀ ਪੁਲੀਸ ਨੇ ਵੀ ਉਨ੍ਹਾਂ ਤੋਂ ਕੁਝ ਜਾਣਕਾਰੀ ਲਈ ਹੈ। ਮ੍ਰਿਤਕ ਦੀ ਲਾਸ਼ ਬਾਰੇ ਅਜੇ ਤੱਕ ਉਨ੍ਹਾਂ ਨੂੰ ਕੁਝ ਨਹੀਂ ਪਤਾ। ਉਹ ਕੈਨੇਡਾ ਤੇ ਭਾਰਤ ਸਰਕਾਰ ਤੋਂ ਲਵਦੀਪ ਸਿੰਘ ਦੀ ਦੇਹ ਦੇਸ਼ ਲਿਆਉਣ ਲਈ ਮਦਦ ਦੀ ਮੰਗ ਕਰਨਗੇ ਤਾਂ ਜੋ ਉਸ ਦੀਆਂ ਅੰਤਿਮ ਰਸਮਾਂ ਇੱਥੇ ਹੋ ਸਕਣ। ਇਸ ਦੁੱਖ ਦੀ ਘੜੀ 'ਚ ਮੰਢਾਲੀ ਪਰਿਵਾਰ ਨਾਲ ਸ਼ਹਿਰੀਆਂ, ਸਮਾਜਸੇਵੀਆਂ, ਸਿਆਸਤਦਾਨਾਂ ਨੇ ਦੁੱਖ ਸਾਂਝਾ ਕੀਤਾ ਹੈ।

# ਤੂਫ਼ਾਨ ਕਾਰਨ ਨੁਕਸਾਨੀਆਂ ਫਸਲਾਂ ਦਾ ਮੁਆਵਜ਼ਾ ਲੈਣ ਲਈ ਡਟੇ ਕਿਸਾਨ



**ਸੰਗਰੂਰ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਕਿਸਾਨ ਮਜ਼ਦੂਰ ਮੋਰਚਾ ਅਤੇ ਸੰਯੁਕਤ ਕਿਸਾਨ ਮੋਰਚਾ (ਗੈਰ ਰਾਜਨੀਤਕ) ਦੇ ਸੱਦੇ 'ਤੇ ਭਾਰਤੀ ਕਿਸਾਨ ਯੂਨੀਅਨ (ਏਕਤਾ ਆਜ਼ਾਦ) ਤੇ ਭਾਰਤੀ ਕਿਸਾਨ ਯੂਨੀਅਨ (ਸਿੱਧੂਪੁਰ) ਵਲੋਂ ਡਿਪਟੀ ਕਮਿਸ਼ਨਰ ਦਫ਼ਤਰ ਅੱਗੇ ਆਵਾਜਾਈ ਠੱਪ ਕਰਕੇ ਧਰਨਾ ਦਿੱਤਾ ਗਿਆ ਅਤੇ ਜ਼ਿਲ੍ਹਾ ਕਾਰਜਕਾਰੀ ਪ੍ਰਧਾਨ ਕੁਲਵਿੰਦਰ ਸੋਨੀ ਲੌਂਗੋਵਾਲ ਤੇ ਸੁਰਜੀਤ ਸਿੰਘ ਭਾਦਸੋਂ ਦੀ ਅਗਵਾਈ ਵਿੱਚ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਸੌਂਪਿਆ ਗਿਆ। ਧਰਨਾਕਾਰੀ ਕਿਸਾਨ ਬੇਮੌਸਮੀ ਬਰਸਾਤ, ਗੜ੍ਹੇਮਾਰੀ ਅਤੇ ਅੱਗ ਦੀਆਂ ਘਟਨਾਵਾਂ ਨਾਲ ਕਣਕ ਦੀ ਫਸਲ ਦੇ ਹੋਏ ਨੁਕਸਾਨ ਬਦਲੇ ਮੁਆਵਜ਼ੇ ਦੀ ਮੰਗ ਕਰ ਰਹੇ ਸਨ। ਧਰਨੇ ਨੂੰ ਸੰਬੋਧਨ ਕਰਦਿਆਂ ਬੀ.ਕੇ.ਯੂ ਆਜ਼ਾਦ ਦੇ ਸੂਬਾ ਕਾਰਜਕਾਰੀ ਆਗੂ ਜਸਵਿੰਦਰ ਸਿੰਘ ਲੌਂਗੋਵਾਲ ਨੇ ਕਿਹਾ ਕਿ ਪੂਰੇ ਪੰਜਾਬ ਵਿੱਚ ਬਿਜਲੀ ਦੇ ਸ਼ਾਰਟ ਸਰਕਟ ਹੋਣ ਕਾਰਨ ਖੜੀ ਕਣਕ ਦਾ ਵੱਡੀ ਪੱਧਰ 'ਤੇ ਨੁਕਸਾਨ ਹੋਇਆ ਹੈ। ਬੇਮੌਸਮੀ ਬਰਸਾਤ ਤੇ ਗੜ੍ਹੇਮਾਰੀ ਨੇ ਵੀ ਕਿਸਾਨ ਦੀਆਂ ਫ਼ਸਲਾਂ ਦਾ ਭਾਰੀ ਨੁਕਸਾਨ ਕੀਤਾ ਹੈ। ਕਿਸਾਨਾਂ ਦੀ ਮਸ਼ੀਨਰੀ ਅੱਗ ਦੀ ਲਪੇਟ ਵਿੱਚ ਆਉਣ ਕਾਰਨ ਸੜ ਚੁੱਕੀ ਹੈ ਪਰੰਤੂ ਲੋਕ ਹਿਤੈਸ਼ੀ ਕਹਾਉਣ ਵਾਲੀ ਸਰਕਾਰ ਮੁਆਵਜ਼ਾ ਦੇਣ ਲਈ ਕੁੰਭਕਰਨੀ ਨੀਂਦ ਸੁੱਤੀ ਹੋਈ ਹੈ। ਉਨ੍ਹਾਂ ਮੰਗ ਕੀਤੀ ਕਿ ਅੱਗ ਨਾਲ ਕਣਕ ਦੇ ਹੋਏ ਨੁਕਸਾਨ ਬਦਲੇ 50 ਹਜ਼ਾਰ ਰੁਪਏ ਪ੍ਰਤੀ ਏਕੜ ਅਤੇ ਤੂੜੀ ਦੇ ਲਾਂਗੇ ਦਾ 5 ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ਾ ਦਿੱਤਾ ਜਾਵੇ। ਸੂਬਾ ਆਗੂ ਦਿਲਬਾਗ ਸਿੰਘ ਹਰੀਗੜ੍ਹ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਮੋਦੀ ਸਰਕਾਰ ਦੀ ਸ਼ਹਿ 'ਤੇ 13 ਮਹੀਨਿਆਂ ਤੋਂ ਸ਼ੰਭੂ ਅਤੇ ਖਨੌਰੀ ਬਾਰਡਰਾਂ ਤੇ ਚੱਲ ਰਹੇ ਮੋਰਚੇ ਨੂੰ ਉਖਾੜ ਕੇ ਕਿਸਾਨਾਂ ਦੀ ਪਿੱਠ ਵਿੱਚ ਛੁਰਾ ਮਾਰਿਆ ਹੈ ਅਤੇ ਕਿਸਾਨਾਂ ਦਾ ਕਰੋੜਾਂ ਰੁਪਏ ਦਾ ਸਮਾਨ ਵੀ ਖੁਰਦ ਬੁਰਦ ਹੋਇਆ ਹੈ। ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਦੇ ਚਹੇਤਿਆਂ ਉਪਰ ਟਰਾਲੀ ਚੋਰੀਆਂ ਕਰਨ ਦੇ ਦੋਸ਼ ਲੱਗੇ ਹਨ ਅਤੇ ਘਰਾਂ 'ਚੋ ਟਰਾਲੀਆਂ ਬਰਾਮਦ ਹੋਈਆਂ ਹਨ ਪਰੰਤੂ ਸਰਕਾਰ ਵਲੋਂ ਟਰਾਲੀ ਚੋਰਾਂ ਖ਼ਿਲਾਫ਼ ਕੋਈ ਕਾਰਵਾਈ ਨਹੀਂ ਕੀਤੀ ਗਈ।

# ਸਰਹੱਦ 'ਤੇ ਤਣਾਅ, ਪਰ ਲੋਕਾਂ ਦੇ ਹੌਸਲੇ ਬੁਲੰਦ: ਗੁਰਜੀਤ ਔਜਲਾ

## ਸੰਸਦ ਮੈਂਬਰ ਵੱਲੋਂ ਸਰਹੱਦੀ ਪਿੰਡਾਂ ਦਾ ਦੌਰਾ; ਮੁਕਾਮੀ ਲੋਕਾਂ ਨਾਲ ਕੀਤੀ ਮੁਲਾਕਾਤ



**ਅੰਮ੍ਰਿਤਸਰ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਅੱਜ ਸਰਹੱਦੀ ਪਿੰਡਾਂ ਦਾ ਦੌਰਾ ਕੀਤਾ ਤੇ ਸਥਾਨਕ ਲੋਕਾਂ ਨੂੰ ਮਿਲ ਕੇ ਉਨ੍ਹਾਂ ਦਾ ਹੌਸਲਾ ਵਧਾਇਆ। ਉਨ੍ਹਾਂ ਕਿਹਾ ਕਿ ਪਹਿਲਗਾਮ ਹਮਲੇ ਤੋਂ ਬਾਅਦ ਸਰਹੱਦ 'ਤੇ ਬਣੇ ਤਣਾਅ ਵਾਲੇ ਮਾਹੌਲ ਵਿਚ ਵੀ ਇਨ੍ਹਾਂ ਪਿੰਡਾਂ ਦੇ ਲੋਕਾਂ ਦਾ ਹੌਸਲਾ ਬੁਲੰਦ ਹੈ। ਔਜਲਾ ਨੇ ਕਿਹਾ ਕਿ ਸਰਹੱਦੀ ਪਿੰਡਾਂ ਦੇ ਲੋਕ ਹਮੇਸ਼ਾ ਵਾਂਗ ਦੇਸ਼ ਨਾਲ ਖੜ੍ਹੇ ਹਨ।

ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਅੱਜ ਅਟਾਰੀ ਸਰਹੱਦ ਨਾਲ ਲੱਗਦੇ ਪਿੰਡ ਰਾਜਾ ਤਾਲ, ਦਾਉਕੇ, ਰੋੜਾਂਵਾਲਾ ਖੁਰਦ ਅਤੇ ਪਿੰਡ ਧਨੋਏ ਕਲਾਂ ਦਾ ਦੌਰਾ ਕਰਦਿਆਂ ਲੋਕਾਂ ਨਾਲ ਮੁਲਾਕਾਤ ਕੀਤੀ। ਲੋਕਾਂ ਨਾਲ ਗੱਲਬਾਤ ਕਰਦਿਆਂ ਸੰਸਦ ਮੈਂਬਰ ਨੇ ਉਨ੍ਹਾਂ ਦਾ ਹੌਸਲਾ ਵਧਾਇਆ ਅਤੇ ਉਨ੍ਹਾਂ ਨੂੰ ਦਰਪੇਸ਼ ਸਮੱਸਿਆਵਾਂ ਬਾਰੇ ਜਾਣਕਾਰੀ ਲਈ। ਉਨ੍ਹਾਂ ਲੋਕਾਂ ਨੂੰ ਹੌਸਲਾ ਦਿੱਤਾ ਅਤੇ ਕਿਹਾ ਕਿ ਜੇਕਰ ਉਨ੍ਹਾਂ ਨੂੰ ਕਿਸੇ ਚੀਜ਼ ਦੀ ਲੋੜ ਹੈ ਤਾਂ ਉਹ ਹਮੇਸ਼ਾ ਉਨ੍ਹਾਂ ਲਈ ਮੌਜੂਦ ਹਨ।

ਸੰਸਦ ਮੈਂਬਰ ਨੇ ਕਿਹਾ ਕਿ ਜੰਗ ਹੋਵੇ ਜਾਂ ਨਾ ਹੋਵੇ ਸਰਹੱਦ 'ਤੇ ਬੈਠੇ ਲੋਕਾਂ ਨੂੰ ਹਮੇਸ਼ਾ ਹੀ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇੱਥੇ ਡਰ ਦਾ ਮਾਹੌਲ ਬਣਿਆ ਹੋਇਆ ਹੈ ਪਰ ਉਹ ਸੰਤੁਸ਼ਟ ਹਨ ਕਿ ਸਰਹੱਦ 'ਤੇ ਰਹਿਣ ਵਾਲੇ ਲੋਕਾਂ ਕੋਲ ਕਿਸੇ ਜਵਾਨ ਨਾਲੋਂ ਘੱਟ ਹਿੰਮਤ ਅਤੇ ਹੌਸਲਾ ਨਹੀਂ ਹੈ। ਉਨ੍ਹਾਂ ਸਰਹੱਦੀ ਪਿੰਡਾਂ ਵਿੱਚ ਸੱਥਾਂ 'ਚ ਜਾ ਕੇ ਅਤੇ ਘਰ ਘਰ ਜਾ ਕੇ ਵੀ ਲੋਕਾਂ ਨਾਲ ਮੁਲਾਕਾਤ ਕੀਤੀ।

# ਕੁੱਟਮਾਰ ਕਰਨ ਤੇ ਦਹਿਸ਼ਤ ਫੈਲਾਉਣ ਦੇ ਦੋਸ਼ 'ਚ ਫ਼ਰਾਰ ਚੱਲ ਰਿਹਾ ਭਗੌੜਾ ਕਾਬੂ



**ਲੁਧਿਆਣਾ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਟਿੱਬਾ ਥਾਣੇ ਅਧੀਨ ਆਉਂਦੇ ਸੁਭਾਸ਼ ਨਗਰ ਚੌਂਕੀ ਦੀ ਪੁਲਸ ਨੇ ਕੁੱਟਮਾਰ ਕਰਨ ਅਤੇ ਦਹਿਸ਼ਤ ਫੈਲਾਉਣ ਦੇ ਦੋਸ਼ਾਂ 'ਚ ਲੰਬੇ ਸਮੇਂ ਤੋਂ ਭਗੌੜੇ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ ਹੈ।

ਦੋਸ਼ੀ ਦਿਨੇਸ਼ ਕੁਮਾਰ ਹੈ, ਜੋ ਬੰਦਾ ਬਹਾਦਰ ਕਾਲੋਨੀ ਦਾ ਵਸਨੀਕ ਹੈ। ਪੁਲਸ ਨੇ ਦੋਸ਼ੀ ਨੂੰ ਅਦਾਲਤ 'ਚ ਪੇਸ਼ ਕੀਤਾ ਅਤੇ ਉਸ ਨੂੰ ਨਿਆਂਇਕ ਹਿਰਾਸਤ 'ਚ ਭੇਜ ਦਿੱਤਾ ਹੈ।

ਜਾਣਕਾਰੀ ਦਿੰਦੇ ਹੋਏ ਚੌਂਕੀ ਇੰਚਾਰਜ ਗੁਰਦਿਆਲ ਸਿੰਘ ਨੇ ਦੱਸਿਆ ਕਿ ਦੋਸ਼ੀ ਦਿਨੇਸ਼ ਕੁਮਾਰ ਵਿਰੁੱਧ ਸਾਲ 2022 'ਚ ਹਮਲਾ ਕਰਨ ਅਤੇ ਦਹਿਸ਼ਤ ਫੈਲਾਉਣ ਦੇ ਦੋਸ਼ 'ਚ ਮਾਮਲਾ ਦਰਜ ਕੀਤਾ ਗਿਆ ਸੀ। ਇਸ ਤੋਂ ਇਲਾਵਾ ਮੁਲਜ਼ਮ ਖਿਲਾਫ ਚੋਰੀ ਦਾ ਮਾਮਲਾ ਵੀ ਦਰਜ ਹੈ। ਮੁਲਜ਼ਮ ਹਮਲੇ ਦੇ ਇਕ ਮਾਮਲੇ 'ਚ ਲੰਬੇ ਸਮੇਂ ਤੋਂ ਫਰਾਰ ਸੀ। ਉਸ ਨੂੰ ਅੱਜ ਇਲਾਕੇ 'ਚ ਘੁੰਮਦੇ ਹੋਏ ਫੜਿਆ ਗਿਆ ਸੀ।

# ਪੰਜਾਬ ਸਿੱਖਿਆ ਕ੍ਰਾਂਤੀ : 37.99 ਲੱਖ ਦੇ ਵਿਕਾਸ ਕਾਰਜਾਂ ਨਾਲ ਜ਼ਿਲ੍ਹੇ ਦੇ 5 ਹੋਰ ਸਰਕਾਰੀ ਸਕੂਲਾਂ ਦੀ ਬਦਲੀ ਨੁਹਾਰ



**ਜਲੰਧਰ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸਕੂਲ ਸਿੱਖਿਆ ਪ੍ਰਣਾਲੀ ਵਿੱਚ ਕ੍ਰਾਂਤੀਕਾਰੀ ਬਦਲਾਅ ਲਿਆਉਣ ਲਈ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਪਹਿਲਕਦਮੀ 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਜ਼ਿਲ੍ਹੇ ਦੇ 5 ਹੋਰ ਸਰਕਾਰੀ ਸਕੂਲਾਂ ਦੀ 37.99 ਲੱਖ ਦੇ ਵਿਕਾਸ ਕਾਰਜਾਂ ਨਾਲ ਨੁਹਾਰ ਬਦਲੀ ਗਈ ਹੈ। ਇਨ੍ਹਾਂ ਵਿੱਚ ਸਰਕਾਰੀ ਪ੍ਰਾਇਮਰੀ ਸਕੂਲਾਂ ਵਿਚਲੇ 4.41 ਲੱਖ ਅਤੇ ਅਪਰ ਪ੍ਰਾਇਮਰੀ ਸਕੂਲਾਂ ਵਿਚਲੇ 33.58 ਲੱਖ ਰੁਪਏ ਦੇ ਵਿਕਾਸ ਕੰਮ ਸ਼ਾਮਲ ਹਨ, ਜੋ ਅੱਜ ਇਨ੍ਹਾਂ ਸਕੂਲਾਂ ਵਿੱਚ ਸਮਰਪਿਤ ਕੀਤੇ ਗਏ।

ਜਲੰਧਰ ਇੰਪਰੂਵਮੈਂਟ ਟਰੱਸਟ ਦੇ ਚੇਅਰਪਰਸਨ ਰਾਜਵਿੰਦਰ ਕੌਰ ਥਿਆੜਾ ਵੱਲੋਂ 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਅੱਜ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪ੍ਰਤਾਪਪੁਰਾ ਵਿਖੇ ਇਕ ਲੱਖ ਰੁਪਏ ਦੀ ਲਾਗਤ ਨਾਲ ਤਿਆਰ ਚਾਰਦਿਵਾਰੀ ਦਾ ਉਦਘਾਟਨ ਕੀਤਾ ਗਿਆ।

ਉਦਘਾਟਨੀ ਸਮਾਗਮ ਨੂੰ ਸੰਬੋਧਨ ਕਰਦਿਆਂ ਚੇਅਰਪਰਸਨ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸਿੱਖਿਆ ਦੇ ਖੇਤਰ ਵਿੱਚ ਬੇਮਿਸਾਲ ਤਬਦੀਲੀਆਂ ਲਿਆਂਦੀਆਂ ਹਨ। ਉਨ੍ਹਾਂ ਕਿਹਾ ਕਿ ਅੱਜ ਸਰਕਾਰੀ ਸਕੂਲ ਹਰ ਪੱਖੋਂ ਬਿਹਤਰੀਨ ਸਹੂਲਤਾਂ ਨਾਲ ਲੈਸ ਹਨ ਅਤੇ ਵਿਦਿਆਰਥੀਆਂ ਨੂੰ ਆਧੁਨਿਕ ਢੰਗ-ਤਰੀਕਿਆਂ ਨਾਲ ਮਿਆਰੀ ਸਿੱਖਿਆ ਮੁਹੱਈਆ ਕਰਵਾਈ ਜਾ ਰਹੀ ਹੈ।

ਇਸ ਮੌਕੇ ਸਕੂਲ ਦੇ ਅਧਿਆਪਕਾਂ ਤੋਂ ਇਲਾਵਾ ਸਮੁੱਚਾ ਸਟਾਫ਼, ਵਿਦਿਆਰਥੀ ਅਤੇ ਵਿਦਿਆਰਥੀਆਂ ਦੇ ਮਾਪੇ ਵੀ ਮੌਜੂਦ ਸਨ।

ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਵਿਧਾਨ ਸਭਾ ਹਲਕਾ ਫਿਲੌਰ ਅਧੀਨ ਆਉਂਦੇ ਸਰਕਾਰੀ ਹਾਈ ਸਕੂਲ ਅਪਰਾ ਵਿਖੇ 32.58 ਲੱਖ, ਸਰਕਾਰੀ ਪ੍ਰਾਇਮਰੀ ਸਕੂਲ ਅਪਰਾ ਵਿਖੇ 1.86 ਲੱਖ, ਸਰਕਾਰੀ ਪ੍ਰਾਇਮਰੀ ਸਕੂਲ ਤੁਰਨ ਵਿਖੇ 1.20 ਲੱਖ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਮਸਾਨੀ ਵਿਖੇ 1.35 ਲੱਖ ਰੁਪਏ ਦੀ ਲਾਗਤ ਵਾਲੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ।

# ਯੁੱਧ ਨਸ਼ਿਆ ਵਿਰੁੱਧ ਮੁਹਿੰਮ ਦਾ ਅਸਰ, ਸ੍ਰੀ ਅਨੰਦਪੁਰ ਸਾਹਿਬ ਵਿੱਚ ਨਗਰ ਕੌਂਸਲ ਦਾ ਚੱਲਿਆ ਪੀਲਾ ਪੰਜਾ

## ਝੁੱਗੀ, ਝੋਪੜੀ ਵਿੱਚ ਰਹਿ ਰਹੇ ਪ੍ਰਵਾਸੀਆਂ ਵਿਰੁੱਧ ਅਕਸਰ ਮਿਲਦੀਆਂ ਰਹੀਆਂ ਸ਼ਿਕਾਇਤਾ ਕਾਰਨ ਹੋਈ ਕਾਰਵਾਈ



**ਸ੍ਰੀ ਆਨੰਦਪੁਰ ਸਾਹਿਬ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਪੰਜਾਬ ਸ.ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵਲੋਂ ਗੁਰੂਆਂ ਪੀਰਾਂ ਦੀ ਧਰਤੀ ਪੰਜਾਬ ਨੂੰ ਖੁਸ਼ਹਾਲ ਅਤੇ ਨਸ਼ਾ ਰਹਿਤ ਬਣਾਉਣ ਲਈ ਵਿੱਢੀ ਮੁਹਿੰਮ ਦੀ ਰਾਜ ਦੇ ਲੋਕਾਂ ਵੱਲੋਂ ਖੂਬ ਸ਼ਲਾਘਾ ਕੀਤੀ ਜਾ ਰਹੀ ਹੈ।

ਪੰਜਾਬ ਦੀ ਧਰਤੀ ਜੁਝਾਰੂ ਲੋਕਾਂ ਦੀ ਧਰਤੀ ਹੈ ਅਤੇ ਪੰਜਾਬੀ ਨਸ਼ਿਆ ਖਿਲਾਫ਼ ਸ਼ੁਰੂ ਕੀਤੀ ਜੰਗ ਵਿੱਚ ਲੋਕ ਸਰਕਾਰ ਦਾ ਡੱਟ ਕੇ ਸਾਥ ਦੇ ਰਹੇ ਹਨ। ਪੰਜਾਬ ਅੰਦਰ ਨਸ਼ਿਆਂ ਦਾ ਕਾਰੋਬਾਰ ਕਰਨ ਵਾਲਿਆਂ ਨੂੰ ਕਿਸੇ ਵੀ ਕੀਮਤ ਤੇ ਬਖਸ਼ਿਆ ਨਹੀ ਜਾਵੇਗਾ, ਇਸ ਦੇ ਲਈ ਸਰਕਾਰ ਸਿਰਤੋੜ ਯਤਨ ਕਰ ਰਹੀ ਹੈ।

ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਹਰਜੀਤ ਸਿੰਘ ਜੀਤਾ ਪ੍ਰਧਾਨ ਨਗਰ ਕੌਂਸਲ ਨੇ ਕੀਤਾ।ਉਨ੍ਹਾਂ ਨੇ ਕਿਹਾ ਕਿ ਨਸ਼ਿਆਂ ਦੀ ਗੱਲ ਹੋਵੇ, ਭਾਵੇਂ ਪੰਜਾਬ ਦੇ ਪਾਣੀਆਂ ਦੀ ਜਾਂ ਰਾਜ ਦੇ ਲੋਕਾਂ ਦੀ ਭਲਾਈ ਅਤੇ ਵਿਕਾਸ ਕੰਮਾਂ ਦੀ ਸਰਕਾਰ ਹਰ ਪੱਖ ਤੋਂ ਪੰਜਾਬੀਆ ਦੇ ਮੋਢੇ ਨਾਲ ਮੋਢੇ ਲਾ ਕੇ ਖੜੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਲੋਕਾਂ ਦੇ ਭਲੇ ਲਈ ਮਿਸਾਲੀ ਕੰਮ ਕੀਤਾ ਹੈ।

ਉਨ੍ਹਾਂ ਨੇ ਪਿੰਡਾਂ ਤੇ ਸ਼ਹਿਰੀ ਪੱਧਰ ਤੇ ਬਣੀਆਂ ਡਿਫੈਂਸ ਕਮੇਟੀਆਂ ਨੂੰ ਨਸ਼ਿਆਂ ਖਿਲਾਫ ਇਸ ਯੁੱਧ ਵਿੱਚ ਮੋਹਰੀ ਭੂਮਿਕਾ ਨਿਭਾਉਣ ਲਈ ਕਿਹਾ। ਉਹਨਾਂ ਨੇ ਕਿਹਾ ਕਿ ਤੁਹਾਡੇ ਸਭ ਦੇ ਬੁਲੰਦ ਹੌਸਲਿਆ ਸਦਕਾ ਇਸ ਜੰਗ ਤੇ ਫਤਿਹ ਹਾਸਿਲ ਹੋਵੇਗੀ ਅਤੇ ਪੰਜਾਬ ਅੰਦਰ ਨਸ਼ਿਆ ਦਾ ਧੰਦਾ ਕਰਨ ਵਾਲਿਆ ਲਈ ਕੋਈ ਥਾਂ ਨਹੀ।

ਅੱਜ ਨਗਰ ਕੌਂਸਲ ਦੀ ਟੀਮ ਕਾਰਜ ਸਾਧਕ ਅਫਸਰ ਗੁਰਦੀਪ ਸਿੰਘ ਦੀ ਅਗਵਾਈ ਵਿੱਚ ਐਸ.ਐਚ.ਓ ਦਾਨਿਸ਼ਵੀਰ ਸਿੰਘ ਦੇ ਨਾਲ ਵਾਰਡ ਨੰ:12 ਲੋਧੀਪੁਰ ਤੇ ਚਰਨ ਗੰਗਾ ਪੁੱਲ ਦੇ ਪਾਰ ਨਜਾਇਜ਼ ਤੌਰ ਤੇ ਬਣਾਇਆ ਝੁੰਗੀਆਂ ਤੇ ਪਹੁੰਚੇ ਜਿੱਥੇ ਅਕਸਰ ਨਸ਼ਾ ਵੇਚਣ ਦੀਆਂ ਸ਼ਿਕਾਇਤਾ ਮਿਲਦੀਆਂ ਸਨ। ਨਗਰ ਕੌਂਸਲ ਦੀ ਟੀਮ ਦੀ ਪੁਲਿਸ ਵਿਭਾਗ ਦੇ ਸਹਿਯੋਗ ਨਾਲ ਇਨ੍ਹਾਂ ਨਜਾਇਜ਼ ਤੌਰ ਤੇ ਬਣਾਇਆ ਝੁੰਗੀਆਂ ਨੂੰ ਇੱਥੋ ਹਟਾਂ ਦਿੱਤਾ ਅਤੇ ਨਸ਼ਾ ਵੇਚਣ ਵਾਲੇ ਗੈਰ ਸਮਾਜੀ ਅਨਸਰਾਂ ਨੂੰ ਬਾਰਨਿੰਗ ਦਿੱਤੀ ਕਿ ਹੁਣ ਪੰਜਾਬ ਵਿਚ ਯੁੱਧ ਨਸ਼ਿਆ ਵਿਰੁੱਧ ਮੁਹਿੰਮ ਚੱਲ ਰਹੀ ਹੈ,ਕਿਸੇ ਵੀ ਦੋਸ਼ੀ ਨੂੰ ਬਖਸ਼ਿਆ ਨਹੀ ਜਾਵੇਗਾ।

ਇਸ ਮੌਕੇ ਰੇਹੜੀ ਫੜੀ ਯੂਨੀਅਨ ਦੇ ਪ੍ਰਧਾਨ ਸੁਨੀਲ ਅੱਡਵਾਲ ,ਬਾਬਾ ਜਰਨੈਲ ਸਿੰਘ, ਪ੍ਰਧਾਨ ਟੈਕਸੀ ਯੂਨੀਅਨ ਨਛੱਤਰ ਸਿੰਘ ਰੰਧਾਵਾ, ਮਦਨ ਲਾਲ ਇੰਸਪੈਕਟਰ ਸੈਨੇਟਰੀ, ਇੰਦਰਜੀਤ ਸਿੰਘ, ਮਾਸਟਰ ਬੰਤ ਸਿੰਘ ਆਦਿ ਹਾਜ਼ਰ ਸਨ।

# 20 ਮਈ ਦੀ ਦੇਸ਼ ਵਿਆਪੀ ਹੜਤਾਲ ਸਬੰਧੀ ਟਰੇਡ ਯੂਨੀਅਨਾਂ, ਫੈਡਰੇਸ਼ਨਾਂ ਅਤੇ ਸੰਯੁਕਤ ਕਿਸਾਨ ਮੋਰਚਾ ਪੰਜਾਬ ਦੀ ਉੱਚ ਪੱਧਰੀ ਮੀਟਿੰਗ ਆਯੋਜਿਤ



**ਪਟਿਆਲਾ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਜਲੰਧਰ ਵਿਖੇ 20 ਮਈ 2025 ਦੀ ਕੇਂਦਰੀ ਟਰੇਡ ਯੂਨੀਅਨਾਂ ਦੇ ਸੱਦੇ ਤੇ ਅਤੇ ਸੰਯੁਕਤ ਕਿਸਾਨ ਮੋਰਚੇ ਦੁਆਰਾ ਸਮਰਥਤ ਦੇਸ਼ ਵਿਆਪੀ ਹੜਤਾਲ ਨੂੰ ਪੰਜਾਬ ਵਿੱਚ ਪੂਰੀ ਤਰ੍ਹਾਂ ਸਫਲ ਬਣਾਉਣ ਦੀ ਵਿਉਂਤਬੰਦੀ ਕਰਨ ਲਈ ਪੰਜਾਬ ਦੀਆਂ ਸੂਬਾਈ ਟਰੇਡ ਯੂਨੀਅਨਾਂ, ਫੈਡਰੇਸ਼ਨਾਂ ਅਤੇ ਸੰਯੁਕਤ ਕਿਸਾਨ ਮੋਰਚਾ ਪੰਜਾਬ ਦੀ ਇੱਕ ਉੱਚ ਪੱਧਰੀ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਪੰਜਾਬ ਏਟਕ ਦੇ ਪ੍ਰਧਾਨ ਬੰਤ ਸਿੰਘ ਬਰਾੜ ਅਤੇ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ, ਪੰਜਾਬ ਸੀਟੂ ਦੇ ਜਨਰਲ ਸਕੱਤਰ ਚੰਦਰ ਸ਼ੇਖਰ ਅਤੇ ਪ੍ਰਧਾਨ ਮਹਾਂ ਸਿੰਘ ਰੋੜੀ , ਸੀ.ਟੀ.ਯੂ ਪੰਜਾਬ ਦੇ ਜਨਰਲ ਸਕੱਤਰ ਨੱਥਾ ਸਿੰਘ ਅਤੇ ਪ੍ਰਧਾਨ ਦੇਵ ਰਾਜ ਵਰਮਾ, ਏਕਟੂ ਦੇ ਪ੍ਰਧਾਨ ਰਾਜਵਿੰਦਰ ਰਾਣਾ ਅਤੇ ਇਫਟੂ ਦੇ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ, ਸੰਯੁਕਤ ਕਿਸਾਨ ਮੋਰਚੇ ਵੱਲੋਂ ਜੋਗਿੰਦਰ ਸਿੰਘ ਉਗਰਾਹਾਂ, ਬਲਵੀਰ ਸਿੰਘ ਰਾਜੇਵਾਲ, ਬੂਟਾ ਸਿੰਘ ਬੁਰਜਗਿੱਲ, ਬਲਦੇਵ ਸਿੰਘ ਨਿਹਾਲਗੜ, ਰਮਿੰਦਰ ਪਟਿਆਲਾ, ਰੁਲਦੂ ਸਿੰਘ ਮਾਨਸਾ ਅਤੇ ਸਤਨਾਮ ਸਿੰਘ ਤੋਂ ਇਲਾਵਾ ਮੁਲਾਜਮ ਫੈਡਰੇਸ਼ਨਾਂ ਦੇ ਜਗਦੀਸ਼ ਸਿੰਘ ਚਾਹਲ, ਸਤੀਸ਼ ਰਾਣਾ, ਜਰਮਨਜੀਤ ਸਿੰਘ, ਗਗਨਦੀਪ ਸਿੰਘ ਭੁੱਲਰ ਆਦਿ ਪ੍ਰਮੁੱਖ ਆਗੂ ਸ਼ਾਮਲ ਸਨ।

ਮੀਟਿੰਗ ਵਿੱਚ 20 ਮਈ 2025 ਦੀ ਦੇਸ਼ ਵਿਆਪੀ ਹੜਤਾਲ ਲਈ ਕੇਂਦਰੀ ਸੰਗਠਨਾਂ ਵੱਲੋਂ ਸੰਘਰਸ਼ ਲਈ ਤਹਿ ਕੀਤੇ 17 ਮੁੱਦਿਆਂ ਤੇ ਚਰਚਾ ਕੀਤੀ ਗਈ ਅਤੇ ਫੈਸਲਾ ਕੀਤਾ ਕਿ ਇਸ ਹੜਤਾਲ ਦੀ ਤਿਆਰੀ ਅਤੇ ਇਸਦੀ ਸਫਲਤਾ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ ਅਤੇ ਵਿਸ਼ਵਾਸ ਪ੍ਰਗਟ ਕੀਤਾ ਕਿ ਮੋਦੀ ਸਰਕਾਰ ਦੀਆਂ ਲੋਕ ਵਿਰੋਧੀ ਅਤੇ ਕਾਰਪੋਰੇਟ ਘਰਾਣਿਆਂ ਪੱਖੀ ਲੋਟੂ ਨੀਤੀਆਂ ਦਾ ਪੰਜਾਬ ਦੇ ਮਿਹਨਤਕਸ਼ ਅਤੇ ਪੀੜਤ ਵਰਗਾ ਦੇ ਲੋਕ ਠੋਕਵਾਂ ਉੱਤਰ ਦੇਣਗੇ ਅਤੇ ਜੋਰਦਾਰ ਤਰੀਕੇ ਨਾਲ ਸਾਰੇ ਸਰਕਾਰੀ, ਅਰਧ ਸਰਕਾਰੀ ਅਦਾਰੇ, ਲਗਾਤਾਰ ਸੰਘਰਸ਼ ਕਰ ਰਹੇ ਕਿਸਾਨ, ਖੇਤ ਮਜ਼ਦੂਰ ਅਤੇ ਦਰਮਿਆਨਾ ਅਤੇ ਛੋਟਾ ਵਪਾਰੀ ਵਰਗ ਆਦਿ ਇਕੱਠੇ ਹੋ ਕੇ ਲਾਮਿਸਾਲ ਤਰੀਕੇ ਨਾਲ ਪੰਜਾਬ ਬੰਦ ਕਰ ਦੇਣਗੇ।

ਆਗੂਆਂ ਨੇ ਦੱਸਿਆ ਕਿ ਮੁਕਤ ਵਪਾਰ ਸਮਝੌਤਿਆਂ ਰਾਹੀਂ ਮੋਦੀ ਸਰਕਾਰ ਟਰੰਪ ਦੇ ਦਬਾਅ ਥੱਲੇ ਸਨਅਤ, ਖੇਤੀ ਅਤੇ ਪ੍ਰਚੂਨ ਵਪਾਰ ਵਿਰੋਧੀ ਸਮਝੌਤਿਆਂ ਤੇ ਦਸਤਖਤ ਕਰਨ ਦੇ ਸੰਕੇਤ ਦੇ ਰਹੀ ਹੈ। ਜਿਸ ਨਾਲ ਖੇਤੀ ਸਨਅਤ ਅਤੇ ਛੋਟਾ ਵਪਾਰੀ ਵਰਗ ਬੁਰੀ ਤਰ੍ਹਾਂ ਪ੍ਰਭਾਵਤ ਹੋਵੇਗਾ। ਇਹ ਧੰਦੇ ਕਰਨ ਵਾਲਿਆਂ ਨੂੰ ਉਜੜਨ ਲਈ ਮਜਬੂਰ ਕਰ ਦਿੱਤਾ ਜਾਵੇਗਾ। ਇਸੇ ਤਰ੍ਹਾਂ ਮੋਦੀ ਸਰਕਾਰ ਮਜ਼ਦੂਰ ਵਿਰੋਧੀ 4 ਲੇਬਰ ਕੋਡਜ਼ ਨੂੰ ਲਾਗੂ ਕਰਨ ਜਾ ਰਹੀ ਹੈ, ਜਿਸਦਾ ਸਭ ਤੋਂ ਵੱਧ ਅਸਰ ਟਰੇਡ ਯੂਨੀਅਨਾਂ ਅਤੇ ਮਜ਼ਦੂਰਾਂ ਦੇ ਹਰ ਕਿਸਮ ਦੇ ਅਧਿਕਾਰ ਖੁੱਸਣ ਦੇ ਰੂਪ ਵਿੱਚ ਪਵੇਗਾ। ਇਸੇ ਤਰ੍ਹਾਂ ਹੋਰ ਮੰਗਾਂ ਜਿਵੇਂ ਪਬਲਿਕ ਸੈਕਟਰ ਦੇ ਅਦਾਰਿਆਂ ਦਾ ਤੇਜੀ ਨਾਲ ਨਿੱਜੀਕਰਨ, ਕੰਟੈਕਟ/ਆਊਟਸੋਰਸ ਵਰਕਰ ਪੱਕੇ ਕਰਨਾ, ਘੱਟੋ-ਘੱਟ ਉਜਰਤ 26000/- ਪ੍ਰਤੀ ਮਹੀਨਾ ਕਰਨਾ, ਸਕੀਮ ਵਰਕਰਾਂ ਨੂੰ ਰੈਗੂਲਰ ਕਰਨਾ, ਬੇਰੁਜਗਾਰੀ, ਮਹਿੰਗਾਈ, ਖੇਤ ਮਜ਼ਦੂਰਾਂ ਦੇ ਮਸਲੇ, ਪੁਰਾਣੀ ਪੈਨਸ਼ਨ ਬਹਾਲ ਕਰਨਾ, ਨਰੇਗਾ ਅਧੀਨ ਕੰਮ 200 ਦਿਨ ਅਤੇ ਇਸਨੂੰ ਸ਼ਹਿਰਾਂ ਵਿੱਚ ਵੀ ਲਾਗੂ ਕਰਨਾ ਆਦਿ ਹੜਤਾਲ ਦੇ ਮੁੱਖ ਮੁੱਦੇ ਹਨ।

ਮੀਟਿੰਗ ਵਿੱਚ ਇਹ ਵੀ ਤਹਿ ਕੀਤਾ ਗਿਆ ਕਿ 18 ਮਈ ਨੂੰ ਸਾਰੇ ਪੰਜਾਬ ਦੇ ਜਿਲ੍ਹਿਆਂ ਅਤੇ ਮਹੱਤਵਪੂਰਨ ਸੈਂਟਰਾਂ ਤੇ ਕਿਸਾਨਾਂ ਅਤੇ ਟਰੇਡ ਯੂਨੀਅਨ ਲੀਡਰਾਂ ਵੱਲੋਂ ਸਾਂਝੀਆਂ ਵਿਸ਼ਾਲ ਮੀਟਿੰਗ ਕਰਕੇ ਤਿਆਰੀਆਂ ਨੂੰ ਅੰਤਿਮ ਛੋਹਾਂ ਦਿੱਤੀਆ ਜਾਣਗੀਆਂ।

# ਵਿਜੀਲੈਂਸ ਬਿਊਰੋ ਵੱਲੋਂ 60,000 ਰੁਪਏ ਰਿਸ਼ਵਤ ਮੰਗਣ ਵਾਲਾ ਬੀਡੀਪੀਓ ਦਫ਼ਤਰ ਦਾ ਸੁਪਰਡੈਂਟ ਗ੍ਰਿਫ਼ਤਾਰ



**ਚੰਡੀਗੜ੍ਹ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਨੇ ਭ੍ਰਿਸ਼ਟਾਚਾਰ ਵਿਰੁੱਧ ਆਪਣੀ ਲੜਾਈ ਨੂੰ ਹੋਰ ਤੇਜ਼ ਕਰ ਦਿੱਤਾ ਹੈ ਜਿਸ ਤਹਿਤ ਪੰਜਾਬ ਵਿਜੀਲੈਂਸ ਬਿਊਰੋ ਨੇ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ 'ਤੇ ਦਰਜ ਕੀਤੀ ਗਈ ਸ਼ਿਕਾਇਤ ਤੋਂ ਬਾਅਦ ਅੰਮ੍ਰਿਤਸਰ ਵਿੱਚ ਇੱਕ ਸਰਕਾਰੀ ਕਰਮਚਾਰੀ ਨੂੰ ਗ੍ਰਿਫ਼ਤਾਰ ਕੀਤਾ ਹੈ। ਇਸ ਹੈਲਪਲਾਈਨ ਸਦਕਾ ਵਿਜੀਲੈਂਸ ਦੀ ਕਾਰਵਾਈ ਇਸ ਜਨਤਕ ਪਹਿਲਕਦਮੀ ਦੀ ਵੱਧ ਰਹੀ ਸਫਲਤਾ ਨੂੰ ਉਜਾਗਰ ਕਰਦੀ ਹੈ ਅਤੇ ਇਹ ਮੁਹਿੰਮ ਸਰਕਾਰੀ ਦਫਤਰਾਂ ਵਿੱਚ ਭ੍ਰਿਸ਼ਟ ਗਤੀਵਿਧੀਆਂ ਦਾ ਪਰਦਾਫਾਸ਼ ਕਰਕੇ ਨਾਗਰਿਕਾਂ ਨੂੰ ਸਸ਼ਕਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਅ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਸਤਨਾਮ ਸਿੰਘ, ਬਲਾਕ ਵਿਕਾਸ ਅਤੇ ਪੰਚਾਇਤ ਦਫ਼ਤਰ (ਬੀਡੀਪੀਓ), ਵੇਰਕਾ ਬਲਾਕ, ਰਾਣੀ-ਕਾ-ਬਾਗ, ਅੰਮ੍ਰਿਤਸਰ ਦੇ ਸੁਪਰਡੈਂਟ ਵਜੋਂ ਹੋਈ ਹੈ, ਜਿਸ ਨੇ ਗਲੀ ਉੱਤੇ ਕਬਜ਼ੇ ਦੀ ਸ਼ਿਕਾਇਤ 'ਤੇ ਸਰਕਾਰੀ ਕਾਰਵਾਈ ਦੇ ਬਦਲੇ ਪਿੰਡ ਨਬੀਪੁਰ, ਜ਼ਿਲ੍ਹਾ ਅੰਮ੍ਰਿਤਸਰ ਦੇ ਇੱਕ ਵਸਨੀਕ ਤੋਂ 60,000 ਰੁਪਏ ਦੀ ਰਿਸ਼ਵਤ ਮੰਗੀ ਸੀ।

ਉਨ੍ਹਾਂ ਅੱਗੇ ਕਿਹਾ ਕਿ ਸ਼ਿਕਾਇਤਕਰਤਾ ਨੇ ਦੱਸਿਆ ਸੀ ਕਿ ਉਸਨੇ ਬੀਡੀਪੀਓ ਬਲਾਕ ਵੇਰਕਾ ਲਖਵਿੰਦਰ ਕੌਰ ਨੂੰ ਸ਼ਿਕਾਇਤ ਦਿੱਤੀ ਸੀ ਕਿ ਉਸਦੇ ਗੁਆਂਢੀ ਗੁਰਵਿੰਦਰ ਸਿੰਘ ਨੇ ਉਸਦੇ ਘਰ ਨੂੰ ਜਾਣ ਵਾਲੀ ਗਲੀ 'ਤੇ ਨਾਜਾਇਜ਼ ਕਬਜ਼ਾ ਕੀਤਾ ਹੈ। ਬੀਡੀਪੀਓ ਨੇ ਇਹ ਮਾਮਲਾ ਉਕਤ ਸੁਪਰਡੈਂਟ ਨੂੰ ਅੱਗੇ ਭੇਜ ਦਿੱਤਾ, ਜਿਸ ਨੇ ਇਹ ਸ਼ਿਕਾਇਤ ਤੇ ਜੂਨੀਅਰ ਇੰਜੀਨੀਅਰ ਮੋਹਿਤ ਕੁਮਾਰ ਅਤੇ ਪੰਚਾਇਤ ਸਕੱਤਰ ਅਸ਼ੋਕ ਕੁਮਾਰ ਨੂੰ ਤੱਥਾਂ ਦੀ ਪੁਸ਼ਟੀ ਕਰਨ ਦੇ ਨਿਰਦੇਸ਼ ਦਿੱਤੇ ਸਨ।

ਇਸ ਜਾਂਚ ਦੀ ਤਸਦੀਕ ਤੋਂ ਪਤਾ ਲੱਗਾ ਕਿ ਸਰਕਾਰੀ ਗਲੀ 'ਤੇ ਕਬਜ਼ਾ ਕਰਨ ਦੀ ਸ਼ਿਕਾਇਤ ਸਹੀ ਸੀ, ਜਿਸ ਕਾਰਨ ਉਸ ਵਿਅਕਤੀ'ਤੇ 3,284 ਰੁਪਏ ਦਾ ਜੁਰਮਾਨਾ ਲਗਾਇਆ ਗਿਆ। ਵਾਰ-ਵਾਰ ਨੋਟਿਸ ਦੇਣ ਦੇ ਬਾਵਜੂਦ, ਕਬਜ਼ਾਧਾਰਕ ਨੇ ਇਸ ਨੋਟਿਸ ਦੀ ਪਾਲਣਾ ਨਹੀਂ ਕੀਤੀ, ਜਿਸ ਕਾਰਨ ਬੀਡੀਪੀਓ ਦਫ਼ਤਰ ਨੂੰ ਗੈਰ-ਕਾਨੂੰਨੀ ਢਾਂਚੇ ਨੂੰ ਹਟਾਉਣ ਲਈ ਪੁਲਿਸ ਸਹਾਇਤਾ ਦੀ ਬੇਨਤੀ ਕਰਨੀ ਪਈ।

ਹਾਲਾਂਕਿ ਬਣਦੀ ਕਾਨੂੰਨੀ ਕਾਰਵਾਈ ਕਰਨ ਦੀ ਬਜਾਏ, ਸੁਪਰਡੈਂਟ ਸਤਨਾਮ ਸਿੰਘ ਨੇ ਸ਼ਿਕਾਇਤਕਰਤਾ ਦੀ ਇੱਕ ਹੋਰ ਸ਼ਿਕਾਇਤ ਉੱਤੇ ਅਗਲੇਰੀ ਕਾਰਵਾਈ ਉਤੇ ਅਮਲ ਕਰਨ ਬਦਲੇ 50,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਅਤੇ ਸ਼ਿਕਾਇਤਕਰਤਾ ਨੂੰ 20,000 ਰੁਪਏ ਪੇਸ਼ਗੀ ਵਜੋਂ ਦੇਣ ਲਈ ਕਿਹਾ ਸੀ। ਸ਼ਿਕਾਇਤਕਰਤਾ ਨੇ ਗੂਗਲ ਪੇਅ ਰਾਹੀਂ 10,000 ਰੁਪਏ ਉਕਤ ਸਤਨਾਮ ਸਿੰਘ ਦੇ ਖਾਤੇ ਵਿੱਚ ਪਾ ਦਿੱਤੇ। ਇਸ ਤੋਂ ਬਾਅਦ ਵਿਭਾਗ ਨੇ ਪੁਲਿਸ ਦੀ ਸਹਾਇਤਾ ਨਾਲ ਗਲੀ ਵਿੱਚ ਲੱਗੇ ਗੈਰ-ਕਾਨੂੰਨੀ ਥੰਮ੍ਹਾਂ ਨੂੰ ਹਟਾ ਦਿੱਤਾ ਗਿਆ।

ਇਸ ਉਪਰੰਤ ਸ਼ਿਕਾਇਤਕਰਤਾ ਦੇ ਗੁਆਂਢੀ ਨੇ ਬਦਲੇ ਦੀ ਕਾਰਵਾਈ ਕਰਦਿਆਂ ਪਿੰਡ ਦੇ ਨਾਲੇ ਨੂੰ ਬਲੌਕ ਕਰ ਦਿੱਤਾ ਸੀ ਜਿਸ ਕਰਕੇ ਸ਼ਿਕਾਇਤਕਰਤਾ ਨੂੰ ਮਜ਼ਬੂਰਨ ਦੁਬਾਰਾ ਉਕਤ ਸੁਪਰਡੈਂਟ ਕੋਲ ਪਹੁੰਚ ਕਰਨੀ ਪਈ। ਸਤਨਾਮ ਸਿੰਘ ਨੇ ਸ਼ਿਕਾਇਤਕਰਤਾ ਨੂੰ ਕਿਹਾ ਕਿ ਉਹ ਪਹਿਲਾਂ ਦਿੱਤੀ ਹੋਈ ਰਿਸ਼ਵਤ ਬਾਰੇ ਚੁੱਪ ਰਹੇ ਨਹੀਂ ਤਾਂ ਉਹ ਉਸ ਵੱਲੋਂ ਨਾਲੇ ਦੇ ਬਾਰੇ ਦਿੱਤੀ ਸ਼ਿਕਾਇਤ ਵਿੱਚ ਕੋਈ ਮੱਦਦ ਨਹੀਂ ਕਰੇਗਾ।

ਵਿਜੀਲੈਂਸ ਬਿਊਰੋ ਨੇ ਵਿਜੀਲੈਂਸ ਬਿਊਰੋ ਦੇ ਥਾਣਾ, ਅੰਮ੍ਰਿਤਸਰ ਰੇਂਜ ਵਿਖੇ ਸਤਨਾਮ ਸਿੰਘ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕਰਨ ਤੋਂ ਪਹਿਲਾਂ ਸਾਰੇ ਤੱਥਾਂ ਦੀ ਪੁਸ਼ਟੀ ਕੀਤੀ ਅਤੇ ਉਸ ਨੂੰ ਦੋਸ਼ੀ ਸਾਬਤ ਹੋਣ ਤੇ ਗ੍ਰਿਫਤਾਰ ਕਰ ਲਿਆ। ਉਸਨੂੰ ਕੱਲ੍ਹ ਸਮਰੱਥ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ। ਬੁਲਾਰੇ ਨੇ ਅੱਗੇ ਕਿਹਾ ਕਿ ਇਸ ਮਾਮਲੇ ਵਿੱਚ ਬੀਡੀਪੀਓ ਲਖਵਿੰਦਰ ਕੌਰ ਦੀ ਭੂਮਿਕਾ ਦੀ ਜਾਂਚ ਅਗਲੇਰੀ ਜਾਂਚ ਦੌਰਾਨ ਕੀਤੀ ਜਾਵੇਗੀ।

ਪੰਜਾਬ ਵਿਜੀਲੈਂਸ ਬਿਊਰੋ ਨੇ ਭ੍ਰਿਸ਼ਟਾਚਾਰ ਵਿਰੁੱਧ ਆਪਣੀ ਜ਼ੀਰੋ ਸਹਿਣਸ਼ੀਲਤਾ ਨੀਤੀ ਦੀ ਪੁਸ਼ਟੀ ਕਰਦਿਆਂ ਨਾਗਰਿਕਾਂ ਨੂੰ ਸਰਕਾਰੀ ਅਧਿਕਾਰੀਆਂ ਦੁਆਰਾ ਰਿਸ਼ਵਤਖੋਰੀ ਜਾਂ ਦੁਰਵਿਵਹਾਰ ਦੇ ਕਿਸੇ ਵੀ ਮਾਮਲੇ ਦੀ ਸਰਗਰਮੀ ਨਾਲ ਰਿਪੋਰਟ ਕਰਨ ਦੀ ਅਪੀਲ ਕੀਤੀ ਹੈ। ਵਿਜੀਲੈਂਸ ਬਿਊਰੋ ਨੇ ਕਿਹਾ ਕਿ ਮੁੱਖ ਮੰਤਰੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਲੋਕਾਂ ਲਈ ਭ੍ਰਿਸ਼ਟਾਚਾਰ ਦੀ ਸ਼ਿਕਾਇਤ ਕਰਨ ਦਾ ਇੱਕ ਜਰੀਆ ਹੈ।

ਉਹਨਾਂ ਕਿਹਾ ਕਿ ਅਸੀਂ ਸਾਰੇ ਨਾਗਰਿਕਾਂ ਨੂੰ ਬਿਨਾਂ ਕਿਸੇ ਡਰ ਦੇ ਅੱਗੇ ਆਉਣ ਦਾ ਸੱਦਾ ਦਿੰਦੇ ਹਾਂ ਕਿਉਂਕਿ ਸਮੇਂ ਸਿਰ ਦਿੱਤੀ ਗਈ ਜਾਣਕਾਰੀ ਹੀ ਜਲਦ ਕਾਰਵਾਈ ਨੂੰ ਯਕੀਨੀ ਬਣਾਉਂਦੀ ਹੈ।

## 'ਇਕੱਲਾ ਪਾਣੀ ਵੇਚਣ ਲੱਗ ਜਾਈਏ ਤਾਂ ਪੰਜਾਬ ਅਮੀਰ ਹੋ ਜਊ': ਅਮਨ ਅਰੋੜਾ

ਚੰਡੀਗੜ੍ਹ 8 ਮਈ। ਪੰਜਾਬ ਦੇ ਪਾਣੀਆਂ ਦੇ ਮੁੱਦੇ 'ਤੇ ਪੰਜਾਬ ਵਿਧਾਨ ਸਭਾ ਅੰਦਰ ਬੋਲਦਿਆਂ ਅਮਨ ਅਰੋੜਾ ਨੇ ਕਿਹਾ ਕਿ ਪੰਜਾਬੀਆਂ ਕੋਲੋਂ ਭਾਵੇਂ ਪਿਆਰ ਨਾਲ ਜਾਨ ਵੀ ਮੰਗ ਲਓ ਪਰ ਉਨ੍ਹਾਂ ਕੋਲੋਂ ਧੱਕੇ ਨਾਲ ਕੁੱਝ ਨਹੀਂ ਕਰਾਇਆ ਜਾ ਸਕਦਾ। ਉਨ੍ਹਾਂ ਕਿਹਾ ਕਿ ਅਸੀਂ ਮੁਫ਼ਤ 'ਚ ਬਾਕੀ ਸੂਬਿਆਂ ਨੂੰ ਪਾਣੀ ਦੇ ਰਹੇ ਹਾਂ ਅਤੇ ਅਨਾਜ ਵੀ ਹਿੱਕ 'ਤੇ ਉਗਾ ਕੇ ਪੂਰੇ ਦੇਸ਼ ਨੂੰ ਦਿੰਦੇ ਹਾਂ। ਅਮਨ ਅਰੋੜਾ ਨੇ ਕਿਹਾ ਕਿ ਇਕ ਕਿੱਲੋ ਚੌਲ ਉਗਾਉਣ ਲਈ 4 ਤੋਂ 5 ਹਜ਼ਾਰ ਲੀਟਰ ਪਾਣੀ ਲੱਗ ਜਾਂਦਾ ਹੈ ਅਤੇ ਜੇਕਰ ਇਹੀ ਪਾਣੀ ਅਸੀਂ ਵੇਚਣ ਲੱਗ ਜਾਈਏ ਤਾਂ ਪੂਰਾ ਪੰਜਾਬ ਅਮੀਰ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਨੀਅਤ ਸਾਫ ਹੋਵੇ ਤਾਂ ਸਾਰੇ ਹੱਲ ਕੱਢੇ ਜਾ ਸਕਦੇ ਹਨ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਪੰਜਾਬ ਦੀ ਧੌਣ 'ਤੇ ਗੋਡਾ ਰੱਖ



ਕੇ ਕੇਂਦਰ ਦੀ ਸਰਕਾਰ ਜ਼ਬਰਦਸਤੀ ਕਰ ਰਹੀ ਹੈ, ਇਹ ਸਾਨੂੰ ਮਨਜ਼ੂਰ ਨਹੀਂ ਹੈ ਅਤੇ ਇਹ ਪਹਿਲੀ ਵਾਰ ਨਹੀਂ ਹੈ, ਜਦੋਂ ਪੰਜਾਬ ਦੀ ਬਾਂਹ ਮਰੋੜੀ ਜਾ ਰਹੀ ਹੈ। ਜੇਕਰ ਇਤਿਹਾਸ ਵੱਲ ਝਾਤ ਮਾਰੀਏ ਤਾਂ ਹਮੇਸ਼ਾ ਹੀ ਪੰਜਾਬ ਨਾਲ ਧੱਕਾ ਹੁੰਦਾ ਆਇਆ ਹੈ। ਅਮਨ ਅਰੋੜਾ ਨੇ ਕਿਹਾ ਕਿ 1955 'ਚ ਪੰਜਾਬ ਦੇ ਹਿੱਸੇ 15.85 ਐੱਮ. ਏ. ਐੱਫ. ਪਾਣੀ ਆਉਂਦਾ ਸੀ ਪਰ ਹੌਲੀ-ਹੌਲੀ ਹਰਿਆਣਾ ਅਤੇ ਰਾਜਸਥਾਨ ਨੂੰ ਪਾਣੀ ਦੇਣ ਦੇ ਨਾਲ ਇਹ ਘੱਟਦਾ ਹੀ ਗਿਆ। ਅਮਨ ਅਰੋੜਾ ਨੇ ਕਿਹਾ ਕਿ ਰਾਜਸਥਾਨ 60 ਫ਼ੀਸਦੀ ਪਾਣੀ ਪੰਜਾਬ ਕੋਲੋਂ ਲੈ ਕੇ ਜਾਂਦਾ ਹੈ ਪਰ ਜਦੋਂ 1972 'ਚ ਨਰਮਦਾ ਨਦੀ 'ਚੋਂ ਰਾਜਸਥਾਨ ਨੇ ਪਾਣੀ ਮੰਗਿਆ ਸੀ ਤਾਂ ਉਸ ਦੀ ਮੰਗ ਨੂੰ ਇਹ ਕਹਿ ਕੇ ਰੱਦ ਕਰ ਦਿੱਤਾ ਗਿਆ ਸੀ ਕਿ ਰਾਜਸਥਾਨ ਰਿਪੇਰੀਅਨ ਸੂਬਾ ਨਹੀਂ ਹੈ। ਅਖ਼ੀਰ 'ਚ ਉਨ੍ਹਾਂ ਨੇ ਕਿਹਾ ਕਿ ਸਾਡੀ ਨੀਅਤ ਸਾਫ਼ ਹੈ ਅਤੇ ਅਸੀਂ ਪੰਜਾਬ ਪ੍ਰਤੀ ਈਮਾਨਦਾਰ ਹਾਂ। ਉਨ੍ਹਾਂ ਕਿਹਾ ਕਿ ਅੱਜ ਜੋ ਬੀੜਾ ਪੰਜਾਬ ਸਰਕਾਰ ਨੇ ਚੁੱਕਿਆ ਹੈ, ਉਸ ਦਾ ਸਾਰੇ ਰਲ ਕੇ ਸਾਥ ਦੇਣ।

## ਤੇਜ਼ਧਾਰ ਹਥਿਆਰਾਂ ਨਾਲ ਵਿਅਕਤੀ ਨੂੰ ਉਤਾਰਿਆ ਮੌਤ ਦੇ ਘਾਟ

ਅਬੋਹਰ 8 ਮਈ। ਉਪ-ਮੰਡਲ ਦੀ ਉਪ-ਤਹਿਸੀਲ ਸੀਤੋ ਗੁੰਨੋ 'ਚ ਕੁਝ ਨੌਜਵਾਨਾਂ ਨੇ ਇਕ ਨੌਜਵਾਨ 'ਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਦਿੱਤਾ ਅਤੇ ਉਸ ਨੂੰ ਲਹੂ-ਲੁਹਾਣ ਕਰ ਦਿੱਤਾ। ਉਸ ਨੂੰ ਮੁੱਢਲੀ ਸਹਾਇਤਾ ਤੋਂ ਬਾਅਦ ਰੈਫਰ ਕਰ ਦਿੱਤਾ ਗਿਆ। ਜਦੋਂ ਪਰਿਵਾਰਕ ਮੈਂਬਰ ਉਸ ਨੂੰ ਬਠਿੰਡਾ ਲੈ ਜਾ ਰਹੇ ਸਨ ਤਾਂ ਰਸਤੇ 'ਚ ਹੀ ਨੌਜਵਾਨ ਦੀ ਮੌਤ ਹੋ ਗਈ। ਦੱਸਿਆ ਜਾ ਰਿਹਾ ਹੈ ਕਿ ਮ੍ਰਿਤਕ ਇਕ ਕੁੜੀ ਦਾ ਪਿਤਾ ਸੀ। ਮ੍ਰਿਤਕ ਦੀ ਲਾਸ਼ ਨੂੰ ਪੋਸਟਮਾਰਟਮ ਲਈ ਹਸਪਤਾਲ ਦੇ ਮੁਰਦਾਘਰ 'ਚ ਰੱਖਿਆ ਗਿਆ ਹੈ। ਜਾਣਕਾਰੀ ਅਨੁਸਾਰ ਕਰੀਬ 35 ਸਾਲਾ ਭਾਰਤ ਰਤਨ ਪੁੱਤਰ ਰਾਧੇਸ਼ਿਆਮ ਜਿਹੜਾ ਕਿ ਖੇਤੀਬਾੜੀ ਕਰਦਾ ਸੀ, ਉਸ ਦੇ ਪਰਿਵਾਰ ਵਾਲਿਆਂ ਨੇ ਦੱਸਿਆ ਕਿ ਉਸ ਦੀ ਪਿੰਡ ਦੇ ਹੀ ਕੁਝ ਨੌਜਵਾਨਾਂ ਨਾਲ ਪੁਰਾਣੀ ਰੰਜਿਸ਼ ਸੀ। ਬੀਤੀ ਦੁਪਹਿਰ 3 ਵਜੇ ਜਦੋਂ ਭਾਰਤ ਕਿਸੇ ਕੰਮ ਲਈ ਪਿੰਡ ਬਿਸ਼ਨਪੁਰਾ ਜਾ ਰਿਹਾ ਸੀ ਤਾਂ ਕੁਝ ਨੌਜਵਾਨਾਂ ਨੇ ਉਸ ਨੂੰ ਘੇਰ ਲਿਆ ਅਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਕੇ ਉਸ ਨੂੰ ਜ਼ਖਮੀ ਕਰ ਦਿੱਤਾ। ਉਸ ਨੂੰ ਕੋਈ ਪਤਾ ਨਹੀਂ ਕਿ ਇਹ ਹਮਲਾ ਕਿਸ ਨੌਜਵਾਨ ਨੇ ਕੀਤਾ ਹੈ। ਸੂਚਨਾ ਮਿਲਣ 'ਤੇ ਪਰਿਵਾਰ ਨੇ ਉਸ ਨੂੰ ਹਸਪਤਾਲ 'ਚ ਦਾਖਲ ਕਰਵਾਇਆ। ਇਥੇ ਡਾਕਟਰਾਂ ਨੇ ਉਸ ਨੂੰ ਮੁੱਢਲੀ ਸਹਾਇਤਾ ਦੇਣ ਤੋਂ ਬਾਅਦ ਉਸ ਦੇ ਸਰੀਰ 'ਤੇ ਡੂੰਘੇ ਜ਼ਖਮਾਂ ਨੂੰ ਦੇਖਦਿਆਂ ਉਸ ਨੂੰ ਫਰੀਦਕੋਟ ਰੈਫਰ ਕਰ ਦਿੱਤਾ ਅਤੇ ਪਰਿਵਾਰਿਕ ਮੈਂਬਰ ਤੁਰੰਤ ਉਸ ਨੂੰ ਸ਼?ਰੀਗੰਗਾਨਗਰ ਲੈ ਗਏ ਪਰ ਉਥੋਂ ਵੀ ਉਸ ਨੂੰ ਦੇਰ ਰਾਤ ਬਠਿੰਡਾ ਰੈਫਰ ਕਰ ਦਿੱਤਾ ਗਿਆ ਅਤੇ ਜਦੋਂ ਪਰਿਵਾਰਕ ਮੈਂਬਰ ਉਸ ਨੂੰ ਬਠਿੰਡਾ ਲੈ ਜਾ ਰਿਹਾ ਸੀ ਤਾਂ ਉਸ ਨੇ ਸਾਦੁਲਸ਼ਹਿਰ ਦੇ ਨੇੜੇ ਆਖਰੀ ਸਾਹ ਲਿਆ। ਥਾਣਾ ਬਹਾਵਵਾਲਾ ਦੇ ਇੰਚਾਰਜ ਦਵਿੰਦਰ ਸਿੰਘ ਮਾਮਲੇ ਦੀ ਜਾਂਚ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਮ੍ਰਿਤਕ ਮੁੰਡੇ ਦੇ ਪਰਿਵਾਰਕ ਮੈਂਬਰਾਂ ਦੇ ਬਿਆਨਾਂ ਦੇ ਆਧਾਰ 'ਤੇ ਮੁਲਜ਼ਮ ਵਿਰੁੱਧ ਢੁਕਵੀਂ ਕਾਰਵਾਈ ਕੀਤੀ ਜਾਵੇਗੀ।

# ਪੰਜਾਬੀਆਂ ਦੇ ਸਹਿਯੋਗ ਨਾਲ ਸਰਕਾਰ ਜਿੱਤੇਗੀ ਨਸ਼ਿਆਂ ਵਿਰੁੱਧ ਜੰਗ: ਮੰਤਰੀ ਲਾਲਜੀਤ ਭੁੱਲਰ

**ਸਰਦੂਲ ਸਿੰਘ**

ਗੁਰਦਾਸਪੁਰ 8 ਮਈ। ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਵਿੱਚੋਂ ਨਸ਼ਿਆਂ ਦਾ ਮੁਕੰਮਲ ਖ਼ਾਤਮਾ ਕੀਤਾ ਜਾਵੇਗਾ ਅਤੇ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਉਨ੍ਹਾਂ ਦੀਆਂ ਗੈਰ-ਕਾਨੂੰਨੀ ਜਾਇਦਾਦਾਂ ਨੂੰ ਜ਼ਬਤ ਕੀਤਾ ਜਾ ਰਿਹਾ ਹੈ। ਇਹ ਪ੍ਰਗਟਾਵਾ ਕੈਬਨਿਟ ਮੰਤਰੀ ਪੰਜਾਬ ਲਾਲਜੀਤ ਸਿੰਘ ਭੁੱਲਰ ਅਤੇ ਕੈਬਨਿਟ ਮੰਤਰੀ ਮਹਿੰਦਰ ਭਗਤ ਨੇ ਅੱਜ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਪੀ.ਐੱਸ. ਗਾਰਡਨ ਪੈਲੇਸ, ਗੁਰਦਾਸਪੁਰ ਵਿਖੇ ਕਰਵਾਏ 'ਪਿੰਡ ਦੇ ਪਹਿਰੇਦਾਰ' ਪ੍ਰੋਗਰਾਮ ਤਹਿਤ ਪਿੰਡ ਅਤੇ ਵਾਰਡ ਰੱਖਿਆ ਕਮੇਟੀਆਂ ਦੇ ਮੈਂਬਰਾਂ ਤੇ ਪੰਚਾਂ-ਸਰਪੰਚਾਂ ਨੂੰ ਸੰਬੋਧਨ ਕਰਦਿਆਂ ਕੀਤਾ। ਇਸ ਮੌਕੇ ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ, ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਜਗਰੂਪ ਸਿੰਘ ਸੇਖਵਾਂ, ਪਨਸਪ ਦੇ ਚੇਅਰਮੈਨ ਬਲਬੀਰ ਸਿੰਘ ਪੰਨੂ, ਜ਼ਿਲਾ ਕੋਆਰਡੀਨੇਟਰ ਅਤੇ ਮਾਰਕਿਟ ਕਮੇਟੀ ਬਟਾਲਾ ਦੇ ਚੇਅਰਮੈਨ ਮਾਣਕ ਮਹਿਤਾ, ਨਗਰ ਸੁਧਾਰ ਟਰੱਸਟ ਗੁਰਦਾਸਪੁਰ ਦੇ ਚੇਅਰਮੈਨ ਰਜੀਵ ਸ਼ਰਮਾ, ਨਗਰ ਸੁਧਾਰ ਟਰੱਸਟ ਬਟਾਲਾ ਦੇ ਚੇਅਰਮੈਨ ਯਸ਼ਪਾਲ ਚੌਹਾਨ, ਮਾਰਕਿਟ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਭਾਰਤ ਭੂਸ਼ਨ ਸ਼ਰਮਾ, ਮਾਰਕਿਟ ਕਮੇਟੀ ਦੀਨਾਨਗਰ ਦੇ ਚੇਅਰਮੈਨ ਬਲਜੀਤ ਸਿੰਘ ਖ਼ਾਲਸਾ, ਮਾਰਕਿਟ ਕਮੇਟੀ ਕਲਾਨੌਰ ਦੇ ਚੇਅਰਮੈਨ ਰਣਜੇਤ ਸਿੰਘ ਸਮੇਤ ਜ਼ਿਲ੍ਹੇ ਦੀ ਸਮੁੱਚੀ ਲੀਡਰਸ਼ਿਪ ਹਾਜ਼ਰ ਸੀ। ਇਸ ਤੋਂ ਇਲਾਵਾ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ, ਐੱਸ.ਐੱਸ.ਪੀ. ਬਟਾਲਾ ਸੋਹੇਲ ਕਾਸਿਮ ਮੀਰ, ਐੱਸ.ਐੱਸ.ਪੀ. ਗੁਰਦਾਸਪੁਰ ਆਦਿੱਤਯ, ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਹਰਜਿੰਦਰ ਸਿੰਘ ਬੇਦੀ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਗੁਰਪ੍ਰੀਤ ਸਿੰਘ ਗਿੱਲ, ਜ਼ਿਲ੍ਹੇ ਦੇ ਸਮੂਹ ਐੱਸ.ਡੀ.ਐੱਮ ਅਤੇ ਹੋਰ ਅਧਿਕਾਰੀ ਵੀ ਮੌਜੂਦ ਸਨ। ਜ਼ਿਲਾ ਪੱਧਰੀ ਸਮਾਗਮ ਦੌਰਾਨ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਵੱਲੋਂ ਜ਼ਿਲ੍ਹੇ ਦੀਆਂ ਸਮੂਹ ਵਿਲੇਜ ਤੇ ਵਾਰਡ ਡਿਫੈਂਸ ਕਮੇਟੀਆਂ ਦੇ ਨੁਮਾਇੰਦਿਆਂ ਕੋਲੋਂ ਪੰਜਾਬ ਸਰਕਾਰ ਵੱਲੋਂ ਚਲਾਏ ਜਾ ਰਹੇ ਯੁੱਧ ਨਸ਼ਿਆਂ ਵਿਰੁੱਧ ਵਿੱਚ ਉਨ੍ਹਾਂ ਦਾ ਸਾਥ ਮੰਗਿਆ ਅਤੇ ਉਨ੍ਹਾਂ ਨੂੰ ਨਸ਼ਾ ਮੁਕਤੀ ਦੀ ਸਹੁੰ ਚੁਕਾਈ ਗਈ। ਕੈਬਨਿਟ ਮੰਤਰੀ ਭੁੱਲਰ ਨੇ ਨਸ਼ੇ ਦੇ ਸਮਗਲਰਾਂ ਨੂੰ ਚੇਤਾਵਨੀ ਦਿੱਤੀ ਕਿ ਉਹ ਜਾਂ ਤਾਂ ਨਸ਼ੇ ਦਾ ਕਾਰੋਬਾਰ ਬੰਦ ਕਰ ਦੇਣ ਜਾਂ ਪੰਜਾਬ ਛੱਡ ਜਾਣ। ਉਨ੍ਹਾਂ ਕਿਹਾ ਕਿ ਨਸ਼ੇ ਦਾ ਵਪਾਰ ਕਰਨ ਵਾਲੇ ਅਜਿਹੇ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਪੰਜਾਬ ਸਰਕਾਰ ਵੱਲੋਂ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ। ਕੈਬਨਿਟ ਮੰਤਰੀ ਨੇ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਸਰਕਾਰ ਨੂੰ ਲੋਕਾਂ ਦਾ ਸਾਥ ਮਿਲ ਰਿਹਾ ਹੈ ਅਤੇ ਲੋਕ ਨਸ਼ਾ ਤਸਕਰਾਂ ਨੂੰ ਫੜਾਉਣ ਲਈ ਅੱਗੇ ਆ ਰਹੇ ਹਨ। ਉਨ੍ਹਾਂ ਕਿਹਾ ਕਿ ਜੇਕਰ ਅਸੀਂ ਆਪਣੀ ਜਵਾਨੀ ਤੇ ਅਗਲੀਆਂ ਪੀੜੀਆਂ ਨੂੰ ਬਚਾਉਣਾ ਹੈ ਤਾਂ ਸਾਨੂੰ ਨਸ਼ਿਆਂ ਵਿਰੁੱਧ ਅਵਾਜ਼ ਬੁਲੰਦ ਕਰਨੀ ਹੀ ਪਵੇਗੀ।




ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪਿੰਡਾਂ, ਵਾਰਡਾਂ, ਗਲੀ, ਮੁਹੱਲਿਆਂ ਵਿੱਚ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨ ਅਤੇ ਨਸ਼ਾ ਤਸਕਰਾਂ ਸਬੰਧੀ ਸੂਚਨਾ ਪੁਲਿਸ ਨੂੰ ਦੇਣ ਤਾਂ ਜੋ ਉਨ੍ਹਾਂ ਵਿਰੁੱਧ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾ ਸਕੇ। ਕੈਬਨਿਟ ਮੰਤਰੀ ਨੇ ਕਿਹਾ ਕਿ ਵਿਲੇਜ਼ ਅਤੇ ਵਾਰਡ ਡਿਫੈਂਸ ਕਮੇਟੀਆਂ ਦੇ ਮੈਂਬਰ ਪਿੰਡ ਦੇ ਪਹਿਰੇਦਾਰ ਵਜੋਂ ਨਸ਼ਿਆਂ ਖ਼?ਲਾਫ਼ ਫ਼ੈਸਲਾਕੁਨ ਜੰਗ ਵਿੱਚ ਮੋਹਰੀ ਹੋ ਕੇ ਆਪਣਾ ਹਿੱਸਾ ਪਾਉਣ। ਉਨ੍ਹਾਂ ਕਿਹਾ ਕਿ ਉਹ ਘਰ-ਘਰ ਜਾ ਕੇ ਲੋਕਾਂ ਨੂੰ ਨਸ਼ੇ ਦੇ ਖ਼ਾਤਮੇ ਲਈ ਜਾਗਰੂਕ ਕਰਨ ਅਤੇ ਪਿੰਡਾਂ ਵਿੱਚ ਮਤੇ ਪਾਏ ਜਾਣ ਕਿ ਨਸ਼ੇ ਦਾ ਵਪਾਰ ਕਰਨ ਵਾਲਿਆਂ ਦੀ ਕੋਈ ਜ਼ਮਾਨਤ ਨਹੀਂ ਦੇਵੇਗਾ। ਇਸ ਮੌਕੇ ਕੈਬਨਿਟ ਮੰਤਰੀ ਮਹਿੰਦਰ ਭਗਤ ਨੇ ਨਸ਼ਿਆਂ ਦੇ ਖ਼ਾਤਮੇ ਲਈ ਸੰਜ਼ੀਦਗੀ ਅਤੇ ਇੱਕਜੁੱਟਤਾ ਨਾਲ ਕੰਮ ਕਰਨ ਦਾ ਸੁਨੇਹਾ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਵਿਲੇਜ ਤੇ ਵਾਰਡ ਡਿਫੈਂਸ ਕਮੇਟੀਆਂ ਬਣਾਈਆਂ ਗਈਆਂ ਹਨ, ਜਿਨ੍ਹਾਂ ਵਿੱਚ ਪੰਚ-ਸਰਪੰਚ, ਕੌਂਸਲਰ ਅਤੇ ਹੋਰ ਮੈਂਬਰਾਂ ਨੂੰ ਸ਼ਾਮਿਲ ਕੀਤਾ ਗਿਆ ਹੈ, ਜੋ ਨਸ਼ਿਆਂ ਦੇ ਮੁਕੰਮਲ ਖ਼ਾਤਮੇ ਲਈ ਆਪਣੀ ਜ਼ਿੰਮੇਵਾਰੀ ਨਿਭਾਉਣਗੇ । ਡਿਪਟੀ ਕਮਿਸ਼ਨਰ ਗੁਰਦਾਸਪੁਰ ਦਲਵਿੰਦਰਜੀਤ ਸਿੰਘ ਨੇ ਜ਼ਿਲ੍ਹੇ ਵਿੱਚ ਯੁੱਧ ਨਸ਼ਿਆਂ ਵਿਰੁੱਧ ਚਲਾਈ ਗਈ ਜਾਗਰੂਕਤਾ ਮੁਹਿੰਮ, ਨਸ਼ਿਆਂ ਦੇ ਮਾੜੇ ਪ੍ਰਭਾਵਾਂ ਸਬੰਧੀ ਪਿੰਡ ਤੇ ਵਾਰਡ ਪੱਧਰੀ ਰੱਖਿਆ ਕਮੇਟੀਆਂ ਦੁਆਰਾ ਕੀਤੀਆਂ ਜਾ ਰਹੀਆਂ ਕਾਰਵਾਈਆਂ, ਨਸ਼ਿਆਂ ਦੇ ਸ਼ਿਕਾਰ ਲੋਕਾਂ ਦੇ ਇਲਾਜ, ਪੁਨਰਵਾਸ ਅਤੇ 08 ਮਈ ਤੋਂ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਹੋਣ ਵਾਲੀ ਨਸ਼ਾ ਮੁਕਤੀ ਯਾਤਰਾ ਸਬੰਧੀ ਵੀ ਜਾਣਕਾਰੀ ਦਿੱਤੀ ਤੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਾ ਮੁਕਤੀ ਯਾਤਰਾ ਨਾਲ ਜੁੜ ਕੇ ਇਸ ਮੁਹਿੰਮ ਨੂੰ ਸਫਲ ਬਣਾਉਣ। ਇਸ ਤੋਂ ਪਹਿਲਾਂ ਦ ਥੀਏਟਰ ਪਰਸਨ ਗਰੁੱਪ ਦੇ ਕਲਾਕਾਰਾਂ ਵੱਲੋਂ ਹਰਦੀਪ ਗਿੱਲ ਦੀ ਅਗਵਾਈ ਹੇਠ ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਨ ਲਈ ਨੁੱਕੜ ਨਾਟਕ 'ਸਿਖ਼ਰ ਦੁਪਹਿਰੇ ਰਾਤ' ਦਾ ਮੰਚਨ ਕੀਤਾ ਗਿਆ।

## ਪੰਜਾਬ ਦੀ ਕਿਸੇ ਨੂੰ ਪੁਕਾਰ ਨਹੀਂ ਸੁਣੀ, ਹਰ ਪਾਸੇ ਸਿਰ.ਫ ਧੱਕਾ ਹੋ ਰਿਹਾ: ਜਸਵੰਤ ਸਿੰਘ ਗੱਜਣਮਾਜਰਾ

**ਕਿਸ਼ਨ ਪਾਲ**

ਚੰਡੀਗੜ੍ਹ 8 ਮਈ। ਵਿਧਾਨ ਸਭਾ ਦੇ ਵਿਸ਼ੇਸ਼ ਇਜਲਾਸ 'ਚ ਪਾਣੀਆਂ ਦੇ ਮੁੱਦੇ 'ਤੇ ਚਰਚਾ ਕੀਤੀ ਗਈ। ਇਸ ਦੌਰਾਨ ਵਿਧਾਇਕ ਜਸਵੰਤ ਸਿੰਘ ਗੱਜਣਮਾਜਰਾ ਨੇ ਵੀ ਪਾਣੀ ਦੇ ਮੁੱਦੇ 'ਤੇ ਬੋਲਦਿਆਂ ਕਿਹਾ ਕਿ ਹਰਿਆਣਾ ਸਟੇਟ ਸਾਡਾ ਹਿੱਸਾ ਕਿਵੇਂ ਬਣ ਗਿਆ। ਉਨ੍ਹਾਂ ਕਿਹਾ ਜੇਕਰ ਇਤਿਹਾਸਿਕ ਤੌਰ 'ਤੇ ਗੱਲ ਕਰੀਏ ਤਾਂ ਹਰਿਆਣਾ ਨਾ ਤਾਂ ਤੁਰਕਾ 'ਚ ਰਿਹਾ ਅਤੇ ਨਾ ਹੀ ਮੁਗਲਾਂ ਦੇ ਰਾਜ 'ਚ ਰਿਹਾ ਹੈ ਫਿਰ ਥੋੜੇ ਸਮੇਂ ਤੋਂ ਇਹ ਸਾਡੇ ਹਿੱਸੇਦਾਰ ਬਣ ਗਿਆ। ਉਨ੍ਹਾਂ ਕਿਹਾ ਪੰਜਾਬ ਪੰਜ ਦਰਿਆਵਾਂ ਦੀ ਧਰਤੀ ਹੈ। ਜਦੋਂ ਵੀ ਕਦੀ ਪੰਜਾਬ ਮੁਸਿਬਤ 'ਚ ਗਿਆ ਤਾਂ ਉਸ ਸਮੇਂ ਕਿਸੇ ਨੇ ਵੀ ਸਾਥ ਨਹੀਂ ਦਿੱਤਾ। ਉਨ੍ਹਾਂ ਜਦੋਂ ਵੀ ਪੰਜਾਬ 'ਚ ਹੜ ਆਇਆ ਇਸ ਦਾ ਪਾਣੀ ਕਦੇ ਵੀ ਹਰਿਆਣਾ ਵਿਚ ਨਹੀਂ ਗਿਆ। ਜਿਸ ਦਾ ਪੰਜਾਬੀਆਂ ਨੂੰ ਹੀ ਵੱਡਾ ਖਮਿਆਜ਼ਾ ਭੁਗਤਿਆ ਪਿਆ। ਵਿਧਾਇਕ ਜਸਵੰਤ ਸਿੰਘ ਗੱਜਣਮਾਜਰਾ ਨੇ ਕਿਹਾ ਕਿ 1988 ਤੇ 1996 ਹੱਡ ਜਿਨ੍ਹਾਂ ਨੇ ਹੱਡ ਵੇਖਿਆ ਹੋਵੇ, ਉਹ ਸਮਝ ਸਕਦੇ ਹਨ ਕਿ ਤਰਾਸਦੀ ਕੀ ਹੁੰਦੀ ਹੈ। ਉਨ੍ਹਾਂ ਕਿਹਾ ਕਿ ਜਦੋਂ ਉਸ ਸਮੇਂ ਹੱਡ ਆਇਆ ਸੀ ਤਾਂ ਲੋਕਾਂ ਦੇ ਕਹਿੰਦੇ ਕਹਾਉਂਦੇ ਘਰਾਂ ਦੀਆਂ ਛੱਤਾਂ ਤੱਕ ਪਾਣੀ ਚੱਲ ਗਿਆ ਸੀ ਅਤੇ ਕਾਫ਼ੀ ਜਾਨੀ ਮਾਲੀ ਨੁਕਸਾਨ ਹੋਇਆ ਸੀ।



ਉਨ੍ਹਾਂ ਕਿਹਾ ਉਸ ਦੌਰਾਨ ਹਰਿਆਣਾ ਅਤੇ ਰਾਜਸਥਾਨ ਨੇ ਸਾਨੂੰ 5 ਰੁਪਏ ਨਹੀਂ ਦਿੱਤੇ ਕਿ ਤੁਹਾਡਾ ਨੁਕਸਾਨ ਹੋਇਆ ਹੈ। ਉਨ੍ਹਾਂ ਕਿਹਾ ਇੱਥੋਂ ਸਾਫ਼ ਹੈ ਕਿ ਸਾਡੀ ਸਟੇਟ ਨਾਲ ਧੱਕਾ ਹੋ ਰਿਹਾ ਹੈ। ਅੱਜ ਤੱਕ ਪੰਜਾਬ ਦੀ ਕਿਸੇ ਨੂੰ ਵੀ ਪੁਕਾਰ ਨਹੀਂ ਸੁਣੀ, ਹਰ ਚੀਜ਼ 'ਚ ਸਿਰਫ਼ ਧੱਕਾ ਹੀ ਕੀਤਾ ਜਾ ਰਿਹਾ ਹੈ। ਉਨ੍ਹਾਂ ਅੱਗੇ ਬੋਲਦਿਆਂ ਕਿਹਾ ਕਿ ਪੰਜਾਬ ਦੇ ਦਰਿਆਵਾਂ ਦਾ ਪਾਣੀ ਪਹਿਲਾਂ ਨਾਲੋਂ ਬਹੁਤ ਘੱਟ ਗਿਆ ਹੈ ਜਿਸ ਨਾਲ ਸਭ ਤੋਂ ਵੱਧ ਕਿਸਾਨਾਂ ਨੂੰ ਨੁਕਸਾਨ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿਸਾਨਾਂ ਦੀ ਹਾਲਤ ਦਿਨੋਂ-ਦਿਨ ਪਤਲੀ ਤੋਂ ਪਲਤੀ ਹੁੰਦੀ ਜਾ ਰਹੀ ਹੈ ਫਿਰ ਵੀ ਹਰਿਆਣਾ ਅਤੇ ਰਾਜਸਥਾਨ ਦੇ ਪੰਜਾਬ 'ਤੇ ਹੱਕ ਰੱਖ ਰਿਹਾ ਹੈ। ਉਨ੍ਹਾਂ ਕਿਹਾ ਪੰਜਾਬ 'ਚ 153 ਬਲਾਕ 'ਚੋਂ 17 ਬਲਾਕ ਖਤਰਨਾਕ ਜ਼ੋਨ 'ਤੇ ਪਹੁੰਚ ਗਏ ਹਨ ਫਿਰ ਇਹ ਦੱਸੋ ਖੇਤੀ ਕਿਵੇਂ ਹੋਵੇ ਅਤੇ ਸਾਡਾ ਭਵਿੱਖ ਕਿਸ ਦੇ ਸਿਰ 'ਤੇ ਹੈ? ਉਨ੍ਹਾਂ ਕਿਹਾ ਪੰਜਾਬ ਦੇ ਹੱਕਾਂ ਦੇ ਮਸਲੇ ਕਿੱਥੇ ਗਏ ਤੇ ਆਰਥਿਕਤਾ ਕਿੱਥੇ ਜਾਵੇਗੀ? ਹਰਿਆਣੇ ਵੱਲੇ ਹਰ ਚੀਜ਼ 'ਤੇ ਆਪਣਾ ਹੱਕ ਜਮਾ ਰਹੇ ਨੇ, ਜੇਕਰ ਜਿੰਨੀ ਦੇਰ ਪੰਜਾਬ ਦੇ ਪਾਣੀਆਂ ਦਾ ਰੀਪੇਰੀਅਨ ਲਾਅ ਦੇ ਹਿਸਾਬ ਨਾਲ ਮਸਲਾ ਹੱਲ ਨਹੀਂ ਹੁੰਦਾ ਤਾਂ ਸਮਝਦੇ ਹਾਂ ਪੰਜਾਬ ਨਾਲ ਬਹੁਤ ਵੱਡਾ ਧੱਕਾ ਹੋ ਰਿਹਾ ਹੈ।

## ਪੰਜਾਬ 'ਚ ਇਨ੍ਹਾਂ ਲਾਇਸੈਂਸ ਧਾਰਕਾਂ ਲਈ ਜਾਰੀ ਹੋਏ ਨਵੇਂ ਹੁਕਮ

ਮੋਗਾ 8 ਮਈ। ਆਰਮਜ ਐਕਟ 1959 ਅਤੇ ਆਰਮਜ ਰੂਲਜ 2016 ਅਨੁਸਾਰ ਅਸਲਾ ਲਾਇਸੈਂਸ ਧਾਰਕਾਂ ਵੱਲੋਂ ਆਪਣਾ ਅਸਲਾ ਲਾਇਸੈਂਸ ਮਿਆਦ ਖ਼ਤਮ ਹੋਣ ਤੋਂ 60 ਦਿਨ ਪਹਿਲਾਂ ਅਪਲਾਈ ਕਰਨਾ ਹੁੰਦਾ ਹੈ, ਪ੍ਰੰਤੂ ਜ਼ਿਲ੍ਹਾ ਮੋਗਾ ਦੇ ਕੁਝ ਅਸਲਾ ਲਾਇਸੈਂਸ ਧਾਰਕ ਜਿਨ੍ਹਾਂ ਵੱਲੋਂ ਰੀਨਿਊ ਦੀ ਮਿਤੀ ਲੰਘ ਜਾਣ ਤੋਂ ਬਾਅਦ ਵੀ ਆਪਣੇ ਅਸਲਾ ਲਾਇਸੈਂਸ ਰੀਨਿਊ ਨਹੀਂ ਕਰਵਾਏ ਗਏ, ਅਜਿਹਾ ਕਰਕੇ ਇਨ੍ਹਾਂ ਲਾਇਸੰਸ ਧਾਰਕਾਂ ਵੱਲੋਂ ਆਰਮਜ ਐਕਟ-1959 ਅਤੇ ਆਰਮਜ ਰੂਲਜ -016 ਦੀ ਉਲੰਘਣਾ ਕੀਤੀ ਜਾ ਰਹੀ ਹੈ। ਜ਼ਿਲ੍ਹਾ ਮੈਜਿਸਟ?ਰੇਟ-ਕਮ-ਡਿਪਟੀ ਕਮਿਸ਼ਨਰ ਮੋਗਾ ਸਾਗਰ ਸੇਤੀਆ ਵੱਲੋਂ ਅਜਿਹੇ ਲਾਇਸੈਂਸ ਧਾਰਕਾਂ ਨੂੰ ਆਖਰੀ ਮੌਕਾ ਦਿੰਦੇ ਹੋਏ ਹਦਾਇਤ ਕੀਤੀ ਗਈ ਹੈ ਕਿ ਉਹ 20 ਮਈ, 2025 ਤੱਕ ਆਪਣੇ ਅਸਲਾ ਲਾਇਸੈਂਸ ਰੀਨਿਊ ਕਰਵਾਉਣ ਲਈ ਸੇਵਾ ਕੇਂਦਰ ਵਿਖੇ ਸਰਵਿਸ ਅਪਲਾਈ ਕਰਕੇ ਉਸਦੀ ਰਸੀਦ ਇਸ ਦਫਤਰ ਵਿਖੇ ਪੇਸ਼ ਕਰਨ। ਉਨ੍ਹਾਂ ਦੱਸਿਆ ਕਿ ਜੇਕਰ ਅਸਲਾ ਲਾਇਸੈਂਸ ਧਾਰਕਾਂ ਵੱਲੋਂ ਉਕਤ ਅਨੁਸਾਰ ਕਾਰਵਾਈ ਨਹੀਂ ਕੀਤੀ ਜਾਂਦੀ ਤਾਂ ਅਸਲਾ ਲਾਇਸੈਂਸ ਧਾਰਕਾਂ ਦੇ ਲਾਇਸੈਂਸ ਰੱਦ ਕਰਨ ਸਬੰਧੀ ਨਿਯਮਾਂ ਅਨੁਸਾਰ ਅਗਲੇਰੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

## ਗਰਮੀਆਂ 'ਚ ਦਿਲ ਦੇ ਮਰੀਜ਼ ਰੱਖੋ ਖਾਸ ਧਿਆਨ ! ਇਸ ਤਰ੍ਹਾਂ ਆਪਣੇ ਦਿਲ ਨੂੰ ਬਣਾਓ ਮਜ਼ਬੂਤ

**ਏਜੰਸੀਆਂ**

ਵੈੱਬ ਡੈਸਕ 8 ਮਈ। ਅਕਸਰ ਲੋਕ ਸਰਦੀਆਂ ਵਿੱਚ ਦਿਲ ਦੇ ਦੌਰੇ ਤੇ ਦਿਲ ਨਾਲ ਸਬੰਧਤ ਹੋਰ ਸਮੱਸਿਆਵਾਂ ਬਾਰੇ ਸੁਚੇਤ ਰਹਿੰਦੇ ਹਨ, ਪਰ ਮਾਹਿਰਾਂ ਦੇ ਅਨੁਸਾਰ, ਦਿਲ ਦੇ ਮਰੀਜ਼ਾਂ ਨੂੰ ਗਰਮੀਆਂ ਦੇ ਮੌਸਮ ਵਿੱਚ ਵੀ ਸਾਵਧਾਨ ਰਹਿਣ ਦੀ ਲੋੜ ਹੁੰਦੀ ਹੈ। ਉੱਚ ਤਾਪਮਾਨ,




ਤੇਜ਼ ਧੁੱਪ ਅਤੇ ਪਾਣੀ ਦੀ ਘਾਟ ਦਿਲ 'ਤੇ ਵਾਧੂ ਦਬਾਅ ਪਾ ਸਕਦੇ ਹਨ, ਜਿਸ ਨਾਲ ਦਿਲ ਦਾ ਦੌਰਾ ਜਾਂ ਐਨਜਾਈਨਾ ਵਰਗੀਆਂ ਸਥਿਤੀਆਂ ਹੋ ਸਕਦੀਆਂ ਹਨ। ਦਿਲ ਦੇ ਰੋਗਾਂ ਦੇ ਮਾਹਿਰ ਡਾ. ਸੁਨੀਲ ਕਤਿਆਲ ਦੱਸਦੇ ਹਨ ਕਿ ਜਦੋਂ ਬਾਹਰ ਦਾ ਤਾਪਮਾਨ ਵਧਦਾ ਹੈ, ਤਾਂ ਦਿਲ ਨੂੰ ਸਰੀਰ ਨੂੰ ਠੰਡਾ ਰੱਖਣ ਲਈ ਵਧੇਰੇ ਮਿਹਨਤ ਕਰਨੀ ਪੈਂਦੀ ਹੈ। ਇਹ ਸਰੀਰ ਦੇ ਹਿੱਸਿਆਂ ਵਿੱਚ ਖ਼ੂਨ ਦਾ ਸੰਚਾਰ ਤੇਜ਼ ਕਰਦਾ ਹੈ, ਜਿਸ ਨਾਲ ਦਿਲ 'ਤੇ ਦਬਾਅ ਵਧਦਾ ਹੈ। ਇਸ ਤੋਂ ਇਲਾਵਾ: ਗਰਮੀਆਂ ਵਿੱਚ ਆਪਣੇ ਦਿਲ ਨੂੰ ਸਿਹਤਮੰਦ ਰੱਖਣ ਲਈ, ਇਹ ਸਭ ਤੋਂ ਜ਼ਰੂਰੀ ਹੈ ਕਿ ਤੁਸੀਂ ਆਪਣੇ ਸਰੀਰ ਵਿੱਚ ਪਾਣੀ ਦੀ ਕਮੀ ਨਾ ਹੋਣ ਦਿਓ। ਦਿਨ ਭਰ ਲੋੜੀਂਦੀ ਮਾਤਰਾ ਵਿੱਚ ਪਾਣੀ ਅਤੇ ਹੋਰ ਤਰਲ ਪਦਾਰਥ ਜਿਵੇਂ ਕਿ ਨਾਰੀਅਲ ਪਾਣੀ, ਨਿੰਬੂ ਪਾਣੀ, ਲੱਸੀ ਅਤੇ ਫਲਾਂ ਦੇ ਰਸ ਪੀਓ। ਜ਼ਿਆਦਾ ਦੇਰ ਤੱਕ ਸਿੱਧੀ ਧੁੱਪ ਵਿੱਚ ਨਾ ਰਹੋ। ਜੇ ਬਾਹਰ ਜਾਣਾ ਜ਼ਰੂਰੀ ਹੋਵੇ, ਤਾਂ ਸਵੇਰੇ ਜਾਂ ਸ਼ਾਮ ਨੂੰ ਬਾਹਰ ਜਾਓ ਅਤੇ ਆਪਣਾ ਸਿਰ ਢੱਕ ਕੇ ਰੱਖੋ। ਮਾਨਸਿਕ ਤਣਾਅ ਦਾ ਦਿਲ ਦੀ ਸਿਹਤ 'ਤੇ ਵੀ ਮਾੜਾ ਪ੍ਰਭਾਵ ਪੈਂਦਾ ਹੈ। ਗਰਮੀਆਂ ਵਿੱਚ ਚਿੜਚਿੜਾਪਨ ਅਤੇ ਨੀਂਦ ਦੀ ਘਾਟ ਵੀ ਦਿਲ ਦੀ ਧੜਕਣ ਨੂੰ ਪ੍ਰਭਾਵਿਤ ਕਰ ਸਕਦੀ ਹੈ। ਧਿਆਨ, ਪ੍ਰਾਣਾਯਾਮ ਅਤੇ ਲੋੜੀਂਦੀ ਨੀਂਦ ਦਿਲ ਦੀ ਸਿਹਤ ਨੂੰ ਸੁਧਾਰ ਸਕਦੇ ਹਨ। ਜੇਕਰ ਤੁਹਾਨੂੰ ਕਿਸੇ ਕਿਸਮ ਦੀ ਘਬਰਾਹਟ, ਛਾਤੀ ਵਿੱਚ ਦਰਦ, ਸਾਹ ਚੜ੍ਹਨਾ, ਥਕਾਵਟ ਜਾਂ ਬੇਚੈਨੀ ਮਹਿਸੂਸ ਹੁੰਦੀ ਹੈ, ਤਾਂ ਤੁਰੰਤ ਡਾਕਟਰ ਨਾਲ ਸੰਪਰਕ ਕਰੋ। ਨਿਯਮਤ ਜਾਂਚ ਅਤੇ ਡਾਕਟਰ ਦੀ ਸਲਾਹ ਅਨੁਸਾਰ ਦਵਾਈ ਲੈਣੀ ਲਾਜ਼ਮੀ ਹੈ। ਗਰਮੀਆਂ ਦਾ ਮੌਸਮ ਸਿਰਫ਼ ਸਰੀਰ ਨੂੰ ਹੀ ਨਹੀਂ ਸਗੋਂ ਦਿਲ ਨੂੰ ਵੀ ਪ੍ਰਭਾਵਿਤ ਕਰਦਾ ਹੈ। ਇਸ ਲਈ, ਇਹ ਜ਼ਰੂਰੀ ਹੈ ਕਿ ਦਿਲ ਦੇ ਮਰੀਜ਼ ਮੌਸਮ ਦੇ ਅਨੁਕੂਲ ਜੀਵਨ ਸ਼ੈਲੀ ਅਪਣਾਉਣ ਅਤੇ ਸਾਵਧਾਨੀਆਂ ਦੀ ਪਾਲਣਾ ਕਰਨ। ਥੋੜ੍ਹਾ ਜਿਹਾ ਸਾਵਧਾਨ ਰਹਿ ਕੇ ਅਤੇ ਛੋਟੀਆਂ ਤਬਦੀਲੀਆਂ ਕਰਕੇ, ਤੁਸੀਂ ਇਸ ਗਰਮੀ ਨੂੰ ਆਪਣੇ ਦਿਲ ਲਈ ਸੁਰੱਖਿਅਤ ਬਣਾ ਸਕਦੇ ਹੋ।

## ਨਸ਼ਾ ਸਿਰ.ਫ ਲਾਅ ਐਂਡ ਆਡਰ ਦਾ ਹੀ ਨਹੀਂ ਸਗੋਂ ਸਮਾਜ ਦਾ ਵੀ ਅਹਿਮ ਮੁੱਦਾ: ਸਤਨਾਮ ਸਿੰਘ ਸੰਧੂ

**ਏਜੰਸੀਆਂ**

ਚੰਡੀਗੜ੍ਹ/ ਮੋਹਾਲੀ 8 ਮਈ। ਭਾਰਤ ਦੇ ਹਰੇਕ ਨਾਗਰਿਕ ਨੂੰ 2047 ਤੱਕ ਨਸ਼ਾ ਮੁਕਤ ਭਾਰਤ ਬਣਾਉਣ ਦੇ ਉਦੇਸ਼ ਵਿਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ, ਇਹ ਦ੍ਰਿਸ਼ਟੀਕੋਣ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਲੋਂ ਦਿੱਤਾ ਗਿਆ ਦ੍ਰਿਸ਼ਟੀਕੋਣ ਹੈ, ਇਨ੍ਹਾਂ ਸ਼ਬਦਾ ਦਾ ਪ੍ਰਗਟਾਵਾ ਸੰਸਦ ਮੈਂਬਰ (ਰਾਜ ਸਭਾ) ਅਤੇ ਚੰਡੀਗੜ੍ਹ ਯੂਨੀਵਰਸਿਟੀ ਦੇ ਚਾਂਸਲਰ ਸਤਨਾਮ ਸਿੰਘ ਸੰਧੂ ਨੇ ਚੰਡੀਗੜ੍ਹ ਪ੍ਰਸਾਸਨ ਦੁਆਰਾ ਆਯੋਜਿਤ "ਵਾਕ ਫਾਰ ਡਰੱਗ ਫ?ਰੀ ਚੰਡੀਗੜ੍ਹ" ਵਾਕਾਥੌਨ ਪ੍ਰੋਗਰਾਮ ਦੌਰਾਨ ਆਪਣੇ ਸੰਬੋਧਨ ਵਿਚ ਕੀਤਾ।ਇਸ ਮੌਕੇ ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ, ਹਰਿਆਣਾ ਦੇ ਰਾਜਪਾਲ ਬੰਡਾਰੂ ਦੱਤਾਤ੍ਰੇਹ, ਮੁੱਖ ਮੰਤਰੀ ਪੰਜਾਬ ਭਗਵੰਤ ਮਾਨ, ਮੁੱਖ ਮੰਤਰੀ ਹਰਿਆਣਾ ਨਾਇਬ ਸਿੰਘ ਸੈਣੀ, ਸੰਸਦ ਮੈਂਬਰ (ਰਾਜ ਸਭਾ) ਸਤਨਾਮ ਸਿੰਘ ਸੰਧੂ ਤੋਂ ਇਲਾਵਾ ਨਾਲ ਧਾਰਮਿਕ ਆਗੂ, ਸਮਾਜ ਸੇਵੀ, ਐਨ.ਜੀ.ਓ. ਵਰਕਰ ਅਤੇ ਚੰਡੀਗੜ੍ਹ ਅਤੇ ਪੰਜਾਬ ਦੇ ਵੱਖ-ਵੱਖ ਸਕੂਲਾਂ, ਕਾਲਜਾਂ, ਯੂਨੀਵਰਸਿਟੀਆਂ ਤੋਂ ਪਹੁੰਚੇ ਵਿਦਿਆਰਥੀਆਂ ਨੇ ਇਸ ਵਾਕਾਥੌਨ ਵਿਚ ਹਿੱਸਾ ਲਿਆ ਜੋ ਚੰਡੀਗੜ੍ਹ ਸੈਕਟਰ 17 ਦੇ ਤਿਰੰਗਾ ਪਾਰਕ ਵਿਖੇ ਸਮਾਪਤ ਹੋਈ। ਚੰਡੀਗੜ੍ਹ ਪ੍ਰਸਾਸਨ ਦੁਆਰਾ ਆਯੋਜਿਤ "ਵਾਕ ਫਾਰ ਡਰੱਗ ਫ?ਰੀ ਚੰਡੀਗੜ੍ਹ" ਪ੍ਰੋਗਰਾਮ ਦੌਰਾਨ ਆਪਣੇ ਸੰਬੋਧਨ ਵਿਚ ਸੰਧੂ ਨੇ ਕਿਹਾ ਕਿ ਖੇਡਾਂ ਵਿਚ ਪੰਜਾਬ ਦੇ ਨੌਜਵਾਨਾਂ ਦਾ ਯੋਗਦਾਨ ਸਭ ਤੋਂ ਵੱਧ ਹੈ, ਦੇਸ਼ ਦੀ ਸਭ ਤੋਂ ਪ੍ਰਸਿੱਧ ਖੇਡ ਕ੍ਰਿਕਟ ਵਿਚ ਅਸੀਂ ਅਰਸ਼ਦੀਪ ਸਿੰਘ, ਸ਼ੁਭਮਨ ਗਿੱਲ ਨੂੰ ਭਾਰਤ ਲਈ ਖੇਡਦੇ ਹੋਏ ਦੇਖਦੇ ਹਾਂ ਫਿਰ ਵੀ ਪੰਜਾਬ ਨੂੰ ਨਸ਼ੇ ਵਾਲਾ ਸੂਬਾ ਕਿਵੇ ਕਿਹਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਨੌਜਵਾਨ ਦੁਨੀਆ ਦੇ ਨੌਜਵਾਨਾਂ ਨਾਲੋਂ ਵਧੇਰੇ ਹੋਣਹਾਰ ਹਨ, ਪੰਜਾਬ ਦੀ ਮਿੱਟੀ ਦੁਨੀਆ ਦੇ ਬਾਕੀ ਹਿੱਸਿਆਂ ਨਾਲੋ ਵਧੇਰੇ ਉਪਜਾਊ ਹੈ,



ਪੰਜਾਬ ਦਾ ਪਾਣੀ ਦੁਨੀਆ ਵਿਚ ਸਭ ਤੋਂ ਵੱਧ ਪਵਿੱਤਰ ਹੈ ਅਤੇ ਪੰਜਾਬੀ ਲੋਕਾਂ ਦੀ ਸੋਚ ਦੁਨੀਆਂ ਦੇ ਬਾਕੀ ਹਿੱਸਿਆਂ ਨਾਲੋ ਵੱਖਰੀ ਹੈ ਪਰ ਮੈਨੂ ਲਗਦਾ ਹੈ ਕਿ ਜੇਕਰ ਗੁਰੂ ਨਾਨਕ ਦੇਵ ਜੀ ਦੀ ਇਸ ਧਰਤੀ 'ਤੇ ਥੋੜਾ ਜਿਹਾ ਵੀ ਨਸ਼ਾ ਬਾਕੀ ਹੈ ਤਾਂ ਇਸ ਦਾ ਖਾਤਮਾ ਹੋਣਾ ਚਾਹੀਦਾ ਹੈ। ਨਸ਼ਾ ਵਿਰੋਧੀ ਮੁਹਿੰਮ ਸ਼ੁਰੂ ਕਰਨ ਤੋਂ ਪਹਿਲਾ ਸਥਿਤੀ ਦਾ ਵਿਸ਼ਲੇਸ਼ਣ ਕਰਨ ਲਈ ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਵਲੋਂ ਸਰਹੱਦੀ ਖੇਤਰਾਂ ਦੇ ਪਿੰਡਾਂ ਦਾ ਦੌਰਾ ਕਰਨ ਦੀ ਸ਼ਲਾਘਾ ਕਰਦੇ ਹੋਏ ਸੰਧੂ ਨੇ ਕਿਹਾ ਕਿ ਨਸ਼ਿਆਂ ਦੇ ਨਾਮ 'ਤੇ ਰਾਜਨੀਤੀ ਖੇਡੀ ਗਈ ਹੈ ਪਰ ਇਹ ਪਹਿਲੀ ਵਾਰ ਹੋ ਰਿਹਾ ਹੈ ਕਿ ਸਾਰੀਆਂ ਰਾਜਨੀਤਿਕ ਪਾਰਟੀਆਂ, ਸਮਾਜ ਦੇ ਵੱਖ-ਵੱਖ ਵਰਗ ਅਤੇ ਸੰਗਠਨ ਇਸ ਨਸ਼ਾ ਵਿਰੋਧੀ ਮੁਹਿੰਮ ਵਿਚ ਇਕਜੁਟ ਹਨ।ਉਨ੍ਹਾਂ ਕਿਹਾ ਕਿ ਜਦੋਂ ਭਾਰਤ ਵਿਕਸਿਤ ਭਾਰਤ ਬਣੇਗਾ ਤਾਂ ਉਸ ਦੇ ਨਾਲ ਹੀ ਦੇਸ਼ ਨਸ਼ਾ ਮੁਕਤ ਵੀ ਬਣਨਾ ਚਾਹੀਦਾ ਹੈ।ਮੈਂਨੂੰ ਲੱਗਦਾ ਹੈ ਕਿ ਨਸ਼ਾ ਮੁਕਤ ਭਾਰਤ ਦੀ ਸਿਰਜਣਾ ਵਾਸਤੇ ਪੰਜਾਬ ਦੀ ਉਸ ਧਰਤੀ ਤੋਂ ਜਿਥੇ ਸ਼ਹੀਦਾਂ ਦਾ ਖ਼ੂਨ ਡੁੱਲਿਆ ਹੈ, ਇਸ ਦੀ ਸ਼ੁਰੂਆਤ ਹੋਈ ਹੈ। ਸੰਧੂ ਨੇ ਕਿਹਾ ਕਿ ਮੈਂਨੂੰ ਲੱਗਦਾ ਹੈ ਕਿ ਨਸ਼ਿਆ ਦੀ ਸਮੱਸਿਆ ਨੂੰ ਸਿਰਫ਼ ਲਾਅ ਐਂਡ ਆਰਡਰ ਦੀ ਨਕਾਮੀ ਦੇ ਤੌਰ 'ਤੇ ਵੇਖਣਾ ਸਾਡੀ ਅਧੂਰੀ ਪਹੁੰਚ ਹੈ। ਨਸ਼ਿਆਂ ਦੀ ਸਮੱਸਿਆ ਕਿਸੇ ਵੀ ਸੂਬੇ ਜਾਂ ਦੇਸ਼ ਦੀ ਪਰੇਸ਼ਾਨੀ ਨਹੀਂ ਹੈ, ਇਹ ਇੱਕ ਸਮਾਜਿਕ ਸਮੱਸਿਆ ਹੈ।ਅੱਜ ਦੁਨੀਆ ਦੇ ਵਿਕਸਿਤ ਦੇਸ਼ਾਂ ਦੀ ਕਤਾਰ ਵਿਚ ਖੜੇ ਦੇਸ਼ਾਂ 'ਚ ਨਸ਼ੇ ਨਾਲ ਪ੍ਰਭਾਵਿਤ ਵਿਅਕਤੀਆਂ ਦੀ ਸੰਖਿਆ ਸਾਡੇ ਨਾਲੋਂ ਕਈ ਫੀਸਦ ਜ਼ਿਆਦਾ ਹੈ,ਜਦਕਿ ਸਾਡੇ ਦੇਸ਼ ਵਿਚ ਪ੍ਰਭਾਵਿਤ ਵਿਅਕਤੀ ਬਹੁਤ ਘੱਟ ਹਨ। ਸਾਡੇ ਪੰਜਾਬ ਬਾਰੇ ਖਾਸ ਕਰ ਕੇ ਕਹਿਣਾ ਚਾਹੁੰਦਾ ਹੈ ਕਿ ਇਹ ਇੱਕ ਚਿੰਤਾ ਦਾ ਵਿਸ਼ਾ ਹੈ, ਜਿਥੇ ਬਹੁਤ ਸਾਰੇ ਨੌਜਵਾਨ ਤੇ ਪਰਿਵਾਰ ਇਸ ਨਾਲ ਪ੍ਰਭਾਵਿਤ ਹਨ। ਪਰੰਤੂ ਜਿੰਨਾ ਪੰਜਾਬ ਨੂੰ ਬਦਨਾਮ ਕੀਤਾ ਗਿਆ ਹੈ

# ਲਗਜ਼ਰੀ ਕਾਰਾਂ ਤੇ ਬ੍ਰਾਂਡਿਡ ਕੱਪੜੇ ਹੋਣਗੇ ਸਸਤੇ

**ਏਜੰਸੀਆਂ**

ਬਿਜ਼ਨੈੱਸ ਡੈਸਕ 7 ਮਈ। ਅੱਜ ਯਾਨੀ ਮੰਗਲਵਾਰ, 6 ਮਈ ਨੂੰ, ਭਾਰਤ ਅਤੇ ਯੂਕੇ ਨੇ ਮੁਕਤ ਵਪਾਰ ਸਮਝੌਤੇ (6"1) 'ਤੇ ਦਸਤਖਤ ਕੀਤੇ ਹਨ। 14 ਦੌਰ ਦੀ ਗੱਲਬਾਤ ਤੋਂ ਬਾਅਦ ਸਮਝੌਤੇ ਨੂੰ ਅੰਤਿਮ ਰੂਪ ਦਿੱਤਾ ਗਿਆ। ਯੂਕੇ ਨੇ ਭਾਰਤ ਨਾਲ ਇੱਕ ਇਤਿਹਾਸਕ ਵਪਾਰ ਸਮਝੌਤੇ ਨੂੰ ਅੰਤਿਮ ਰੂਪ ਦੇ ਕੇ ਇੱਕ ਵੱਡੀ ਆਰਥਿਕ ਜਿੱਤ ਪ੍ਰਾਪਤ ਕੀਤੀ ਹੈ। ਇਹ ਡੀਲ ਭਾਰਤੀ ਅਤੇ ਬ੍ਰਿਟਿਸ਼ ਕਾਰੋਬਾਰਾਂ ਨੂੰ ਮਹੱਤਵਪੂਰਨ ਲਾਭ ਪ੍ਰਦਾਨ ਕਰਨ ਲਈ ਤਿਆਰ ਕੀਤੀ ਗਈ ਹੈ। ਇਹ ਸਮਝੌਤਾ ਯੂਕੇ ਦੇ ਮੁੱਖ ਨਿਰਯਾਤਾਂ - ਵਿਸਕੀ, ਕਾਸਮੈਟਿਕਸ ਅਤੇ ਮੈਡੀਕਲ ਉਪਕਰਣਾਂ 'ਤੇ ਭਾਰਤੀ ਟੈਰਿਫ ਘਟਾ ਦੇਵੇਗਾ, ਜਿਸ ਨਾਲ 90% ਟੈਰਿਫ ਲਾਈਨਾਂ ਵਿੱਚ ਕਟੌਤੀਆਂ ਯਕੀਨੀ ਹੋਣਗੀਆਂ। ਇਹ ਯੂਕੇ ਦੇ ਸਾਰੇ ਖੇਤਰਾਂ ਅਤੇ ਦੇਸ਼ਾਂ ਦੀਆਂ ਫਰਮਾਂ ਲਈ ਮਹੱਤਵਪੂਰਨ ਨਵੇਂ ਮੌਕੇ ਖੋਲ੍ਹੇਗਾ। ਸਰਕਾਰ ਦੀ ਯੋਜਨਾ ਅਨੁਸਾਰ ਇਹ ਸੌਦਾ ਯੂਕੇ ਦੀ ਆਰਥਿਕਤਾ ਨੂੰ 4.8 ਬਿਲੀਅਨ ਯੂਰੋ ਤੱਕ ਵਧਾਉਣ ਅਤੇ ਲੰਬੇ ਸਮੇਂ ਲਈ ਸਾਲਾਨਾ ਤਨਖਾਹਾਂ ਵਿੱਚ 2.2 ਬਿਲੀਅਨ ਯੂਰੋ ਜੋੜਨ ਦਾ ਅਨੁਮਾਨ ਹੈ, ਜਿਸ ਨਾਲ ਯੂਕੇ ਦੀਆਂ ਵਿਸ਼ਵਵਿਆਪੀ ਵਪਾਰਕ ਸਰਗਰਮੀਆਂ ਨੂੰ ਮਜ਼ਬੂਤੀ ਮਿਲੇਗੀ। ਯੂਕੇ ਅਤੇ ਭਾਰਤ ਇੱਕ ਇਤਿਹਾਸਕ ਵਪਾਰ ਸਮਝੌਤੇ 'ਤੇ ਸਹਿਮਤ ਹੋਏ ਹਨ ਜੋ ਇਸ ਸਰਕਾਰ ਦੇ ਅਰਥਚਾਰੇ ਨੂੰ ਵਧਾਉਣ, ਜੀਵਨ ਪੱਧਰ ਨੂੰ ਉੱਚਾ ਚੁੱਕਣ ਅਤੇ ਲੋਕਾਂ ਦੀਆਂ ਜੇਬਾਂ ਵਿੱਚ ਪੈਸਾ ਪਾਉਣ ਦੇ ਮੁੱਖ ਮਿਸ਼ਨ ਨੂੰ ਪੂਰਾ ਕਰਦਾ ਹੈ। ਭਾਰਤੀ ਟੈਰਿਫ ਘਟਾਏ ਜਾਣਗੇ, ਜਿਸ ਨਾਲ 85% ਇੱਕ ਦਹਾਕੇ ਦੇ ਅੰਦਰ ਪੂਰੀ ਤਰ੍ਹਾਂ ਟੈਰਿਫ-ਮੁਕਤ ਹੋ ਜਾਣਗੇ। ਵਿਸਕੀ ਪੀਣ ਵਾਲਿਆਂ ਲਈ ਵੀ ਇਹ ਸਮਝੌਤਾ ਖੁਸ਼ਖਬਰੀ ਲੈ ਕੇ ਆਇਆ ਹੈ। ਹੁਣ ਤੁਹਾਡਾ ਮਨਪਸੰਦ ਸਕਾਚ ਅਤੇ ਬ੍ਰਿਟਿਸ਼ ਜਿਨ ਸਸਤਾ ਹੋ ਜਾਵੇਗਾ। ਸਰਕਾਰ ਨੇ ਵਿਸਕੀ 'ਤੇ ਆਯਾਤ ਡਿਊਟੀ 75% ਘਟਾਉਣ ਦਾ ਫੈਸਲਾ ਕੀਤਾ ਹੈ। ਇਸ ਨਾਲ ਹਰ ਤਰ੍ਹਾਂ ਦੀ ਵਿਸਕੀ ਸਸਤੀ ਹੋ ਜਾਵੇਗੀ। ਇਸ ਵਿੱਚ ਭਾਰਤ ਵਿੱਚ ਬਣੀ ਮਿਸ਼ਰਤ ਵਿਸਕੀ ਵੀ ਸ਼ਾਮਲ ਹੈ। ਉਦਯੋਗ ਦੇ ਅਨੁਮਾਨਾਂ ਅਨੁਸਾਰ, ਸਕਾਟਲੈਂਡ ਤੋਂ ਲਗਭਗ 79% ਵਿਸਕੀ ਥੋਕ ਵਿੱਚ ਆਉਂਦੀ ਹੈ। ਯਾਨੀ ਇਸਨੂੰ ਵੱਡੇ ਡੱਬਿਆਂ ਵਿੱਚ ਲਿਆਂਦਾ ਜਾਂਦਾ ਹੈ। ਫਿਰ ਇਸਨੂੰ ਭਾਰਤ ਵਿੱਚ ਮਿਲਾਇਆ ਜਾਂ ਬੋਤਲਬੰਦ ਕੀਤਾ ਜਾਂਦਾ ਹੈ। ਬਾਕੀ ਬਚੀ ਵਿਸਕੀ ਨੂੰ ਬੋਤਲਡ ਇਨ ਓਰਿਜਿਨ ਕਿਹਾ ਜਾਂਦਾ ਹੈ। ਇਸਦਾ ਮਤਲਬ ਹੈ ਕਿ ਇਹ ਸਕਾਟਲੈਂਡ ਤੋਂ ਹੀ ਬੋਤਲਬੰਦ ਅਤੇ ਪੈਕ ਕੀਤਾ ਜਾਂਦਾ ਹੈ। ਵਿਸਕੀ ਅਤੇ ਜਿਨ ਟੈਰਿਫ 150% ਤੋਂ ਘਟਾ ਕੇ 75% ਕਰ ਦਿੱਤੇ ਜਾਣਗੇ ਅਤੇ ਫਿਰ ਸੌਦੇ ਦੇ ਦਸਵੇਂ ਸਾਲ ਤੱਕ 40% ਤੱਕ ਘਟਾ ਦਿੱਤੇ ਜਾਣਗੇ, ਜਦੋਂ ਕਿ ਆਟੋਮੋਟਿਵ ਟੈਰਿਫ 100% ਤੋਂ 10% ਤੱਕ ਇੱਕ ਕੋਟੇ ਦੇ ਤਹਿਤ ਹੋ ਜਾਣਗੇ। ਘਟੇ ਹੋਏ ਟੈਰਿਫਾਂ ਵਾਲੇ ਹੋਰ ਸਮਾਨ, ਜੋ ਕਾਰੋਬਾਰਾਂ ਅਤੇ ਭਾਰਤੀ ਖਪਤਕਾਰਾਂ ਲਈ ਲਈ ਸਸਤੇ ਹੋ ਸਕਦੇ ਹਨ। ਇਨ੍ਹਾਂ ਵਿੱਚ ਕਾਸਮੈਟਿਕਸ, ਏਰੋਸਪੇਸ, ਲੇਲੇ, ਮੈਡੀਕਲ ਉਪਕਰਣ, ਸੈਲਮਨ, ਇਲੈਕਟ?ਰੀਕਲ ਮਸ਼ੀਨਰੀ, ਸਾਫਟ ਡਰਿੰਕਸ, ਚਾਕਲੇਟ ਅਤੇ ਬਿਸਕੁਟ ਸ਼ਾਮਲ ਹਨ। ਭਾਰਤ ਵਿੱਚ ਯੂਕੇ ਦੀਆਂ ਲਗਜ਼ਰੀ ਕਾਰਾਂ, ਬ੍ਰਾਂਡ ਵਾਲੇ ਕੱਪੜੇ ਅਤੇ ਜੁੱਤੇ ਸਸਤੇ ਹੋ ਸਕਦੇ ਹਨ। ਇਸ ਸਮਝੌਤੇ ਤੋਂ ਬਾਅਦ, ਭਾਰਤ ਵੱਲੋਂ ਆਯਾਤ ਕੀਤੀ ਵਿਸਕੀ ਅਤੇ ਜਿਨ 'ਤੇ ਟੈਰਿਫ 150% ਤੋਂ ਘਟਾ ਕੇ 75% ਕਰ ਦਿੱਤਾ ਜਾਵੇਗਾ। ਬਾਅਦ ਵਿੱਚ ਇਸਨੂੰ ਸਮਝੌਤੇ ਦੇ ਦਸਵੇਂ ਸਾਲ ਤੱਕ ਘਟਾ ਕੇ 40% ਕਰ ਦਿੱਤਾ ਜਾਵੇਗਾ। ਇਸ ਦੇ ਨਾਲ ਹੀ, ਆਟੋਮੋਟਿਵ 'ਤੇ



ਟੈਰਿਫ 100% ਤੋਂ ਘਟਾ ਕੇ 10% ਕਰ ਦਿੱਤਾ ਜਾਵੇਗਾ। ਬ੍ਰਿਟਿਸ਼ ਖਰੀਦਦਾਰਾਂ ਨੂੰ ਸਸਤੀਆਂ ਕੀਮਤਾਂ ਅਤੇ ਕੱਪੜੇ, ਜੁੱਤੀਆਂ ਅਤੇ ਭੋਜਨ ਉਤਪਾਦਾਂ ਸਮੇਤ ਹੋਰ ਵਧੇਰੇ ਵਿਕਲਪ ਮਿਲ ਸਕਦੇ ਹਨ ਜਿਸ ਵਿੱਚ ਫਰੋਜ਼ਨ ਝੀਂਗੇ ਸ਼ਾਮਲ ਹਨ ਕਿਉਂਕਿ ਯੂਕੇ ਟੈਰਿਫ ਨੂੰ ਉਦਾਰ ਬਣਾਉਂਦਾ ਹੈ। ਇਸ ਸੌਦੇ ਨਾਲ ਲੰਬੇ ਸਮੇਂ ਵਿੱਚ ਹਰ ਸਾਲ ਦੁਵੱਲੇ ਵਪਾਰ ਵਿੱਚ 25.5 ਬਿਲੀਅਨ ਯੂਰੋ, ਯੂਕੇ ਜੀਡੀਪੀ ਵਿੱਚ 4.8 ਬਿਲੀਅਨ ਯੂਰੋ ਅਤੇ ਤਨਖਾਹ ਵਿੱਚ 2.2 ਬਿਲੀਅਨ ਯੂਰੋ ਦਾ ਵਾਧਾ ਹੋਣ ਦੀ ਉਮੀਦ ਹੈ। ਭਾਰਤ ਦੇ ਵਿਸ਼ਾਲ ਬਾਜ਼ਾਰ ਵਿੱਚ ਦਾਖਲ ਹੋਣ 'ਤੇ ਯੂਕੇ ਦੇ ਕਾਰੋਬਾਰ ਅੰਤਰਰਾਸ਼ਟਰੀ ਪ੍ਰਤੀਯੋਗੀਆਂ ਉੱਤੇ ਇੱਕ ਮੁਕਾਬਲੇਬਾਜ਼ੀ ਪ੍ਰਾਪਤ ਕਰਦੇ ਹਨ ਕਿਉਂਕਿ ਇਹ ਹੋਰ ਵੀ ਵੱਡਾ ਹੁੰਦਾ ਜਾਂਦਾ ਹੈ, ਤਿੰਨ ਸਾਲਾਂ ਦੇ ਅੰਦਰ ਤੀਜੀ ਸਭ ਤੋਂ ਵੱਡੀ ਵਿਸ਼ਵ ਅਰਥਵਿਵਸਥਾ ਬਣਨ ਦੀ ਭਵਿੱਖਬਾਣੀ ਕੀਤੀ ਜਾਂਦੀ ਹੈ। ਵਪਾਰ ਅਤੇ ਵਪਾਰ ਸਕੱਤਰ ਜੋਨਾਥਨ ਰੇਨੋਲਡਸ ਅਤੇ ਭਾਰਤੀ ਵਣਜ ਮੰਤਰੀ ਪਿਊਸ਼ ਗੋਇਲ ਨੇ ਪਿਛਲੇ ਹਫ਼ਤੇ ਲੰਡਨ ਵਿੱਚ ਅੰਤਿਮ ਗੱਲਬਾਤ ਕੀਤੀ ਸੀ, ਜਿਸ ਤੋਂ ਬਾਅਦ ਸਿਰਫ਼ ਦੋ ਮਹੀਨੇ ਪਹਿਲਾਂ ਗੱਲਬਾਤ ਦੁਬਾਰਾ ਸ਼ੁਰੂ ਹੋਈ ਸੀ। ਦੋਵਾਂ ਪਾਸਿਆਂ ਦੇ ਵਾਰਤਾਕਾਰ ਫਰਵਰੀ ਤੋਂ ਇਸ ਸੌਦੇ ਨੂੰ ਪੂਰਾ ਕਰਨ ਲਈ ਦਿਨ-ਰਾਤ ਕੰਮ ਕਰ ਰਹੇ ਹਨ, ਜੋ ਕਿ ਯੂਰਪੀ ਸੰਘ ਛੱਡਣ ਤੋਂ ਬਾਅਦ ਯੂਕੇ ਵੱਲੋਂ ਕੀਤਾ ਗਿਆ ਸਭ ਤੋਂ ਵੱਡਾ ਅਤੇ ਆਰਥਿਕ ਤੌਰ 'ਤੇ ਮਹੱਤਵਪੂਰਨ ਦੁਵੱਲਾ ਵਪਾਰ ਸੌਦਾ ਹੈ, ਅਤੇ ਭਾਰਤ ਵੱਲੋਂ ਹੁਣ ਤੱਕ ਦਾ ਸਭ ਤੋਂ ਵਧੀਆ ਸੌਦਾ ਹੈ। ਪ੍ਰਧਾਨ ਮੰਤਰੀ ਕੀਰ ਸਟਾਰਮਰ ਨੇ ਕਿਹਾ: "ਅਸੀਂ ਹੁਣ ਵਪਾਰ ਅਤੇ ਆਰਥਿਕਤਾ ਲਈ ਇੱਕ ਨਵੇਂ ਯੁੱਗ ਵਿੱਚ ਹਾਂ। ਇਸਦਾ ਮਤਲਬ ਹੈ ਕਿ ਯੂਕੇ ਦੀ ਆਰਥਿਕਤਾ ਨੂੰ ਮਜ਼ਬੂਤ ??ਕਰਨ ਲਈ ਹੋਰ ਤੇਜ਼ੀ ਨਾਲ ਅੱਗੇ ਵਧਣਾ, ਕੰਮ ਕਰਨ ਵਾਲੇ ਲੋਕਾਂ ਦੀਆਂ ਜੇਬਾਂ ਵਿੱਚ ਵਧੇਰੇ ਪੈਸਾ ਪਾਉਣਾ। "ਇਸ ਸਰਕਾਰ ਦੀ ਸਥਿਰ ਅਤੇ ਵਿਹਾਰਕ ਲੀਡਰਸ਼ਿਪ ਦੁਆਰਾ, ਯੂਕੇ ਕਾਰੋਬਾਰ ਕਰਨ ਲਈ ਇੱਕ ਆਕਰਸ਼ਕ ਸਥਾਨ ਬਣ ਗਿਆ ਹੈ। ਅੱਜ ਅਸੀਂ ਭਾਰਤ ਨਾਲ ਇੱਕ ਇਤਿਹਾਸਕ ਸੌਦੇ 'ਤੇ ਸਹਿਮਤ ਹੋਏ ਹਾਂ - ਦੁਨੀਆ ਦੀ ਸਭ ਤੋਂ ਤੇਜ਼ੀ ਨਾਲ ਵਧ ਰਹੀ ਅਰਥਵਿਵਸਥਾਵਾਂ ਵਿੱਚੋਂ ਇੱਕ, ਜੋ ਅਰਥਵਿਵਸਥਾ ਨੂੰ ਵਧਾਏਗਾ ਅਤੇ ਬ੍ਰਿਟਿਸ਼ ਲੋਕਾਂ ਅਤੇ ਕਾਰੋਬਾਰ ਲਈ ਪ੍ਰਦਾਨ ਕਰੇਗਾ। "ਸਾਡੇ ਗੱਠਜੋੜਾਂ ਨੂੰ ਮਜ਼ਬੂਤ ??ਕਰਨਾ ਅਤੇ ਦੁਨੀਆ ਭਰ ਦੀਆਂ ਅਰਥਵਿਵਸਥਾਵਾਂ ਨਾਲ ਵਪਾਰਕ ਰੁਕਾਵਟਾਂ ਨੂੰ ਘਟਾਉਣਾ ਸਾਡੇ ਬਦਲਾਅ ਯੋਜਨਾ ਦਾ ਹਿੱਸਾ ਹੈ ਤਾਂ ਜੋ ਘਰ ਵਿੱਚ ਇੱਕ ਮਜ਼ਬੂਤ ??ਅਤੇ ਵਧੇਰੇ ਸੁਰੱਖਿਅਤ ਅਰਥਵਿਵਸਥਾ ਪ੍ਰਦਾਨ ਕੀਤੀ ਜਾ ਸਕੇ। ਵਪਾਰ ਅਤੇ ਵਪਾਰ ਸਕੱਤਰ ਜੋਨਾਥਨ ਰੇਨੋਲਡਸ ਨੇ ਕਿਹਾ: "ਇਸ ਸਰਕਾਰ ਦਾ ਨੰਬਰ ਇੱਕ ਮਿਸ਼ਨ ਸਾਡੀ ਤਬਦੀਲੀ ਯੋਜਨਾ ਦੇ ਹਿੱਸੇ ਵਜੋਂ ਅਰਥਵਿਵਸਥਾ ਨੂੰ ਵਧਾਉਣਾ ਹੈ ਤਾਂ ਜੋ ਅਸੀਂ ਲੋਕਾਂ ਦੀਆਂ ਜੇਬਾਂ ਵਿੱਚ ਹੋਰ ਪੈਸਾ ਪਾ ਸਕੀਏ। "ਦੁਨੀਆ ਦੀ ਸਭ ਤੋਂ ਤੇਜ਼ੀ ਨਾਲ ਵਧ ਰਹੀ ਅਰਥਵਿਵਸਥਾ ਨਾਲ ਇੱਕ ਨਵਾਂ ਵਪਾਰ ਸਮਝੌਤਾ ਕਰਕੇ, ਅਸੀਂ ਹਰ ਸਾਲ ਯੂਕੇ ਦੀ ਆਰਥਿਕਤਾ ਅਤੇ ਤਨਖਾਹਾਂ ਲਈ ਅਰਬਾਂ ਪ੍ਰਦਾਨ ਕਰ ਰਹੇ ਹਾਂ ਅਤੇ ਦੇਸ਼ ਦੇ ਹਰ ਕੋਨੇ ਵਿੱਚ ਵਿਕਾਸ ਨੂੰ ਅਨਲੌਕ ਕਰ ਰਹੇ ਹਾਂ, ਉੱਤਰ ਪੂਰਬ ਵਿੱਚ ਉੱਨਤ ਨਿਰਮਾਣ ਤੋਂ ਲੈ ਕੇ ਸਕਾਟਲੈਂਡ ਵਿੱਚ ਵਿਸਕੀ ਡਿਸਟਿਲਰੀਆਂ ਤੱਕ। "ਵਿਸ਼ਵਵਿਆਪੀ ਅਨਿਸ਼ਚਿਤਤਾ ਦੇ ਸਮੇਂ, ਵਿਸ਼ਵ ਵਪਾਰ ਲਈ ਇੱਕ ਵਿਹਾਰਕ ਪਹੁੰਚ ਜੋ ਕਾਰੋਬਾਰਾਂ ਅਤੇ ਖਪਤਕਾਰਾਂ ਨੂੰ ਸਥਿਰਤਾ ਪ੍ਰਦਾਨ ਕਰਦੀ ਹੈ, ਪਹਿਲਾਂ ਨਾਲੋਂ ਕਿਤੇ ਜ਼ਿਆਦਾ ਮਹੱਤਵਪੂਰਨ ਹੈ। ਭਾਰਤੀ ਵਿਰਾਸਤ ਵਾਲੇ ਘੱਟੋ-ਘੱਟ 1.9 ਮਿਲੀਅਨ ਲੋਕ ਯੂਕੇ ਨੂੰ ਆਪਣਾ ਘਰ ਕਹਿੰਦੇ ਹਨ ਅਤੇ ਇਸ ਸਮਝੌਤੇ ਨੂੰ ਪੂਰਾ ਕਰਨ ਨਾਲ ਸਾਡੇ ਦੋ ਲੋਕਤੰਤਰਾਂ ਵਿਚਕਾਰ ਮਹੱਤਵਪੂਰਨ ਭਾਈਵਾਲੀ ਮਜ਼ਬੂਤ ??ਹੋਵੇਗੀ।